ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 4 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੨੨ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸੰਗਰੂਰ ਤੋਂ ਟਿਕਟ ਨਾ ਮਿਲਣ 'ਤੇ ਫਿਰ ਝਲਕਿਆ ਢੀਂਡਸਾ ਦਾ ਦਰਦ

**ਚੰਡੀਗੜ੍ਹ, 3 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਖਜ਼ਾਨਾ



ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਇਕ ਸਮਾਗਮ ਵਿਚ ਸ਼ਿਰਕਤ ਕਰਨ ਉਪਰੰਤ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਬੇਸ਼ੱਕ ਪਾਰਟੀ ਨੇ ਉਨ੍ਹਾਂ ਨੂੰ ਲੋਕ ਸਭਾ ਹਲਕਾ ਸੰਗਰੂਰ ਤੋਂ ਟਿਕਟ ਨਹੀਂ ਦਿੱਤੀ ਪਰ ਬਾਵਜੂਦ ਇਸ ਦੇ ਉਹ ਅਕਾਲੀ ਹਨ ਅਤੇ ਅਕਾਲੀ ਹੀ ਰਹਿਣਗੇ ਪਰ ਪਾਰਟੀ ਪ੍ਰਤੀ ਜੋ ਉਨ੍ਹਾਂ ਦੀ ਨਾਰਾਜ਼ਗੀ ਹੈ, ਉਹ ਬਰਕਰਾਰ ਰਹੇਗੀ। ਉਹ ਨਾ ਤਾਂ ਪਾਰਟੀ ਉਮੀਦਵਾਰ ਦੇ ਹੱਕ ਵਿਚ ਕੋਈ ਚੋਣ ਪ੍ਰਚਾਰ ਕਰਨਗੇ ਅਤੇ ਨਾ ਹੀ ਪਾਰਟੀ ਦੇ ਉਮੀਦਵਾਰ ਦਾ ਕੋਈ ਵਿਰੋਧ ਕਰਨਗੇ। ਉਨ੍ਹਾਂ ਗਿਲਾ ਕਰਦਿਆਂ ਕਿਹਾ ਕਿ ਪਾਰਟੀ ਅਤੇ ਸੁਖਬੀਰ ਬਾਦਲ ਨੇ ਉਨ੍ਹਾਂ ਦੀ ਕੋਈ ਕਦਰ ਨਹੀਂ ਪਾਈ, ਜੋ ਸਹਿਣਯੋਗ ਨਹੀਂ ਹੈ। ਸਿਰਫ ਟਿਕਟ ਨਾ ਦੇਣਾ ਮੁੱਦਾ ਨਹੀਂ ਬਲਕਿ ਹੋਰ ਵੀ ਬਹੁਤ ਅਜਿਹੇ ਮੁੱਦੇ ਹਨ ਜਿਨ੍ਹਾਂ ਦਾ ਜਨਤਕ ਤੌਰ 'ਤੇ ਖੁਲਾਸਾ ਨਹੀਂ ਕੀਤਾ ਜਾ ਸਕਦਾ ਪਰ ਜਦੋਂ ਮੌਕਾ ਮਿਲਿਆ ਤਾਂ ਉਹ ਪਾਰਟੀ ਪੱਧਰ ਤੇ ਉਠਾ ਕੇ ਆਪਣਾ ਪੱਖ ਰੱਖਣਗੇ।

## ਸੁਪਰੀਮ ਕੋਰਟ ਵਿੱਚ ਹੋਇਆ ਵੱਡਾ ਖੁਲਾਸਾ

# ਸਿੱਧੂ ਮੂਸੇਵਾਲਾ ਦੇ ਕਤਲ ਲਈ 'ਸਰਕਾਰ ਜ਼ਿੰਮੇਵਾਰ'?

**ਚੰਡੀਗੜ੍ਹ, 3 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੀ ਮੌਤ ਨੂੰ ਲੈ ਕੇ ਵੱਡਾ ਖੁਲਾਸਾ ਹੋਇਆ ਹੈ। ਜਿਸ ਵਿੱਚ ਦੱਸਿਆ ਗਿਆ ਹੈ ਕਿ ਸੁਰੱਖਿਆ ਘਟਾਉਣ ਕਰਕੇ ਹੀ ਹੋਈ ਸਿੱਧੂ ਮੂਸੇਵਾਲਾ ਦੀ ਮੌਤ। ਇਸ ਨੂੰ ਲੈ ਕੇ ਹੁਣ ਸਿਆਸਤ ਦੇ ਗਲਿਆਰਿਆਂ ਦੇ ਵਿੱਚ ਚਰਚਾ ਛਿੜ ਗਈ ਹੈ। ਬਿਮਕਰਮਜੀਤ ਮਜੀਠਿਆ ਵੱਲੋਂ ਆਪ ਸਰਕਾਰ ਉੱਤੇ ਨਿਸ਼ਾਨਾ ਸਾਧਿਆ ਹੈ। ਮਜੀਠਿਆ ਨੇ ਐਕਸ ਉੱਤੇ ਪੋਸਟ ਕਰਦੇ ਹੋਏ ਲਿਖਿਆ ਹੈ- 'ਅੱਜ ਜਦ ਸੀ. ਐਮ. ਦੇ ਘਰ ਦੇ ਸਾਹਮਣੇ ਵਾਲੀ ਸੜਕ ਆਮ ਲੋਕਾਂ ਦੀ ਆਵਾਜਾਈ ਲਈ ਖੋਲਣ ਲਈ ਮਾਨਯੋਗ ਸੁਪਰੀਮ ਕੋਰਟ ਵਿਚ ਐਡਵੋਕੇਟ ਜਨਰਲ ਗੁਰਵਿੰਦਰ ਸਿੰਘ ਸਰਕਾਰ ਵੱਲੋ ਹਾਜ਼ਰ ਹੋਏ ਅਤੇ ਉਹਨਾਂ ਨੇ ਇਹ ਕਬੂਲ ਕੀਤਾ ਕਿ ਮਸ਼ਹੂਰ ਪੰਜਾਬੀ ...ਗਾਇਕ ਮਰਹੂਮ ਸਿੱਧੂ ਮੂਸੇਵਾਲਾ ਦੀ ਸੁਰੱਖਿਆ ਘਟਾਉਣੀ ਉਸ ਦੀ ਮੌਤ ਦਾ ਕਾਰਨ ਬਣੀ। ਜਦ ਹੁਣ ਪੰਜਾਬ ਸਰਕਾਰ ਮਨ ਰਹੀ ਹੈ ਕਿ ਸਿੱਧੂ ਮੂਸੇਵਾਲਾ ਦੀ ਸੁਰੱਖਿਆ ਘਟਾਉਣਾ ਉਸ ਦੀ ਮੌਤ ਦਾ ਕਾਰਨ ਬਣਿਆ ਤੇ ਜਿਨਾਂ ਨੇ ਏਜੰਸੀਆਂ ਦੇ ਸਾਵਧਾਨ ਕਰਨ ਦੇ ਬਾਵਜੂਦ ਵੀ ਸੁਰੱਖਿਆ ਘੱਟ ਕੀਤੀ ਅਤੇ ਜਿਸ ਨੇ ਇਸ ਸੰਵੇਦਨਸ਼ੀਲ ਜਾਣਕਾਰੀ ਨੂੰ ਜਨਤਕ ਕੀਤਾ ਉਹਨਾਂ ਤੇ ਪਰਚਾ ਦਰਜ ਹੋਵੇ। ਮੁੱਖ ਮੰਤਰੀ ਭਗਵੰਤ ਮਾਨ ਅਤੇ ਉਹਨਾਂ ਦੇ ਸਲਾਹਕਾਰ ਬਲਤੇਜ ਪੰਨੂ ਤੇ ਪਰਚਾ ਦਰਜ ਹੋਵੇ ਤਾਂ ਜੋ ਮਰਹੂਮ ਗਾਇਕ ਸਿੱਧੂ ਮੂਸੇਵਾਲਾ



ਨੂੰ ਇਨਸਾਫ਼ ਮਿਲ ਸਕੇ'। ਮਨਜਿੰਦਰ ਸਿੰਘ ਸਿਰਸਾ ਵੱਲੋਂ ਗੁੱਸਾ ਜ਼ਾਹਿਰ ਕਰਦੇ ਹੋਏ ਐਕਸ (ਪਹਿਲਾਂ ਟਵਿੱਟਰ) ਉੱਤੇ ਆਪ ਸਰਕਾਰ ਤੋਂ ਸਿੱਧੂ ਦੀ ਸੁਰੱਖਿਆ ਘਟਾਉਣ ਲੈ ਕੇ ਜਵਾਬ ਮੰਗਿਆ ਹੈ। ਉਨ੍ਹਾਂ ਨੇ ਲਿਖਿਆ ਹੈ- "ਪੰਜਾਬ ਪੁਲਿਸ ਦਾ ਅੱਜ ਸੁਪਰੀਮ ਕੋਰਟ ਵਿੱਚ ਦਾਖ਼ਲਾ ਹੈਰਾਨ ਕਰਨ ਵਾਲਾ ਖ਼ੁਲਾਸਾ ਹੈ। ਸਿੱਧੂ ਮੂਸੇਵਾਲਾ ਦਾ ਦਰਦਨਾਕ ਕਤਲ ਸੁਰੱਖਿਆ ਵਾਪਸ ਲੈਣ ਦਾ ਸਿੱਧਾ ਨਤੀਜਾ ਸੀ। ਇਹ ਸਪੱਸ਼ਟ ਹੈ। ਸੋਸ਼ਲ ਮੀਡੀਆ 'ਤੇ ਵੀ.ਆਈ.ਪੀ ਕਲਚਰ ਨੂੰ ਖਤਮ ਕਰਨ ਦੀ ਸ਼ੇਖੀ ਮਾਰਨ ਵਾਲੇ ਜਿੰਮੇਵਾਰ ਪੁਲਿਸ ਅਫਸਰਾਂ ਅਤੇ 'ਆਪ' ਆਗੂਆਂ ਖਿਲਾਫ ਜਲਦ ਤੋਂ ਜਲਦ ਮਾਮਲਾ ਦਰਜ ਕੀਤਾ ਜਾਵੇ। ਨਿਆਂ ਦਾ ਬੋਲਬਾਲਾ ਹੋਣਾ ਚਾਹੀਦਾ ਹੈ।'

## ਕੇਜਰੀਵਾਲ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਵੱਡੀ ਖ਼ਬਰ, ਸੁਪਰੀਮ ਕੋਰਟ ਨੇ ਈ. ਡੀ. ਨੂੰ ਦਿੱਤੇ ਇਹ ਆਦੇਸ਼

**ਨਵੀਂ ਦਿੱਲੀ, 3 ਮਈ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਨੂੰ ਕਿਹਾ ਕਿ ਉਹ ਲੋਕ ਸਭਾ ਚੋਣਾਂ ਕਾਰਨ ਆਬਕਾਰੀ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਅੰਤਰਿਮ ਜ਼ਮਾਨਤ ਪਟੀਸ਼ਨ 'ਤੇ ਦਲੀਲਾਂ ਸੁਣਨ 'ਤੇ ਵਿਚਾਰ ਕਰੇਗਾ। ਜੱਜ ਸੰਜੀਵ ਖੰਨਾ ਅਤੇ ਜੱਜ ਦੀਪਾਂਕਰ ਦੱਤਾ ਦੀ ਬੈਂਚ ਨੇ ਈ.ਡੀ. ਵਲੋਂ ਪੇਸ਼ ਐਡੀਸ਼ਨਲ ਸਾਲਿਸੀਟਰ ਜਨਰਲ ਐੱਸ.ਵੀ. ਰਾਜੂ ਨੂੰ ਕਿਹਾ ਕਿ ਗ੍ਰਿਫ਼ਤਾਰੀ ਖ਼ਿਲਾਫ਼ ਕੇਜਰੀਵਾਲ ਦੀ ਪਟੀਸ਼ਨ 'ਤੇ ਸੁਣਵਾਈ 'ਚ ਸਮੇਂ ਲਗਣ ਦੀ ਸੰਭਾਵਨਾ ਹੈ ਅਤੇ ਇਸ ਲਈ ਅਦਾਲਤ ਉਨ੍ਹਾਂ ਨੂੰ ਅੰਤਰਿਮ ਜ਼ਮਾਨਤ 'ਤੇ ਜਾਂਚ ਏਜੰਸੀ ਦੀ ਸੁਣਵਾਈ 'ਤੇ ਵਿਚਾਰ ਕਰ ਰਹੀ ਹੈ। ਰਾਜੂ ਨੇ ਕਿਹਾ ਕਿ ਉਹ ਕੇਜਰੀਵਾਲ ਦੀ ਅੰਤਰਿਮ ਜ਼ਮਾਨਤ ਦਾ ਵਿਰੋਧ ਕਰਨਗੇ। ਬੈਂਚ ਨੇ ਕਿਹਾ,"ਅਸੀਂ ਕਹਿ ਰਹੇ ਹਾਂ ਕਿ ਅਸੀਂ ਅੰਤਰਿਮ ਜ਼ਮਾਨਤ




'ਤੇ ਸੁਣਵਾਈ ਕਰਾਂਗੇ ਅਤੇ ਇਹ ਨਹੀਂ ਕਹਿ ਰਹੇ ਹਾਂ ਕਿ ਅਸੀਂ ਅੰਤਰਿਮ ਜ਼ਮਾਨਤ ਦੇਵਾਂਗੇ। ਅਸੀਂ ਅੰਤਰਿਮ ਜ਼ਮਾਨਤ ਦੇ ਵੀ ਸਕਦੇ ਹਾਂ ਅਤੇ ਨਹੀਂ ਵੀ।" ਸੁਪਰੀਮ ਕੋਰਟ ਨੇ ਰਾਜੂ ਨੂੰ 7 ਮਈ ਨੂੰ ਅੰਤਰਿਮ ਜ਼ਮਾਨਤ ਪਟੀਸ਼ਨ 'ਤੇ ਬਹਿਸ ਲਈ ਤਿਆਰ ਹੋ ਕੇ ਆਉਣ ਲਈ ਕਿਹਾ। ਬੈਂਚ ਈ.ਡੀ. ਵਲੋਂ ਉਨ੍ਹਾਂ ਦੀ ਗ੍ਰਿਫ਼ਤਾਰੀ ਨੂੰ ਚੁਣੌਤੀ ਦੇਣ ਵਾਲੀ ਕੇਜਰੀਵਾਲ ਦੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਫਿਲਹਾਲ ਨਿਆਇਕ ਹਿਰਾਸਤ ਦੇ ਅਧੀਨ ਤਿਹਾੜ ਜੇਲ੍ਹ 'ਚ ਬੰਦ ਹਨ।

## ਅਕਾਲੀ ਦਲ ਨੂੰ ਵੱਡਾ ਝਟਕਾ, ਤਲਬੀਰ ਸਿੰਘ ਗਿੱਲ ਆਮ ਆਦਮੀ ਪਾਰਟੀ 'ਚ ਸ਼ਾਮਲ

**ਅੰਮ੍ਰਿਤਸਰ, 3 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਦੱਸ ਦੇਈਏ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲਗਾ ਜਦੋਂ ਤਲਬੀਰ ਸਿੰਘ ਗਿੱਲ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ ਹਨ। ਜਿਸ ਤੋਂ ਬਾਅਦ ਆਮ ਆਦਮੀ ਪਾਰਟੀ ਦਾ ਪਰਿਵਾਰ ਹੋਰ ਮਜ਼ਬੂਤ ਹੋ ਗਿਆ ਹੈ। ਤਲਬੀਰ ਸਿੰਘ ਗਿੱਲ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਖੁਦ ਆਮ ਆਦਮੀ ਪਾਰਟੀ 'ਚ ਸ਼ਾਮਲ ਕਰਾਇਆ। ਤਲਬੀਰ ਗਿੱਲ ਸ਼੍ਰੋਮਣੀ ਅਕਾਲੀ ਦਲ ਦੇ ਅੰਮ੍ਰਿਤਸਰ ਦੱਖਣੀ ਤੋਂ ਹਲਕਾ ਇੰਚਾਰਜ ਹਨ ਅਤੇ ਉਹ 2022 'ਚ ਵਿਧਾਨਸਭਾ ਚੋਣ ਲੜ ਚੁੱਕੇ ਹਨ।

## ਸਲਮਾਨ ਦੇ ਘਰ ਗੋਲੀਬਾਰੀ ਕਰਨ ਵਾਲੇ ਮੁਲਜ਼ਮ ਵਲੋਂ ਖ਼ੁਦਕੁਸ਼ੀ ਕਰਨ ਦੇ ਮਾਮਲੇ 'ਚ ਨਵਾਂ ਮੋੜ, ਪਰਿਵਾਰ ਦੇ ਵੱਡੇ ਦੋਸ਼

**ਨਵੀਂ ਦਿੱਲੀ, 3 ਮਈ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਅਭਿਨੇਤਾ ਸਲਮਾਨ ਖਾਨ ਦੇ



ਘਰ ਗੋਲੀ ਚਲਾਉਣ ਵਾਲੇ ਮੁਲਜ਼ਮਾਂ ਵਿਚੋਂ ਇਕ ਅਨੁਜ ਥਾਪਨ ਦੇ ਖ਼ੁਦਕੁਸ਼ੀ ਕਰਨ ਦੀ ਖ਼ਬਰ ਨਾਲ ਉਸਦਾ ਪਰਿਵਾਰ ਸਦਮੇ ਵਿਚ ਹਨ। ਅਨੁਜ ਅਬੋਹਰ ਦੇ ਨੇੜਲੇ ਪਿੰਡ ਸੁਖਚੈਨ ਦਾ ਰਹਿਣ ਵਾਲਾ ਸੀ। ਉਸ ਦੇ ਪਿਤਾ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ। ਹੁਣ ਪਰਿਵਾਰ ਵਿਚ ਇਕ ਛੋਟਾ ਭਰਾ, ਇਕ ਭੈਣ ਅਤੇ ਮਾਂ ਹੈ। ਅਨੁਜ ਇਕ ਟਰੱਕ 'ਤੇ ਕਲੀਨਰ (ਸਹਾਇਕ) ਵਜੋਂ ਕੰਮ ਕਰਦਾ ਸੀ। ਇਸ 'ਤੇ ਪਰਿਵਾਰ ਦਾ ਗੁਜ਼ਾਰਾ ਚੱਲ ਰਿਹਾ ਸੀ। ਪਿੰਡ ਦੇ ਸਰਪੰਚ ਮਨੋਜ ਗੋਦਾਰਾ ਅਤੇ ਹੋਰ ਲੋਕਾਂ ਨੇ ਉਸ ਦੇ ਘਰ ਪਹੁੰਚ ਕੇ ਅਨੁਜ ਦੀ ਮਾਂ ਅਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਉਸ ਦੀ ਖ਼ੁਦਕੁਸ਼ੀ ਦੀ ਸੂਚਨਾ ਦਿੱਤੀ। ਅਬੋਹਰ 'ਚ ਬਿਸ਼ਨੋਈ ਭਾਈਚਾਰੇ ਨੇ 3 ਮਈ ਨੂੰ ਸੀਤੋ ਗੁੰਨੋ ਬਾਈਪਾਸ 'ਤੇ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਅਨੁਜ ਥਾਪਨ ਨੇ ਬੁੱਧਵਾਰ ਨੂੰ ਮੁੰਬਈ ਪੁਲਸ ਦੀ ਹਿਰਾਸਤ 'ਚ ਖ਼ੁਦਕੁਸ਼ੀ ਕਰ ਲਈ। ਉਸ ਨੇ ਮੁੰਬਈ ਪੁਲਸ ਹੈੱਡਕੁਆਰਟਰ ਦੇ ਟਾਇਲਟ 'ਚ ਚਾਦਰ ਨਾਲ ਫਾਹਾ ਲੈ ਲਿਆ। ਪੁਲਸ ਨੂੰ ਸਵੇਰੇ 11 ਵਜੇ ਫਾਹਾ ਲੈਣ ਦੀ ਸੂਚਨਾ ਮਿਲੀ। ਦੋਸ਼ੀ ਅਨੁਜ ਥਾਪਨ ਦੀ ਖ਼ੁਦਕੁਸ਼ੀ ਦੀ ਜਾਂਚ ਹੁਣ ਸਟੇਟ ਦੀ ਸੀ.ਆਈ.ਡੀ. ਨੂੰ ਸੌਂਪ ਦਿੱਤੀ ਗਈ ਹੈ। ਅਨੁਜ ਦੇ ਪਿੰਡ ਸੁਖਚੈਨ ਦੇ ਸਰਪੰਚ ਮਨੋਜ ਗੋਦਾਰਾ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਨੂੰ ਫੋਨ ਆਇਆ ਕਿ ਅਨੁਜ ਨੇ ਮੁੰਬਈ ਪੁਲਸ ਦੀ ਹਿਰਾਸਤ 'ਚ ਖ਼ੁਦਕੁਸ਼ੀ ਕਰ ਲਈ ਹੈ। ਜਦੋਂ ਅਨੁਜ ਦੇ ਪਰਿਵਾਰ ਵਾਲਿਆਂ ਨੇ ਉਨ੍ਹਾਂ ਕੋਲ ਆ ਕੇ ਉਕਤ ਫ਼ੋਨ ਨੰਬਰ 'ਤੇ ਫ਼ੋਨ ਕੀਤਾ ਤਾਂ ਪੁਲਸ ਨੇ ਉਨ੍ਹਾਂ ਨੂੰ ਸਪੱਸ਼ਟ ਤੌਰ 'ਤੇ ਕੁਝ ਨਹੀਂ ਦੱਸਿਆ। ਸਿਰਫ਼ ਆ ਕੇ ਲਾਸ਼ ਲੈਣ ਲਈ ਕਿਹਾ। ਮਨੋਜ ਗੋਦਾਰਾ ਨੇ ਦੱਸਿਆ ਕਿ ਅਨੁਜ ਦੇ ਪਰਿਵਾਰ ਕੋਲ ਸਿਰਫ਼ ਡੇਢ ਏਕੜ ਜ਼ਮੀਨ ਹੈ। ਉਹ ਮਜ਼ਦੂਰੀ ਕਰ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾਉਂਦਾ ਹੈ। ਮੁੰਬਈ ਪੁਲਸ ਉਸ ਨੂੰ ਪੰਜਾਬ ਦੇ ਟੋਲ ਪਲਾਜ਼ਾ 'ਤੇ ਟਰੱਕ ਤੋਂ ਉਤਾਰ ਕੇ ਆਪਣੇ ਨਾਲ ਲੈ ਗਈ। ਹੁਣ ਉਸ ਨੇ ਖ਼ੁਦਕੁਸ਼ੀ ਕਰ ਲਈ ਹੈ।

## ਪਾਕਿਸਤਾਨ 'ਚ ਬੱਸ ਹਾਦਸਾ, 20 ਦੀ ਮੌਤ, ਕਈ ਜ਼ਖ਼ਮੀ, ਬਚਾਅ ਕਾਰਜ ਜਾਰੀ



**ਇਸਲਾਮਾਬਾਦ, 3 ਮਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਪਹਾੜੀ ਇਲਾਕੇ 'ਚ ਅੱਜ ਤੜਕੇ ਵਾਪਰੇ ਹਾਦਸੇ ਦੌਰਾਨ ਇਕ ਬੱਸ ਬੇਕਾਬੂ ਹੋ ਕੇ ਖਾਈ 'ਚ ਜਾ ਡਿੱਗੀ। ਬੱਸ 'ਚ ਬੈਠੇ 20 ਲੋਕਾਂ ਦੀ ਮੌਤ ਹੋ ਗਈ, ਜਦਕਿ 21 ਲੋਕ ਅਜੇ ਵੀ ਜ਼ਖਮੀ ਹਨ। ਸ਼ੁੱਕਰਵਾਰ ਨੂੰ ਉੱਤਰ-ਪੱਛਮੀ ਪਾਕਿਸਤਾਨ ਦੇ ਗਿਲਗਿਤ-ਬਾਲਟਿਸਤਾਨ ਖੇਤਰ ਦੇ ਦਿਆਮੇਰ ਜ਼ਿਲ੍ਹੇ 'ਚ ਕਾਰਾਕੋਰਮ ਮਾਰਗ 'ਤੇ ਰਾਵਲਪਿੰਡੀ ਤੋਂ ਹੁੰਜ਼ਾ ਜਾ ਰਹੀ ਸੀ। ਸਵੇਰੇ ਸਾਢੇ ਪੰਜ ਵਜੇ ਦੇ ਕਰੀਬ ਡਰਾਈਵਰ ਦਾ ਵਾਹਨ ਤੋਂ ਕੰਟਰੋਲ ਖੋਹ ਗਿਆ, ਜਿਸ ਕਾਰਨ ਬੱਸ ਬੇਕਾਬੂ ਹੋਕੇ ਸਿੰਧ ਨਦੀ ਵਿੱਚ ਜਾ ਡਿੱਗੀ। ਬੱਸ 'ਚ ਸਵਾਰ ਕਈ ਲੋਕ ਜ਼ਖਮੀ ਹੋ ਗਏ। ਕਰੀਬ 15 ਲੋਕਾਂ ਨੂੰ ਨੇੜਲੇ ਹਸਪਤਾਲ 'ਚ ਭਰਤੀ ਕਰਵਾਇਆ ਗਿਆ। ਉਥੋਂ ਕਈ ਲਾਸ਼ਾਂ ਬਰਾਮਦ ਹੋਈਆਂ ਹਨ। ਸੂਤਰਾਂ ਦੀ ਮੰਨੀਏ ਤਾਂ ਮਰਨ ਵਾਲਿਆਂ 'ਚ ਤਿੰਨ ਔਰਤਾਂ ਵੀ ਸ਼ਾਮਲ ਹਨ। ਜ਼ਖਮੀਆਂ ਦੀ ਹਾਲਤ ਨਾਜ਼ੁਕ ਹੋਣ ਕਾਰਨ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ। ਬੱਸ 'ਚ ਹੁਣ ਤੱਕ 20 ਲੋਕਾਂ ਦੀ ਮੌਤ ਹੋ ਚੁੱਕੀ ਹੈ। ਫੌਜ ਦੇ ਹੈਲੀਕਾਪਟਰਾਂ ਰਾਹੀਂ ਬਚਾਅ ਕਾਰਜ ਕੀਤਾ ਗਿਆ। ਨਾਲ ਹੀ ਜ਼ਖਮੀਆਂ ਅਤੇ ਮ੍ਰਿਤਕਾਂ ਨੂੰ ਹਸਪਤਾਲ ਲਿਜਾਇਆ ਗਿਆ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ ਗਿਆ ਹੈ, ਬਚਾਅ ਕੰਮ ਜਾਰੀ ਹੈ। ਪ੍ਰਧਾਨ ਮੰਤਰੀ ਸ਼ਿਹਬਾਜ਼ ਸ਼ਰੀਫ਼ ਨੇ ਮੌਤਾਂ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਅਤੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਜ਼ਖਮੀਆਂ ਨੂੰ "ਹਰ ਸੰਭਵ ਡਾਕਟਰੀ ਇਲਾਜ" ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਗ੍ਰਹਿ ਮੰਤਰੀ ਮੋਹਸਿਨ ਨਕਵੀ ਨੇ ਵੀ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਅਤੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਅਰਦਾਸ ਕੀਤੀ। ਗਿਲਗਿਤ-ਬਾਲਟਿਸਤਾਨ ਦੇ ਮੁੱਖ ਮੰਤਰੀ ਹਾਜੀ ਗੁਲਬਰ ਖਾਨ ਨੇ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ ਅਤੇ ਪ੍ਰਸ਼ਾਸਨ ਨੂੰ ਜ਼ਖਮੀਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਹਨ। ਗਿਲਗਿਤ-ਬਾਲਟਿਸਤਾਨ ਸਰਕਾਰ ਦੇ ਬੁਲਾਰੇ ਫੈਜ਼ੁੱਲਾਹ ਫਾਰਾਕ ਨੇ ਦੱਸਿਆ ਕਿ ਹਾਦਸੇ ਤੋਂ ਬਾਅਦ ਚਿਲਾਸ ਹਸਪਤਾਲ 'ਚ ਐਮਰਜੈਂਸੀ ਦੀ ਘੋਸ਼ਣਾ ਕਰ ਦਿੱਤੀ ਗਈ ਹੈ।

## 'ਭਾਜਪਾ ਹੁਣ ਭਾਰਤੀ ਜਨਤਾ ਪਾਰਟੀ ਨਹੀਂ ਸਗੋਂ ਬਲਾਤਕਾਰੀ ਜਨਤਾ ਪਾਰਟੀ ਬਣ ਗਈ'





**ਨਵੀਂ ਦਿੱਲੀ, 3 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਮਹਿਲਾ ਕੁਸ਼ਤੀ ਪਹਿਲਵਾਨਾਂ ਦੇ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਵਿੱਚ ਘਿਰੇ ਭਾਰਤੀ ਜਨਤਾ ਪਾਰਟੀ ਦੇ ਸੰਸਦ ਮੈਂਬਰ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਪੁੱਤਰ ਅਤੇ ਸਾਬਕਾ ਪ੍ਰਧਾਨ ਮੰਤਰੀ ਐਚਡੀ ਦੇਵਗੌੜਾ ਦੇ ਪੋਤੇ ਐਚਡੀ ਰੇਵੰਨਾ ਨੂੰ ਸੈਂਕੜੇ ਔਰਤਾਂ ਦੇ ਨਾਲ ਜਿਨਸੀ ਸ਼ੋਸ਼ਣ ਕਰਨ ਦੇ ਮੁੱਦੇ 'ਤੇ ਆਮ ਆਦਮੀ ਪਾਰਟੀ (ਆਪ) ਨੇ ਭਾਜਪਾ 'ਤੇ ਤਿੱਖਾ ਹਮਲਾ ਕੀਤਾ ਹੈ। ਸ਼ੁੱਕਰਵਾਰ ਨੂੰ 'ਆਪ' ਪੰਜਾਬ ਦੇ ਸੀਨੀਅਰ ਆਗੂ ਅਤੇ ਬੁਲਾਰੇ ਨੀਲ ਗਰਗ ਨੇ ਕਿਹਾ ਕਿ ਭਾਜਪਾ ਤੋਂ ਸਿਰਫ਼ ਦੇਸ਼ ਦੇ ਸੰਵਿਧਾਨ ਨੂੰ ਖ਼ਤਰਾ ਹੀ ਨਹੀਂ ਹੈ, ਦੇਸ਼ ਦੀਆਂ ਔਰਤਾਂ ਨੂੰ ਵੀ ਉਸ ਤੋਂ ਖਤਰਾ ਹੈ। ਭਾਜਪਾ ਹੁਣ ਭਾਰਤੀ ਜਨਤਾ ਪਾਰਟੀ ਨਹੀਂ ਰਹੀ, ਇਹ ਹੁਣ ਬਲਾਤਕਾਰੀ ਜਨਤਾ ਪਾਰਟੀ ਬਣ ਗਈ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਭਾਜਪਾ ਬੇਟੀ ਬਚਾਓ ਬੇਟੀ ਪੜ੍ਹਾਓ ਦਾ ਨਾਅਰਾ ਦਿੰਦੀ ਹੈ ਅਤੇ ਦੂਜੇ ਪਾਸੇ ਔਰਤਾਂ ਦਾ ਜਿਨਸੀ ਸ਼ੋਸ਼ਣ ਕਰਨ ਵਾਲੇ ਲੋਕਾਂ ਨੂੰ ਲੋਕ ਸਭਾ ਦੀਆਂ ਟਿਕਟਾਂ ਦੇ ਕੇ ਉਤਸ਼ਾਹਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਮਹਿਲਾ ਪਹਿਲਵਾਨਾਂ ਨੇ ਬ੍ਰਿਜ ਭੂਸ਼ਣ ਸ਼ਰਨ ਸਿੰਘ ਦਾ ਕਈ ਮਹੀਨਿਆਂ ਤੱਕ ਵਿਰੋਧ ਕੀਤਾ, ਪਰ ਭਾਜਪਾ ਨੇ ਉਨ੍ਹਾਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ। ਨਾ ਤਾਂ ਕਿਸੇ ਭਾਜਪਾ ਆਗੂ ਨੇ, ਨਾ ਕਿਸੇ ਮੰਤਰੀ ਨੇ, ਨਾ ਹੀ ਪ੍ਰਧਾਨ ਮੰਤਰੀ ਨੇ ਬ੍ਰਿਜ ਭੂਸ਼ਣ ਸਿੰਘ ਵਿਰੁੱਧ ਇੱਕ ਵੀ ਸ਼ਬਦ ਬੋਲਿਆ। ਹੁਣ ਇਸ ਦੇ ਉਲਟ ਉਨ੍ਹਾਂ ਦੇ ਪੁੱਤਰ ਨੂੰ ਲੋਕ ਸਭਾ ਦੀ ਟਿਕਟ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਬ੍ਰਿਜਭੂਸ਼ਨ ਸ਼ਰਨ ਸਿੰਘ ਦੇ ਪੁੱਤਰ ਨੂੰ ਲੋਕ ਸਭਾ ਟਿਕਟ ਦੇਣਾ ਦੇਸ਼ ਦੀਆਂ ਮਹਿਲਾ ਪਹਿਲਵਾਨਾਂ ਦਾ ਹੀ ਅਪਮਾਨ ਨਹੀਂ ਹੈ, ਸਗੋਂ ਇਹ ਭਾਰਤ ਦੀਆਂ ਸਮੂਹ ਔਰਤਾਂ ਦਾ ਅਪਮਾਨ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਜਨਤਾ ਭਾਜਪਾ ਦੀਆਂ ਹਰਕਤਾਂ ਨੂੰ ਦੇਖ ਰਹੀ ਹੈ। ਇਸ ਚੋਣ ਵਿੱਚ ਦੇਸ਼ ਦੇ ਲੋਕ ਖਾਸ ਕਰਕੇ ਔਰਤਾਂ ਭਾਜਪਾ ਨੂੰ ਕਰਾਰਾ ਜਵਾਬ ਦੇਣਗੀਆਂ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI




*ਸਾਬਤ ਸੂਰਤਿ ਦਸਤਾਰ ਸਿਰਾ*

## ਦਸਤਾਰਾਂ ਹੀ ਦਸਤਾਰਾਂ



## ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

## ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤ੍ਰ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੈਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ
ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ
9ਵੀਂ, 10ਵੀਂ, +1 +2, ਬੀ.ਏ., ਐਮ.ਏ. ਦਾਖਲੇ ਸ਼ੁਰੂ ਹਨ
ਜਾਰੀ ਕਰਤਾ:
ਖਾਲਸਾ ਅਕੈਡਮੀ
ਨਰਸਰੀ ਤੋਂ +2 ਤੱਕ
ਖਾਲਸਾ ਪ੍ਰੀਮੀਅਮ ਸਕੂਲ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਗੁਰਬਾਣੀ ਸਿੱਖਿਆ
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626





ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

**ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥**

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਅਵਤਾਰ ਪੁਰਬ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਅਤੇ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ਸ਼੍ਰੀ ਮੁਕਤਸਰ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਭਾਰਤ ਦੀ ਕਾਂਗਰਸ ਸਰਕਾਰ ਨੇ ਜੂਨ 1984 ਘੱਲੂਘਾਰੇ 'ਤੇ ਕੀਤੇ ਸ਼ਹੀਦ ਸਿੰਘ ਸਿੰਘਣੀਆਂ ਭੁਜੰਗੀਆਂ ਦੀ ਸ਼ਹੀਦੀ ਨੂੰ ਸਮਰਪਿਤ 40 ਦਿਨ ਹਰ ਰੋਜ ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ ਨੂੰ 7 ਤੋਂ 8 ਵਜੇ ਤੱਕ ਵਾਹਿਗੁਰੂ ਦਾ ਅਭਿਆਸ ਸਿਮਰਨ ਹੋਵੇਗਾ।

ਸ਼ਨਿੱਚਰਵਾਰ 4 ਮਈ ਸ਼ਾਮ 5 ਤੋਂ 6 ਵਜੇ ਤੱਕ ਵਾਹਿਗੁਰੂ ਸਿਮਰਨ 6 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 5 ਮਈ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ। ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਮਨਜੀਤ ਸਿੰਘ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--

**ਜਥੇਬੰਦੀ ਦਮਦਮੀ ਟਕਸਾਲ ਭਿੰਡਰਾਂਵਾਲੇ**

### ਸੰਧੂ ਸਮੁੰਦਰੀ ਦੇ ਉੱਦਮਾਂ ਸਦਕਾ 'ਵਿਕਸਿਤ ਅੰਮ੍ਰਿਤਸਰ ਇਨਵੈਸਟਮੈਂਟ' ਨੇ ਅੰਮ੍ਰਿਤਸਰ 'ਚ

# ਨੌਜਵਾਨਾਂ ਦੇ ਸਟਾਰਟ-ਅੱਪ ਲਈ 800 ਕਰੋੜ ਰੁਪਏ ਤੋਂ ਵੱਧ ਦੀ ਰਕਮ ਜੁਟਾਈ

**ਅੰਮ੍ਰਿਤਸਰ, 3 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਵੱਲੋਂ ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਸਮਰੱਥ ਬਣਾਉਣ ਦੀ ਸ਼ੁਰੂ ਕੀਤੀ ਗਈ ਕਵਾਇਦ ਦੇ ਨਤੀਜੇ ਆਉਣੇ ਸ਼ੁਰੂ ਹੋ ਗਏ ਹਨ। ਇਹ ਸ਼ਹਿਰ ਲਈ ਇਕ ਵੱਡੀ ਪ੍ਰਾਪਤੀ ਹੈ ਕਿ ਸੰਧੂ ਸਮੁੰਦਰੀ ਦੇ ਉੱਦਮਾਂ ਸਦਕਾ ਅੰਮ੍ਰਿਤਸਰ ਵਿਚ 2 ਅਪ੍ਰੈਲ ਨੂੰ ਭਾਰਤ-ਅਮਰੀਕਾ ਰਣਨੀਤਕ ਭਾਈਵਾਲੀ ਫੋਰਮ ਅਤੇ ਫਿੱਕੀ ਦੇ ਸਹਿਯੋਗ ਨਾਲ ਕਰਾਏ ਗਏ ਅਮਰੀਕਾ ਭਾਰਤ ਸਿਖਿਆ ਅਤੇ ਵਪਾਰ ਸੰਮੇਲਨ 2024 ਦੌਰਾਨ ਲਏ ਗਏ ਫ਼ੈਸਲਿਆਂ ਦੀ ਰੋਸ਼ਨੀ ਵਿਚ ਅਮਰੀਕੀ ਨਾਗਰਿਕਾਂ ਅਤੇ ਪ੍ਰਵਾਸੀ ਭਾਰਤੀ ਭਾਈਚਾਰੇ ਵੱਲੋਂ ਇਕ 'ਵਿਕਸਿਤ ਅੰਮ੍ਰਿਤਸਰ ਇਨਵੈਸਟਮੈਂਟ (ਐਲ ਐਲ ਸੀ)' ਦਾ ਗਠਨ ਕੀਤਾ ਗਿਆ। ਜਿਸ ਦਾ ਉਦੇਸ਼ ਅੰਮ੍ਰਿਤਸਰ ਵਿੱਚ ਨੌਜਵਾਨ ਉੱਦਮੀਆਂ ਨੂੰ ਰੋਜ਼ਗਾਰ ਅਤੇ ਆਪਣਾ ਸਟਾਰਟ-ਅੱਪ ਸ਼ੁਰੂ ਕਰਨ ਦੀ ਇੱਕ ਨਿਵੇਸ਼ ਪਹਿਲਕਦਮੀ ਹੈ। ਜਿਸ ਤਹਿਤ ਵੀ.ਏ.ਆਈ. ਵੱਲੋਂ ਇਕ ਸੌ ਮਿਲੀਅਨ ਡਾਲਰ ਭਾਵ ਕਿ 800 ਕਰੋੜ ਤੋਂ ਵੱਧ ਦੀ ਰਕਮ ਜੁਟਾਈ ਗਈ ਹੈ।



ਅੱਜ ਸਮੁੰਦਰੀ ਹਾਊਸ ਗਰੀਨ ਐਵਿਨਿਊ ਵਿਖੇ ਇਸ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਦੱਸਿਆ ਕਿ ਉਕਤ ਪ੍ਰਾਪਤੀ ਦੇ ਮੁੱਖ ਸੂਤਰਧਾਰ ਅਮਰੀਕਾ 'ਚ ਅੰਮ੍ਰਿਤਸਰ ਮੂਲ ਦੇ ਨਾਮਵਰ ਕਾਰਡੀਅਕ ਸਰਜਨ ਡਾ. ਸੰਜੀਵ ਲਖਨਪਾਲ ਅਤੇ ਸੰਯੁਕਤ ਰਾਜ-ਭਾਰਤ ਰਣਨੀਤਕ ਭਾਈਵਾਲੀ ਫੋਰਮ (ਯੂਐਸਆਈਐਸਪੀਐਫ) ਦੇ ਸੀਈਓ ਡਾ. ਮੁਕੇਸ਼ ਆਘੀ ਅਤੇ ਫੈਡਰੇਸ਼ਨ ਆਨ ਇੰਡੀਅਨ ਚੈਂਬਰ ਆਫ ਕਾਮਰਸ, ਐਂਡ ਇੰਡਸਟਰੀਜ਼ (ਫਿੱਕੀ) ਦੇ ਜਨਰਲ ਸਕੱਤਰ ਸ਼੍ਰੀ ਸ਼ੈਲੇਸ਼ ਕੁਮਾਰ ਦੀ ਸਾਂਝੇਦਾਰੀ ਵਿੱਚ ਅੰਮ੍ਰਿਤਸਰ ਵਿਖੇ ਪਿਛਲੇ ਮਹੀਨੇ ਆਯੋਜਿਤ ਬਿਜ਼ਨਸ ਕਨਕਲੇਵ ਦੇ ਸਿੱਟੇ ਵਜੋਂ ਹਾਸਲ ਹੋਈ ਹੈ। ਜਿਸ ਨਾਲ ਅੰਮ੍ਰਿਤਸਰ ਦੇ ਵਿੱਚ ਉਦਮਤਾ ਅਤੇ ਸਟਾਰਟ-ਅੱਪਸ ਨੂੰ ਉਤਸ਼ਾਹਿਤ ਕਰਕੇ ਹਲਕੇ ਦੇ ਵਿਕਾਸ ਅਤੇ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਇਸ ਤਹਿਤ ਖੇਤੀਬਾੜੀ, ਉਦਯੋਗ ਅਤੇ ਵਣਜ, ਹੁਨਰ ਵਿਕਾਸ, ਸਿਖਿਆ, ਸੂਚਨਾ ਤਕਨਾਲੋਜੀ, ਸਿਹਤ ਸੰਭਾਲ, ਸੈਰ-ਸਪਾਟਾ, ਹੋਸਪੀਟੈਲਟੀ ਆਦਿ ਦੇ ਖੇਤਰਾਂ ਵਿੱਚ ਨਿਵੇਸ਼ ਹੋਵੇਗਾ। ਤਾਂ ਜੋ ਉਦਯੋਗਿਕ ਖੇਤਰ ਖ਼ਾਸ ਕਰਕੇ ਔਰਤਾਂ ਅਤੇ ਨੌਜਵਾਨਾਂ ਨੂੰ ਅੰਮ੍ਰਿਤਸਰ ਵਿੱਚ ਵਧਣ-ਫੁੱਲਣ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ। ਸਾਰੇ ਨਿਵੇਸ਼ਾਂ ਨੂੰ ਵੀ.ਏ.ਆਈ. ਦੀ ਉੱਚ ਨਿਵੇਸ਼ ਕਮੇਟੀ ਦੁਆਰਾ ਮਨਜ਼ੂਰੀ ਦਿੱਤੀ ਜਾਵੇਗੀ। ਇਸ ਫੰਡਿੰਗ ਲਈ startup.applications'viksitamritsar.org 'ਤੇ ਐਪਲਾਈ ਕੀਤੀ ਜਾ ਸਕਦੀ ਹੈ।

> ☛ ਨਸ਼ਿਆਂ ਦਾ ਖ਼ਾਤਮਾ ਅਤੇ ਗੁਰੂ ਨਗਰੀ ਦਾ ਵਿਕਾਸ ਪ੍ਰਮੁੱਖ ਏਜੰਡਾ - ਤਰਨਜੀਤ ਸਿੰਘ ਸੰਧੂ ਸਮੁੰਦਰੀ ☛ ਵੀ ਐਫ ਐਸ ਗਲੋਬਲ ਸੈਂਟਰ, ਐਸ ਈ ਜੈਡ, ਏਮਜ਼ ਅਤੇ ਕੇਂਦਰੀ ਯੂਨੀਵਰਸਿਟੀ, ਆਈ ਟੀ ਹੱਬ ਬਣਾਉਣ ਦਾ ਵੀ ਦਿੱਤਾ ਭਰੋਸਾ

ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੇ ਇਸ ਮੌਕੇ ਕਿਹਾ ਕਿ ਗੁਰੂ ਨਗਰੀ ਦਾ ਵਿਕਾਸ ਉਸ ਦਾ ਪ੍ਰਮੁੱਖ ਏਜੰਡਾ ਹੈ, ਪਰ ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਖ਼ਤਮ ਕਰਨਾ ਵੀ ਇਸ ਵਕਤ ਬਹੁਤ ਜ਼ਰੂਰੀ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਅਨੇਕਾਂ ਭੈਣਾਂ ਅਤੇ ਮਾਵਾਂ ਨੇ ਨਸ਼ਿਆਂ ਦੇ ਕਾਰਨ ਉਨ੍ਹਾਂ ਦੇ ਘਰਾਂ ਦੀ ਬਰਬਾਦੀ ਦੀ ਦਰਦ ਭਰੀ ਕਹਾਣੀ ਸੁਣਾਈ ਹੈ। ਇਸ ਵੇਲੇ ਸਭ ਤੋਂ ਵੱਡੀ ਸਮੱਸਿਆ ਹੀ ਇਹ ਹੈ ਕਿ ਅਨੇਕਾਂ ਘਰ ਨਸ਼ਿਆਂ ਕਾਰਨ ਬਰਬਾਦ ਹੋ ਚੁੱਕੇ ਹਨ। ਉਨ੍ਹਾਂ ਅਫ਼ਸੋਸ ਜ਼ਾਹਿਰ ਕਰਦਿਆਂ ਕਿਹਾ ਕਿ ਜਿੰਨੀਆਂ ਵੀ ਸਰਕਾਰਾਂ ਆਈਆਂ, ਉਨ੍ਹਾਂ ਨੇ ਕੇਵਲ ਝੂਠੇ ਵਾਅਦੇ ਕੀਤੇ। ਉਨ੍ਹਾਂ ਕਿਹਾ ਕਿ ਸਾਨੂੰ ਸੰਜੀਦਗੀ ਅਤੇ ਜ਼ੀਰੋ ਟਾਲਰੈਂਸ ਅਪਣਾਉਂਦਿਆਂ ਨਸ਼ਿਆਂ ਵਿਰੁੱਧ ਵਿਆਪਕ ਜੰਗ ਕਰਨਾ ਹੋਵੇਗਾ। ਉਨ੍ਹਾਂ ਇਸ ਜੰਗ ਦਾ ਐਲਾਨ ਕਰਦਿਆਂ ਅੰਮ੍ਰਿਤਸਰ ਨੂੰ ਨਸ਼ਾ ਮੁਕਤ ਬਣਾਉਣ ਲਈ ਮਿਲ ਕੇ ਕੰਮ ਕਰਨ ਦਾ ਸਦਾ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਲੱਗੀ ਨਸ਼ਿਆਂ ਦੀ ਲਤ ਛਡਵਾਉਣ ਲਈ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੇ ਨਾਲ ਅਸਰਦਾਇਕ ਵਿਦੇਸ਼ੀ ਦਵਾਈਆਂ ਦੀ ਵਰਤੋਂ ਵੀ ਕੀਤੀ ਜਾਵੇਗੀ। ਉਨ੍ਹਾਂ ਨਸ਼ਾ ਛਡਾਊ ਕੇਂਦਰਾਂ ਰਾਹੀਂ ਨਸ਼ਿਆਂ ਦੇ ਪ੍ਰਭਾਵ ਤੋਂ ਨੌਜਵਾਨਾਂ ਨੂੰ ਮੁਕਤ ਕਰਦਿਆਂ ਉਨ੍ਹਾਂ ਨੂੰ ਸਮਾਜ 'ਚ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ ਚੰਗੀ ਪੜ੍ਹਾਈ, ਚੰਗੀਆਂ ਨੌਕਰੀਆਂ ਅਤੇ ਰੁਜ਼ਗਾਰ ਮੁਹੱਈਆ ਕਰਾਉਣ ਦਾ ਵੀ ਵਾਅਦਾ ਕੀਤਾ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦੇ ਕਾਰੋਬਾਰ ਨਾਲ ਜੁੜੇ ਲੋਕ ਸਾਡੀ ਪੀੜ੍ਹੀ ਨੂੰ ਬਰਬਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨਾਕਾਮ ਹੁੰਦੀ ਹੈ ਤਾਂ ਕੇਂਦਰ ਸਰਕਾਰ ਆਪਣੀ ਜ਼ਿੰਮੇਵਾਰੀ ਨਿਭਾਵੇਗੀ। ਨਾਰਕੋਟਿਕ ਰਿਜਨਲ ਸੈਂਟਰ ਨੂੰ ਮਜ਼ਬੂਤ ਕਰਦਿਆਂ ਨਸ਼ੇ ਦੇ ਧੰਦੇ 'ਚ ਲੱਗੇ ਤੱਤਾਂ ਖਿਲਾਫ ਸਖ਼ਤ ਕਾਰਵਾਈ ਨੂੰ ਅੰਜਾਮ ਦੇਣ ਦਾ ਵੀ ਉਨ੍ਹਾਂ ਭਰੋਸਾ ਦਿੱਤਾ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਤਕਨਾਲੋਜੀ ਦੀ ਵਰਤੋਂ ਕਰਦਿਆਂ ਸਰਹੱਦ 'ਤੇ ਡਰੋਨ ਰਾਹੀਂ ਹੋ ਰਹੀ ਨਸ਼ਿਆਂ ਦੀ ਤਸਕਰੀ ਨੂੰ ਰੋਕਿਆ ਜਾਵੇਗਾ।

ਉਨਾਂ ਹੋਰ ਦਸਿਆ ਕਿ ਅੰਮ੍ਰਿਤਸਰ 'ਚ ਜਿੱਥੇ ਅਮਰੀਕਨ ਕੌਂਸਲੇਟ ਖੋਲਿਆਂ ਜਾਣਾ ਹੈ ਉੱਥੇ ਹੀ ਮਲਟੀਪਲ ਵੀਜ਼ਾ ਅਪਲਾਈ ਸੈਂਟਰ 'ਵੀ ਐਫ ਐਸ ਗਲੋਬਲ ਸੈਂਟਰ' ਨੂੰ ਅੰਮ੍ਰਿਤਸਰ ਵਿਖੇ ਸਥਾਪਿਤ ਕਰਨ ਬਾਰੇ ਵੀ ਐਫ ਐਸ ਵੱਲੋਂ ਸਾਰਥਿਕ ਹੁੰਗਾਰਾ ਭਰਿਆ ਗਿਆ ਹੈ। ਉਨ੍ਹਾਂ ਲੋਕਾਂ ਨੂੰ ਬਾਇਓ ਮੈਟਰਿਕ ਲਈ ਕਿਸੇ ਹੋਰ ਸ਼ਹਿਰ ਨਾ ਜਾਣਾ ਪਵੇ, ਇਸ ਲਈ ਇਥੇ ਹੀ ਉਪਕਰਨ ਉਪਲਬਧ ਕਰਾਉਣ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਮੌਕੇ ਸੰਧੂ ਸਮੁੰਦਰੀ ਨੇ ਸਰਹੱਦੀ ਖੇਤਰ ਅੰਮ੍ਰਿਤਸਰ 'ਚ ਐਸ ਈ ਜੈਡ ਸਥਾਪਿਤ ਕਰਨ, ਏਮਜ਼ ਅਤੇ ਕੇਂਦਰੀ ਯੂਨੀਵਰਸਿਟੀ ਲਿਆਉਣ, ਅੰਮ੍ਰਿਤਸਰ ਨੂੰ ਆਈ ਟੀ ਹੱਬ ਬਣਾਉਣ, ਕੇਂਦਰ ਤੋਂ ਵਿਸ਼ੇਸ਼ ਪੈਕੇਜ ਲਿਆਉਣ, ਅਟਾਰੀ ਬਾਡਰ ਰਾਹੀ ਵਪਾਰ, ਏਅਰ ਕਾਰਗੋ, ਅੰਮ੍ਰਿਤਸਰ ਮਖੂ ਵਾਇਆ ਗੁਜਰਾਤ ਅਤੇ ਮੁੰਬਈ ਪੋਰਟ ਰਾਹੀਂ ਖਾੜੀ ਦੇਸ਼ਾਂ ਨਾਲ ਵਪਾਰ ਨੂੰ ਉਤਸ਼ਾਹਿਤ ਕਰਨ, ਏਅਰ ਕੁਨੈਕਟੀਵਿਟੀ ਵਧਾਉਣ ਦੀ ਗਲ ਵੀ ਕੀਤੀ। ਉਨਾਂ ਨਰੇਂਦਰ ਮੋਦੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਾਂਗਰਸ ਨੇ ਕਾਲੀ ਸੂਚੀ ਬਣਾਈ ਤੇ ਭਾਜਪਾ ਨੇ ਖ਼ਤਮ ਕੀਤੀ। ਕਰਤਾਰਪੁਰ ਕਾਰੀਡੋਰ ਬਣਾਉਣ, ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿੱਜਦਾ ਕਰਨ ਲਈ ਵੀਰ ਬਾਲ ਦਿਵਸ ਅਤੇ ਗੁਰੂ ਸਾਹਿਬਾਨ ਦੇ ਦਿਹਾੜੇ ਮਨਾਏ ਜਾਣ ਬਾਰੇ ਦੱਸਿਆ।

ਇਸ ਮੌਕੇ ਭਾਜਪਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਦਿਹਾਤੀ ਦੇ ਆਗੂ ਡਾ. ਸੁਸ਼ੀਲ ਦੇਵਗਨ, ਪ੍ਰਧਾਨ ਇਸਤਰੀ ਮੋਰਚਾ ਸ੍ਰੀਮਤੀ ਸ਼ਰੂਤੀ ਵਿਜ, ਸ੍ਰੀਮਤੀ ਹਰਪ੍ਰੀਤ ਕੌਰ, ਗੁਰਪ੍ਰਤਾਪ ਸਿੰਘ ਟਿੱਕਾ, ਪ੍ਰੋ. ਸਰਚਾਂਦ ਸਿੰਘ ਖਿਆਲਾ, ਸੌਰਵ ਮਹਾਜਨ, ਗੌਰਵ ਗਿੱਲ, ਅਕਸ਼ੈ ਸ਼ਰਮਾ, ਭੁਪਿੰਦਰ ਸਿੰਘ ਰੰਧਾਵਾ, ਸੁਖਪਾਲ ਸਿੰਘ ਧਨੋਆ ਵੀ ਮੌਜੂਦ ਸਨ।

## ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਗੁਰਪ੍ਰਤਾਪ ਸਿੰਘ ਟਿੱਕਾ ਅਤੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੂੰ ਸਲਾਹਕਾਰ ਨਿਯੁਕਤ ਕੀਤਾ



**ਅੰਮ੍ਰਿਤਸਰ, 3 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਭਾਜਪਾ ਲੋਕ ਸਭਾ ਅੰਮ੍ਰਿਤਸਰ ਦੇ ਕੋ ਕਨਵੀਨਰ ਗੁਰਪ੍ਰਤਾਪ ਸਿੰਘ ਟਿੱਕਾ ਨੂੰ ਆਪਣਾ ਵਿਸ਼ੇਸ਼ ਸਲਾਹਕਾਰ ਅਤੇ ਭਾਜਪਾ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੂੰ ਆਪਣਾ ਨਿੱਜੀ ਸਲਾਹਕਾਰ ਤੇ ਮੀਡੀਆ ਇੰਚਾਰਜ ਨਿਯੁਕਤ ਕੀਤਾ ਹੈ। ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਇਸ ਅਹਿਮ ਨਿਯੁਕਤੀਆਂ ਲਈ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਆਸ ਪ੍ਰਗਟਾਈ ਕਿ ਉਹ ਇਨ੍ਹਾਂ ਜ਼ਿੰਮੇਵਾਰੀਆਂ ਨੂੰ ਪਹਿਲਾਂ ਨਾਲੋਂ ਵੀ ਵੱਧ ਸੰਜੀਦਗੀ ਨਾਲ ਨਿਭਾਉਣਗੇ। ਗੁਰਪ੍ਰਤਾਪ ਸਿੰਘ ਟਿਕਾ ਅਜ਼ਾਦੀ ਘੁਲਾਟੀਏ ਭਾਈ ਬਾਬਾ ਮਹਾਰਾਜ ਸਿੰਘ ਜੀ ਦੇ ਪੰਜਵੀਂ ਪੀੜ੍ਹੀ ਦੇ ਵਾਰਸ ਹਨ। ਉਹ ਅਕਾਲੀ ਦਲ ਅਤੇ ਯੂਥ ਅਕਾਲੀ ਦਲ 'ਚ ਲੰਮਾ ਸਮਾਂ ਜ਼ਿਲ੍ਹਾ ਪ੍ਰਧਾਨ ਰਹੇ ਹਨ। ਉਹ ਕੌਂਸਲਰ ਅਤੇ ਪੰਜਾਬ ਐਗਰੋ ਇੰਡਸਟਰੀ ਦੇ ਉਪ ਚੇਅਰਮੈਨ ਵੀ ਰਹੇ। 2017 'ਚ ਉਨ੍ਹਾਂ ਵਿਧਾਨ ਸਭਾ ਦੀ ਚੋਣ ਵੀ ਲੜੀ। ਸੰਧੂ ਸਮੁੰਦਰੀ ਦੇ ਨਿੱਜੀ ਸਲਾਹਕਾਰ ਤੇ ਮੀਡੀਆ ਇੰਚਾਰਜ ਨਿਯੁਕਤ ਕੀਤੇ ਗਏ ਪ੍ਰੋ. ਸਰਚਾਂਦ ਸਿੰਘ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸਿੱਖ ਕੌਮ ਦੀ ਸਿਰਮੌਰ ਜਥੇਬੰਦੀ ਦਮਦਮੀ ਟਕਸਾਲ ਦੇ ਮੀਡੀਆ ਬੁਲਾਰੇ ਰਹੇ ਹਨ। ਉਨ੍ਹਾਂ ਅਕਾਲੀ ਦਲ ਵਿਚ ਵੀ ਲੰਮਾ ਸਮਾਂ ਕੰਮ ਕਰਨ ਤੋਂ ਬਾਅਦ ਭਾਰਤੀ ਜਨਤਾ ਪਾਰਟੀ 'ਚ ਸ਼ਾਮਿਲ ਹੋਏ ਹਨ। ਇਸ ਮੌਕੇ ਸਰਗਰਮ ਸਿਆਸਤ ਵਿਚ ਕਈ ਅਹਿਮ ਪੜਾਵਾਂ ਵਿਚੋਂ ਲੰਘ ਚੁੱਕੇ ਗੁਰਪ੍ਰਤਾਪ ਸਿੰਘ ਟਿੱਕਾ ਅਤੇ ਪ੍ਰੋ. ਸਰਚਾਂਦ ਸਿੰਘ ਨੇ ਨਵੀਂ ਨਿਯੁਕਤੀ ਲਈ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਧੰਨਵਾਦ ਕੀਤਾ ਅਤੇ ਸਾਂਝੇ ਤੌਰ 'ਤੇ ਕਿਹਾ ਕਿ ਉਹ ਦਿੱਤੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ।

## ਸ਼੍ਰੋਮਣੀ ਕਮੇਟੀ ਦੇ ਸਕੱਤਰ ਨੇ ਸ੍ਰੀ ਦਰਬਾਰ ਸਾਹਿਬ ਦੇ ਰਸਤਿਆਂ ਦੀ ਸਾਫ਼-ਸਫ਼ਾਈ ਵੱਲ ਵਿਸ਼ੇਸ਼ ਧਿਆਨ ਦੇਣ ਲਈ ਡਿਪਟੀ ਕਮਿਸ਼ਨਰ ਨੂੰ ਲਿਖਿਆ ਪੱਤਰ

**ਨਵੀਂ ਦਿੱਲੀ, 3 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਪੱਤਰ ਲਿਖ ਕੇ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਰਸਤਿਆਂ ਅਤੇ ਸ੍ਰੀ ਦਰਬਾਰ ਸਾਹਿਬ ਦੇ ਚਾਰੇ ਪਾਸੇ ਬਣੇ ਗਲਿਆਰੇ ਦੀ ਸਾਫ਼ ਸਫਾਈ ਵੱਲ ਪ੍ਰਸ਼ਾਸਨ ਨੂੰ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਵੱਲੋਂ ਲਿਖੇ ਗਏ ਪੱਤਰ ਵਿਚ ਕਿਹਾ ਗਿਆ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੂਰੇ ਵਿਸ਼ਵ ਦੇ ਲੋਕਾਂ ਲਈ ਆਸਥਾ ਦਾ ਕੇਂਦਰ ਹੈ।



ਇਥੇ ਰੋਜ਼ਾਨਾ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਡੀ ਗਿਣਤੀ ਵਿਚ ਨਤਮਸਤਕ ਹੋਣ ਪੁੱਜਦੀਆਂ ਹਨ, ਜਦਕਿ ਸ੍ਰੀ ਦਰਬਾਰ ਸਾਹਿਬ ਸਾਹਿਬ ਨੂੰ ਆਉਂਦੇ ਰਸਤਿਆਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਸੁਲਤਾਨਵਿੰਡ ਗੇਟ ਤੋਂ ਬਜ਼ਾਰ ਕਹੀਆਂ ਵਾਲਾ ਦਾ ਰਸਤਾ ਕਈ ਥਾਵਾਂ ਤੋਂ ਟੁੱਟਿਆ ਹੋਇਆ ਹੈ ਅਤੇ ਇਸ ਰਸਤੇ ਵਿੱਚ ਪਾਏ ਸੀਵਰੇਜ ਨੂੰ ਚਾਲੂ ਨਹੀਂ ਕੀਤਾ ਗਿਆ। ਰਸਤੇ ਵਿਚ ਗੰਦਗੀ ਕਾਰਨ ਜਿਥੇ ਬਦਬੂ ਆਉਂਦੀ ਹੈ, ਉਥੇ ਹੀ ਜਾਮ ਲੱਗਣ ਕਰਕੇ ਸੰਗਤਾਂ ਨੂੰ ਭਾਰੀ ਮੁਸ਼ਕਲ ਪੇਸ਼ ਆਉਂਦੀ ਹੈ। ਪੱਤਰ ਰਾਹੀਂ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਰਸਤਿਆਂ 'ਤੇ ਸੀਵਰੇਜ ਨੂੰ ਚਾਲੂ ਕਰਵਉਣ ਅਤੇ ਸ਼ੜਕ ਦੀ ਮੁਰੰਮਤ ਕਰਵਾਉਣ ਦੇ ਨਾਲ ਨਾਲ ਸਾਰੇ ਰਸਤਿਆਂ ਦੀ ਸਫਾਈ ਨੂੰ ਯਕੀਨੀ ਬਨਾਉਣ ਲਈ ਵੀ ਕਿਹਾ ਗਿਆ ਹੈ।

ਇਸ ਦੇ ਨਾਲ ਹੀ ਸ੍ਰੀ ਦਰਬਾਰ ਸਾਹਿਬ ਦੇ ਆਲੇ ਦੁਆਲੇ ਬਣੇ ਗਲਿਆਰੇ ਦੀ ਸਾਫ ਸਫਾਈ ਦੀ ਮਾੜੀ ਹਾਲਤ ਵੱਲ ਧਿਆਨ ਦਿਵਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਕਈ ਵਾਰ ਸਰਕਾਰ ਅਤੇ ਪ੍ਰਸ਼ਾਸਨ ਨੂੰ ਪੱਤਰ ਲਿਖੇ ਗਏ ਹਨ ਅਤੇ ਅਧਿਕਾਰੀਆਂ ਨੂੰ ਟੈਲੀਫੋਨ ਕਰਕੇ ਵੀ ਇਸ ਪਾਸੇ ਧਿਆਨ ਦੇਣ ਲਈ ਕਿਹਾ ਗਿਆ ਹੈ, ਪਰੰਤੂ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਇਸ ਪਾਸੇ ਧਿਆਨ ਨਹੀਂ ਦਿੱਤਾ ਜਾਂਦਾ। ਉਨ੍ਹਾਂ ਕਿਹਾ ਕਿ ਜਿਥੇ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਰਸਤਿਆਂ ਵਿੱਚ ਗੰਦਗੀ ਦੇ ਢੇਰ ਲੱਗੇ ਹੋਏ ਹਨ, ਉਥੇ ਗਲਿਆਰੇ ਵਿਚ ਵੀ ਸਫਾਈ ਦਾ ਵੀ ਮਾੜਾ ਹਾਲ ਹੈ। ਪ੍ਰਸ਼ਾਸਨ ਵੱਲੋਂ ਧਿਆਨ ਨਾ ਦੇਣ ਕਰਕੇ ਇਥੇ ਨਸ਼ਈ ਲੋਕ ਬੈਠੇ ਰਹਿੰਦੇ ਹਨ ਜੋ ਸੰਗਤਾਂ ਲਈ ਪ੍ਰੇਸ਼ਾਨੀ ਦਾ ਕਾਰਨ ਬਣਦੇ ਹਨ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਨੂੰ ਪੱਤਰ ਲਿੱਖ ਕੇ ਸਬੰਧਤ ਮਹਿਕਮੇ ਨੂੰ ਹਦਾਇਤ ਜਾਰੀ ਕਰਨ ਲਈ ਕਿਹਾ ਗਿਆ ਹੈ ਅਤੇ ਇਹ ਵੀ ਲਿਖਿਆ ਗਿਆ ਹੈ ਕਿ ਜੇਕਰ ਅਜਿਹਾ ਨਹੀਂ ਹੁੰਦਾ ਤਾਂ ਗਲਿਆਰੇ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਨੂੰ ਸੌਂਪ ਦਿੱਤਾ ਜਾਵੇ।

## ਰਿਆਤ ਬਾਹਰਾ ਫਾਰਮੇਸੀ ਕਾਲਜ ਦੇ ਵਿਦਿਆਰਥੀਆਂ ਨੇ ਸੜਕ ਸੁਰੱਖਿਆ ਮੁਹਿੰਮ ਵਿੱਚ ਨਿਭਾਈ ਅਹਿਮ ਭੂਮਿਕਾ

**ਹੁਸ਼ਿਆਰਪੁਰ, 3 ਮਈ (ਆਵਾਜ਼ਿ ਕੌਮ ਬਿਊਰੋ)**-ਰਿਆਤ ਬਾਹਰਾ ਫਾਰਮੇਸੀ ਕਾਲਜ ਦੇ ਵਿਦਿਆਰਥੀਆਂ ਨੇ ਸੜਕ ਸੁਰੱਖਿਆ ਸਬੰਧੀ ਜਾਗਰੂਕਤਾ ਮੁਹਿੰਮ ਚਲਾਈ। ਇਸ ਮੁਹਿੰਮ ਦੌਰਾਨ ਵਿਦਿਆਰਥੀਆਂ ਨੇ ਸ਼ਹਿਰ ਦੇ ਵੱਖ-ਵੱਖ ਚੌਰਾਹਿਆਂ 'ਤੇ ਖੜ੍ਹੇ ਹੋ ਕੇ ਪੋਸਟਰਾਂ ਅਤੇ ਬੈਨਰਾਂ ਰਾਹੀਂ ਟਰੈਫ਼ਿਕ ਨਿਯਮਾਂ ਸਬੰਧੀ ਜਾਗਰੂਕਤਾ ਫੈਲਾਈ, ਇਸ ਦੇ ਨਾਲ ਹੀ ਉਨ੍ਹਾਂ ਦੋਪਹੀਆ ਵਾਹਨਾਂ ਦੇ ਚਾਲਕਾਂ ਨੂੰ ਹੈਲਮੇਟ ਦੀ ਵਰਤੋਂ ਕਰਨ ਅਤੇ ਚਾਰ ਪਹੀਆ ਵਾਹਨਾਂ ਵਿੱਚ ਸੀਟ ਬੈਲਟ ਲਗਾਉਣ ਦੀ ਅਪੀਲ ਕੀਤੀ। ਇਸ ਮੁਹਿੰਮ ਦਾ ਆਯੋਜਨ ਲੋਕਾਂ ਵਿੱਚ ਜਾਗਰੂਕਤਾ ਵਧਾਉਣ ਅਤੇ ਸੜਕ ਹਾਦਸਿਆਂ ਨੂੰ ਘਟਾਉਣ ਦੇ ਉਦੇਸ਼ ਨਾਲ ਕੀਤਾ ਗਿਆ ਸੀ। ਕੈਂਪਸ ਡਾਇਰੈਕਟਰ ਡਾ: ਚੰਦਰ ਮੋਹਨ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਮੰਤਵ ਇਹ ਹੈ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੇ ਨਾਲ-ਨਾਲ ਲੋਕ ਜਾਗਰੂਕਤਾ ਵਧਾ ਕੇ ਸੜਕ ਹਾਦਸਿਆਂ ਨੂੰ ਘੱਟ ਕੀਤਾ ਜਾ ਸਕਦਾ ਹੈ, ਕਾਲਜ ਇੰਚਾਰਜ ਡਾ: ਅਮਿਤ ਸ਼ਰਮਾ ਨੇ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਬਣਾਏ ਪੋਸਟਰਾਂ 'ਚ ਸੜਕ ਸੁਰੱਖਿਆ ਦੀ ਮਹੱਤਤਾ ਵੱਲ ਲੋਕਾਂ ਦਾ ਧਿਆਨ ਖਿੱਚਿਆ ਗਿਆ, ਇਸ ਤੋਂ ਇਲਾਵਾ, ਪੋਸਟਰਾਂ ਵਿੱਚ ਲੋਕਾਂ ਨੂੰ ਬੇਲੋੜੀ ਹਾਰਨ ਦੀ ਵਰਤੋਂ ਨਾ ਕਰਨ, ਜ਼ੈਬਰਾ ਕਰਾਸਿੰਗ ਦੇ ਪਿੱਛੇ ਨਾ ਰੁਕਣ ਅਤੇ ਵਾਹਨਾਂ ਨੂੰ ਸੜਕ 'ਤੇ ਢੁਕਵੀਆਂ ਲੇਨਾਂ ਵਿੱਚ ਚਲਾਉਣ ਦੀ ਅਪੀਲ ਕੀਤੀ ਗਈ ਹੈ।

### ਕੇਜਰੀਵਾਲ ਸਰਕਾਰ ਠੇਕੇ ਦੇ ਕੰਮ ਕਰਦੀਆਂ

# ਪੰਜਾਬੀ ਅਧਿਆਪਕਾਂ ਦੀਆਂ ਸੇਵਾਵਾਂ ਮੁੜ ਬਹਾਲ ਕਰਨ : ਕਾਹਲੋਂ



**ਨਵੀਂ ਦਿੱਲੀ, 3 ਮਈ (ਮਨਪ੍ਰੀਤ ਸਿੰਘ ਖਾਲਸਾ)**: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦਿੱਲੀ ਦੀ ਕੇਜਰੀਵਾਲ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਸਕੂਲਾਂ ਵਿਚ ਪੰਜਾਬੀ ਪੜ੍ਹਾਉਂਦੀਆਂ ਅਧਿਆਪਕਾਂ ਦੀਆਂ ਸੇਵਾਵਾਂ ਬਹਾਲ ਕਰਨ ਜਿਹਨਾਂ ਨੂੰ ਸੇਵਾਵਾਂ ਤੋਂ ਹਟਾਇਆ ਗਿਆ ਹੈ। ਅੱਜ ਇਥੇ ਸੇਵਾਵਾਂ ਤੋਂ ਫਾਰਗ ਕੀਤੀਆਂ ਅਧਿਆਪਕਾਂ ਨੇ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨਾਲ ਮੁਲਾਕਾਤ ਕੀਤੀ ਤੇ ਆਪਣੀਆਂ ਮੁਸ਼ਕਲਾਂ ਦੱਸੀਆਂ। ਇਸ ਮੌਕੇ ਸਰਦਾਰ ਕਾਹਲੋਂ ਨੇ ਕਿਹਾ ਕਿ ਉਹਨਾਂ ਨੂੰ ਬਹੁਤ ਹੀ ਦੁੱਖ ਨਾਲ ਇਹ ਵੀਡੀਓ ਬਣਾਉਣੀ ਪੈ ਰਹੀ ਹੈ। ਉਹਨਾਂ ਕਿਹਾ ਕਿ ਸਾਡੀਆਂ ਭੈਣਾਂ ਪਿਛਲੇ 30-30 ਸਾਲਾਂ ਤੋਂ ਸਕੂਲਾਂ ਵਿਚ ਪੰਜਾਬੀ ਪੜ੍ਹਾ ਰਹੀਆਂ ਸਨ ਤੇ ਠੇਕੇ 'ਤੇ ਸਿਰਫ 6-6 ਹਜ਼ਾਰ ਰੁਪਏ ਪ੍ਰਤੀ ਮਹੀਨਾ 'ਤੇ ਕੰਮ ਕਰ ਰਹੀਆਂ ਸਨ ਪਰ ਬਹੁਤ ਅਫਸੋਸ ਦੀ ਗੱਲ ਹੈ ਕਿ ਕੇਜਰੀਵਾਲ ਸਰਕਾਰ ਨੇ ਇਹਨਾਂ ਦੀਆਂ ਸੇਵਾਵਾਂ ਸਮਾਪਤ ਕਰ ਦਿੱਤੀਆਂ ਹਨ ਕਿਉਂਕਿ ਆਪ ਸਰਕਾਰ ਦਿੱਲੀ ਵਿਚ ਪੰਜਾਬੀ ਨੂੰ ਖ਼ਤਮ ਕਰਨਾ ਚਾਹੁੰਦੀ ਹੈ। ਉਹਨਾਂ ਦੱਸਿਆ ਕਿ ਜਿਥੇ ਪੰਜਾਬੀ ਭਾਸ਼ਾ ਦਿੱਲੀ ਦੀ ਤੀਜੀ ਆਫੀਸ਼ੀਅਲ ਭਾਸ਼ਾ ਹੈ ਪਰ ਕੇਜਰੀਵਾਲ ਸਰਕਾਰ ਨੇ ਇਸਨੂੰ ਸਕੂਲਾਂ ਵਿਚੋਂ ਪੂਰੀ ਤਰ੍ਹਾਂ ਲਾਪਰਵਾਹੀ ਨਾਲ ਖ਼ਤਮ ਕਰਨ ਦੀ ਕਗਾਰ 'ਤੇ ਆ ਗਈ ਹੈ। ਉਹਨਾਂ ਕਿਹਾ ਕਿ ਇਸ ਸਰਕਾਰ ਨੇ ਪੰਜਾਬੀ ਅਕੈਡਮੀ ਰਾਹੀਂ ਇਹਨਾਂ ਅਧਿਆਪਕਾਂ ਦੀਆਂ ਸੇਵਾਵਾਂ ਸਮਾਪਤ ਕਰ ਦਿੱਤੀਆਂ ਹਨ ਤਾਂ ਜੋ ਬੱਚੇ ਸਕੂਲਾਂ ਵਿਚ ਪੰਜਾਬੀ ਨਾ ਪੜ੍ਹ ਸਕਣ। ਉਹਨਾਂ ਕਿਹਾ ਕਿ ਇਹਨਾਂ ਨੂੰ ਤਾਂ ਠੇਕੇ 'ਤੇ ਹੀ ਰੱਖਿਆ ਹੋਇਆ ਸੀ ਤੇ ਸਿਰਫ ਨਿਗੂਣੀ 6-6 ਹਜ਼ਾਰ ਰੁਪਏ ਤਨਖਾਹ ਦਿੰਦੇ ਸੀ, ਅਜਿਹੇ ਵਿਚ ਠੇਕਾ ਬਹਾਲ ਕਰਨ ਵਿਚ ਕੀ ਮੁਸ਼ਕਿਲ ਹੈ ? ਉਹਨਾਂ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਇਹਨਾਂ ਅਧਿਆਪਕਾਂ ਨੂੰ ਮੰਤਰੀ ਸੌਰਵ ਭਾਰਦਵਾਜ ਤੇ ਕਦੇ ਮੰਤਰੀ ਆਤਿਸ਼ੀ ਦੇ ਦਫਤਰ ਦੇ ਗੇੜੇ ਕੱਢਣੇ ਪੈ ਰਹੇ ਹਨ ਪਰ ਕੋਈ ਸੁਣਵਾਈ ਨਹੀਂ ਹੋ ਰਹੀ। ਉਹਨਾਂ ਨੇ ਦੋਵਾਂ ਮੰਤਰੀਆਂ ਸਮੇਤ ਸਮੁੱਚੀ ਸਰਕਾਰ ਨੂੰ ਅਪੀਲ ਕੀਤੀ ਕਿ ਇਹਨਾਂ ਅਧਿਆਪਕਾਂ ਦੀਆਂ ਸੇਵਾਵਾਂ ਬਹਾਲ ਕੀਤੀਆਂ ਜਾਣ ਤਾਂ ਜੋ ਅਤਿਅੰਤ ਮਹਿੰਗਾਈ ਦੀ ਮਾਰ ਝੱਲ ਰਹੇ ਇਹਨਾਂ ਦੇ ਪਰਿਵਾਰਾਂ ਦਾ ਗੁਜ਼ਾਰਾ ਹੋ ਸਕੇ। ਇਸ ਮੌਕੇ ਪੀੜਤ ਅਧਿਆਪਕਾਂ ਨੇ ਦੱਸਿਆ ਕਿ ਉਹਨਾਂ ਨੇ ਤਿੰਨ ਮਹੀਨੇ ਪੰਜਾਬੀ ਅਕੈਡਮੀ ਦੇ ਬਾਹਰ ਧਰਨਾ ਦਿੱਤਾ ਪਰ ਉਹਨਾਂ ਦੀ ਕੋਈ ਸੁਣਵਾਈ ਨਹੀਂ ਹੋਈ। ਉਹਨਾਂ ਕਿਹਾ ਕਿ ਮੰਤਰੀ ਆਤਿਸ਼ੀ ਦੇ ਘਰ ਗਏ ਸੀ ਤਾਂ ਬਰਸਾਤ ਵਿਚ ਅਧਿਆਪਕਾਂ ਨੂੰ ਬਾਹਰ ਖੜ੍ਹਾ ਰੱਖਿਆ ਗਿਆ। ਉਹਨਾਂ ਕਿਹਾ ਕਿ ਅੱਜ ਕੇਜਰੀਵਾਲ ਦੇ ਜੇਲ੍ਹ ਵਿਚ ਹੋਣ 'ਤੇ ਆਪ ਸਰਕਾਰ ਵਾਲੇ ਸੜਕਾਂ 'ਤੇ ਨਾਅਰੇ ਲਗਾ ਰਹੇ ਹਨ ਪਰ ਉਹਨਾਂ ਨੂੰ ਤਿੰਨ ਮਹੀਨੇ ਤੱਕ ਉਹਨਾਂ ਵੱਲੋਂ ਦਿੱਤੇ ਧਰਨੇ ਵਿਖਾਈ ਨਹੀਂ ਦਿੱਤੇ। ਉਹਨਾਂ ਕਿਹਾ ਕਿ ਉਹ ਅੱਜ ਸਰਦਾਰ ਜਗਦੀਪ ਸਿੰਘ ਕਾਹਲੋਂ ਕੋਲ ਆਏ ਹਨ ਤੇ ਆਸ ਕਰਦੇ ਹਨ ਕਿ ਦਿੱਲੀ ਗੁਰਦੁਆਰਾ ਕਮੇਟੀ ਮਸਲੇ ਦਾ ਕੋਈ ਨਾ ਕੋਈ ਹੱਲ ਜ਼ਰੂਰ ਕੱਢੇਗੀ।

### ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਕੋਠੇ ਸ਼ੇਰ ਗੰਜ (ਜਗਰਾਉਂ) ਵਿਖੇ

# ਨਤੀਜਿਆਂ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ









ਜਗਰਾਉਂ/ਲੁਧਿਆਣਾ - (ਵਰਿਆਮ ਹਠੂਰ) ਤਹਿਸੀਲ ਜਗਰਾਉਂ ਦੇ ਕੋਠੇ ਸ਼ੇਰ ਗੰਜ ਵਿਖੇ ਸਥਿੱਤ ਸ਼੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਮੈਡਮ ਸ਼੍ਰੀ ਮਤੀ ਪਰਮਜੀਤ ਕੌਰ ਅਤੇ ਚੇਅਰਮੈਨ ਭਗਵਾਨ ਸਿੰਘ ਗਿੱਲ ਦੀ ਦੇਖ ਰੇਖ ਹੇਠ ਵਿੱਦਿਆ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੂੰ ਸਨਮਾਨਿਤ ਕਰਨ ਲਈ ਇੱਕ ਖ਼ਾਸ ਸਮਾਗਮ ਕਰਵਾਇਆ ਗਿਆ, ਜ਼ਿਕਰਯੋਗ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਮੁਹਾਲੀ) ਵੱਲੋਂ ਐਲਾਨੇ ਗਏ ਪੰਜਵੀਂ ਅਤੇ ਅੱਠਵੀਂ ਦੇ ਨਤੀਜਿਆਂ ਤੋਂ ਬਾਅਦ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਕੋਠੇ ਸ਼ੇਰ ਗੰਜ (ਜਗਰਾਉਂ) ਦੇ ਵਧੀਆ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਸਕੂਲ ਵਿੱਚ ਕਰਵਾਏ ਗਏ ਖ਼ਾਸ ਸਨਮਾਨ ਸਮਾਗਮ ਮੌਕੇ ਪਹਿਲਾਂ ਤਾਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਦਾ ਸਕੂਲ ਦੇ ਇੰਟਰੀ ਗੇਟ ਤੇ ਹਾਰ ਪਾ ਕੇ ਸਤਿਕਾਰ ਸਹਿਤ ਸਵਾਗਤ ਕੀਤਾ ਗਿਆ ਤੇ ਬਾਅਦ ਵਿੱਚ ਸਟੇਜ ਤੋਂ ਤਾੜੀਆਂ ਦੀ ਗੂੰਜ ਵਿੱਚ ਪ੍ਰਿੰਸੀਪਲ ਮੈਡਮ ਸ਼੍ਰੀ ਮਤੀ ਪਰਮਜੀਤ ਕੌਰ, ਸੰਤ ਬਿਸ਼ਨ ਸਿੰਘ ਮਾਡਲ ਸਕੂਲ ਡੱਲਾ ਦੇ ਪ੍ਰਿੰਸੀਪਲ ਸਰਬਜੀਤ ਸਿੰਘ ਭੱਟੀ ਦੇਹੜਕਾ, ਗੁਰੂ ਤੇਗ ਬਹਾਦਰ ਪਬਲਿਕ ਹਾਈ ਸਕੂਲ ਪਿੰਡ ਕਾਉਂਕੇ ਕਲਾਂ ਦੇ ਪ੍ਰਿੰਸੀਪਲ ਸੁਨੀਲ ਕੁਮਾਰ, ਚੇਅਰਮੈਨ ਭਗਵਾਨ ਸਿੰਘ ਗਿੱਲ, ਅਤੇ ਸ: ਦਵਿੰਦਰ ਸਿੰਘ ਸਲੇਮਪੁਰੀ ਨੇ ਵਿਸ਼ੇਸ ਤੌਰ ਤੇ ਵਿਦਿਆਰਥੀ ਅਤੇ ਵਿਦਿਆਰਥਣਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ, ਇਸ ਮੌਕੇ ਸੰਬੋਧਨ ਕਰਦਿਆਂ ਗੁਰੂ ਤੇਗ ਬਹਾਦਰ ਪਬਲਿਕ ਹਾਈ ਸਕੂਲ ਪਿੰਡ ਕਾਉਂਕੇ ਕਲਾਂ ਦੇ ਪ੍ਰਿੰਸੀਪਲ ਸੁਨੀਲ ਕੁਮਾਰ, ਸੰਤ ਬਿਸ਼ਨ ਸਿੰਘ ਮਾਡਲ ਸਕੂਲ ਪਿੰਡ ਡੱਲਾ ਦੇ ਪ੍ਰਿੰਸੀਪਲ ਸਰਬਜੀਤ ਸਿੰਘ ਭੱਟੀ ਦੇਹੜਕਾ, ਦਵਿੰਦਰ ਸਿੰਘ ਸਲੇਮਪੁਰੀ ਅਤੇ ਮੈਡਮ ਮਨਿੰਦਰ ਕੌਰ ਨੇ ਕਿਹਾ ਕਿ ਸ਼੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਪਿਛਲੇ ਕਈ ਸਾਲਾਂ ਤੋਂ ਸਿੱਖਿਆ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾ ਰਿਹਾ ਹੈ। ਤੇ ਵਿੱਦਿਆ ਦੇ ਖੇਤਰ ਵਿੱਚ ਗੂੜੀਆਂ ਪੈੜਾਂ ਕਰ ਰਿਹਾ ਹੈ। ਇਸ ਸੈਸ਼ਨ ਵਿੱਚ ਪੰਜਵੀਂ ਕਲਾਸ ਵਿੱਚੋਂ ਸਿਮਰਨਜੀਤ ਕੌਰ ਨੇ ਪਹਿਲਾ ਸਥਾਨ, ਰਾਜੀਵ ਬਜਾਜ ਨੇ ਦੂਜਾ ਅਤੇ ਕ੍ਰਮਵਾਰ ਹਰਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ, ਇਸੇ ਤਰ੍ਹਾਂ ਅੱਠਵੀਂ ਕਲਾਸ ਵਿੱਚੋਂ ਅਰਨਿੰਦਰਪ੍ਰੀਤ ਕੌਰ ਨੇ 94.6 % ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਰਮਨਦੀਪ ਕੌਰ ਨੇ 93.5 % ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਹਾਸਲ ਕੀਤਾ ਅਤੇ ਹਰਮਨ ਸਿੰਘ ਨੇ 85 % ਅੰਕ ਹਾਸਲ ਕਰਕੇ ਕ੍ਰਮਵਾਰ ਤੀਜਾ ਸਥਾਨ ਹਾਸਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ ਦਾ ਵੀ ਨਾਮ ਰੌਸ਼ਨ ਕੀਤਾ ਹੈ। ਇਸੇ ਤਰ੍ਹਾਂ ਧਾਰਮਿਕ ਪ੍ਰੀਖਿਆ ਵਿੱਚ ਵੀ ਸਕੂਲ ਦੇ ਬੱਚੇ ਮੋਹਰੀ ਹਨ। ਉਨ੍ਹਾਂ ਬੱਚਿਆਂ ਨੂੰ ਵੀ ਅੱਜ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਹੈ। ਸਾਡੇ ਵੱਲੋਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਸਮੂਹ ਬੱਚਿਆਂ ਨੂੰ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਬਹੁਤ ਬਹੁਤ ਮੁਬਾਰਕਾਂ, ਅੰਤ ਵਿੱਚ ਸਕੂਲ ਪ੍ਰਿੰਸੀਪਲ ਮੈਡਮ ਸ਼੍ਰੀ ਮਤੀ ਪਰਮਜੀਤ ਕੌਰ ਨੇ ਸਿੱਖਿਆ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਇਸ ਦਾ ਸਿਹਰਾ ਸਕੂਲ ਦੇ ਸਾਰੇ ਮਿਹਨਤੀ ਸਟਾਫ਼ ਨੂੰ ਜਾਂਦਾ ਹੈ। ਜੋ ਬੱਚਿਆਂ ਨੂੰ ਆਪਣੇ ਬੱਚਿਆਂ ਵਾਂਗ ਹੀ ਸਖ਼ਤ ਮਿਹਨਤ ਨਾਲ ਵਿੱਦਿਆ ਹਾਸਲ ਕਰਵਾਉਂਦੇ ਹਨ। ਮੈਡਮ ਨੇ ਬੱਚਿਆਂ ਦੇ ਮਾਪਿਆਂ ਦਾ ਸਕੂਲ ਵਿੱਚ ਪੁੱਜਣ ਲਈ ਅਤੇ ਹਮੇਸ਼ਾ ਦੀ ਤਰ੍ਹਾਂ ਸਹਿਯੋਗ ਦੇਣ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਚੇਅਰਮੈਨ ਭਗਵਾਨ ਸਿੰਘ ਗਿੱਲ ਨੇ ਵੀ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਅੱਗੇ ਵਾਸਤੇ ਸਖ਼ਤ ਮਿਹਨਤ ਕਰਨ ਲਈ ਥਾਪੜਾ ਦਿੱਤਾ, ਇਸ ਮੌਕੇ ਪ੍ਰਿੰਸੀਪਲ ਸਰਬਜੀਤ ਸਿੰਘ ਭੱਟੀ ਦੇਹੜਕਾ, ਪ੍ਰਿੰਸੀਪਲ ਸੁਨੀਲ ਕੁਮਾਰ, ਪ੍ਰਿੰਸੀਪਲ ਪਰਮਜੀਤ ਕੌਰ, ਦਵਿੰਦਰ ਸਿੰਘ ਸਲੇਮਪੁਰੀ, ਮੈਡਮ ਅਮਨਜੋਤ ਕੌਰ, ਕਿਰਨ ਕੌਰ, ਪਰਮਿੰਦਰ ਕੌਰ, ਸੁਧਾ ਗੁਪਤਾ, ਸੁਖਪ੍ਰੀਤ ਕੌਰ, ਗੁਰਵਿੰਦਰ ਕੌਰ, ਵੀਰਪਾਲ ਕੌਰ, ਮਨਿੰਦਰ ਕੌਰ ਸਮੇਤ ਸਕੂਲ ਦੇ ਬੱਚੇ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

**ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ-ਨਾਲ ਧਾਰਮਿਕ ਅਤੇ ਖੇਡਾਂ ਦੇ ਖੇਤਰ ਨਾਲ ਵੀ ਜੋੜਿਆ ਜਾਂਦਾ ਹੈ : ਪ੍ਰਿੰਸੀਪਲ ਪਰਮਜੀਤ ਕੌਰ**

### ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਰਕੇਸ਼ ਸੁਮਨ ਨੇ

# ਹਲਕਾ ਸ਼੍ਰੀ ਹਰਗੋਬਿੰਦਪੁਰ ਦਾ ਦੌਰਾ ਕੀਤਾ



**ਗੁਰਦਾਸਪੁਰ ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 3 ਮਈ (ਕੁਲਜੀਤ ਸਿੰਘ ਖੋਖਰ)-** ਬਹੁਜਨ ਸਮਾਜ ਪਾਰਟੀ ਵੱਲੋਂ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਜੁਝਾਰੂ ਆਗੂ ਰਕੇਸ਼ ਸੁਮਨ ਜੀ ਨੂੰ ਪਾਰਟੀ ਉਮੀਦਵਾਰ ਮੈਦਾਨ ਵਿੱਚ ਉਤਾਰਿਆ ਗਿਆ ਹੈ ਬੀਤੇ ਦਿਨੀ ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਰਕੇਸ਼ ਸੁਮਨ ਵਿਧਾਨ ਸਭਾ ਹਲਕਾ ਸ਼੍ਰੀ ਹਰਗੋਬਿੰਦਪੁਰ ਵਿੱਚ ਪਹੁੰਚੇ ਨਜ਼ਦੀਕੀ ਪਿੰਡ ਅਠਵਾਲ ਵਿੱਚ ਇਕ ਮੀਟਿੰਗ ਕੀਤੀ ਗਈ ਜਿਸ ਵਿੱਚ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਬਹੁਜਨ ਸਮਾਜ ਪਾਰਟੀ ਵਰਕਰ ਪੂਰੇ ਉਤਸਾਹ ਨਾਲ ਸ਼ਾਮਿਲ ਹੋਏ ਪ੍ਰੈਸ ਨਾਲ ਗੱਲਬਾਤ ਕਰਦਿਆਂ ਉਮੀਦਵਾਰ ਰਾਕੇਸ਼ ਸੁਮਨ ਨੇ ਕਿਹਾ ਕਿ ਪਾਰਟੀ ਸੁਪਰੀਮੋ ਭੈਣ ਕੁਮਾਰੀ ਮਾਇਆਵਤੀ ਜੀ ਅਤੇ ਪੰਜਾਬ ਪ੍ਰਧਾਨ ਜਸਵੀਰ ਗੜ੍ਹੀ ਜੀ ਵੱਲੋਂ ਬਹੁਤ ਪਾਰਦਰਸ਼ੀ ਤਰੀਕੇ ਨਾਲ ਪੰਜਾਬ ਵਿੱਚ ਟਿਕਟਾਂ ਦੀ ਵੰਡ ਕੀਤੀ ਹੈ ਔਰ ਪਿਛਲੇ ਸਮੇਂ ਦੀਆਂ ਸਰਕਾਰਾਂ ਅਤੇ ਪਾਰਟੀਆਂ ਤੋਂ ਲੋਕਾਂ ਦਾ ਮੋਹ ਭੰਗ ਹੋ ਗਿਆ ਹੈ ਲੋਕ ਬਦਲਾਓ ਦੀ ਨੀਤੀ ਨਾਲ ਇਸ ਵਾਰ ਬਹੁਜਨ ਸਮਾਜ ਪਾਰਟੀ ਨੂੰ ਸੱਤਾ ਵਿੱਚ ਵੇਖਣਾ ਚਾਹੁੰਦੀ ਹੈ ਉਹਨਾਂ ਵਿਧਾਨ ਸਭਾ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਵਰਕਰਾਂ ਅਤੇ ਲੋਕਾਂ ਨਾਲ ਵਾਅਦਾ ਕੀਤਾ ਕਿ ਤੁਸੀਂ ਮੈਨੂੰ ਵੱਡੀ ਲੀਡ ਨਾਲ ਜਿਤਾ ਕੇ ਲੋਕ ਸਭਾ ਵਿੱਚ ਭੇਜੋਗੇ ਤਾਂ ਮੈਂ ਹਲਕੇ ਦਾ ਰਿਣੀ ਵੀ ਰਹਾਂਗਾ ਅਤੇ ਹਲਕੇ ਵਿੱਚ ਜੋ ਪਿਛਲੀਆਂ ਸਰਕਾਰਾਂ ਵੱਲੋਂ ਨਹੀਂ ਕੀਤਾ ਗਿਆ ਉਹ ਵਿਕਾਸ ਕਰਕੇ ਵਿਖਾਵਾਂਗਾ ਇਸ ਮੌਕੇ ਪੰਜਾਬ ਦੇ ਜਨਰਲ ਸੈਕਟਰੀ ਸ਼੍ਰੀ ਗੁਰਲਾਲ ਸੈਲਾ ਜਿਲਾ ਪ੍ਰਧਾਨ ਜੇਪੀ ਭਗਤ ਮੋਹਿੰਦਰ ਸੁਮਨ ਹਲਕਾ ਇੰਚਾਰਜ ਐਡਵੋਕੇਟ ਮਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ।

# ਐਮਪੀ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਦਾ ਝਾੜੂ ਪਾਰਟੀ ਨੂੰ ਝਾੜੂ ਨਾਲ ਸਿੰਬਰ ਕੇ ਭੜੋਲੇ ਚ ਪਾਉਣਾਂ ਲਗਭਗ ਤੈਹ



**ਖਾਸ ਕਰਕੇ** ਸਿੱਖ ਵੋਟਰਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਾਉਣਾ ਬੈਠੂਗਾ ਜੜਾਂ ਚ ਸਿੱਧੂ ਮੂਸੇਆਲੇ ਦੇ ਕਤਲ ਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਗਿਰਫਤਾਰੀ ਆਮ ਆਦਮੀ ਪਾਰਟੀ ਦੀ ਚਾਣਕਿਆ ਨੀਤੀ ਨੂੰ ਠੁੱਸ ਕਰ ਦੀ ਦਿਖ ਰਹੀ ਆ । ਹਵਾ ਵਿੱਚ ਕਿਤੇ ਵਿਕਾਸ ਦੇ ਮਹਿਲ ਨਹੀਂ ਆਉਣੇ ਕੰਮ, ਜਿਹੜੀ ਬਾੜ ਖੇਤ ਨੂੰ ਖਾਵੇ ਉਹਨੂੰ ਸਮੇਟਣਾ ਚੰਗਾ । ਇਹ ਭਾਵਨਾਵਾਂ ਪੰਜਾਬ ਦੇ ਵੋਟਰਾਂ ਦੇ ਅੰਦਰ ਨਜ਼ਰ ਆ ਰਹੀਆਂ ਨੇ । ਹਵਾਵਾਂ ਦੇ ਰੁੱਖ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਚੱਲ ਰਹੇ ਹਨ । ਬਾਰੀ ਰਾਜਾਂ ਵਿੱਚ ਕਾਂਗਰਸ ਨਾਲ ਗੱਠਜੋੜ, ਸਿਧਾਂਤਾਂ ਦੀ ਦੁਹਾਈ ਦੇਣ ਵਾਲੀ ਆਮ ਆਦਮੀ ਪਾਰਟੀ ਦੇ ਲੀਡਰਾਂ ਵੱਲੋਂ ਸਰਕਾਰ ਬਣਨ ਤੋਂ ਪਹਿਲੇ ਵਾਲੇ ਬਿਆਨਾਂ ਨਾਲ ਮੇਲ ਨਹੀਂ ਖਾਂਦੇ । ਐਮਪੀ ਚੋਣਾਂ ਦੇ ਨਤੀਜੇ ਆਮ ਆਦਮੀ ਪਾਰਟੀ ਦੇ ਵੱਡੇ ਲੀਡਰਾਂ ਦੀਆਂ ਨਸਾਂ ਫੈਲਾਉਣਗੇ । ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਖਿਲਾਫ ਸਿਰਜੇ ਬਿਰਤਾਂਤ ਦਾ ਹਿਸਾਬ ਲੋਕ ਆਮ ਆਦਮੀ ਪਾਰਟੀ ਦੇ ਖਿਲਾਫ ਵੋਟਾਂ ਪਾ ਕੇ ਲੈਣਗੇ । ਪੂਰੀ ਖਬਰ ਪੜਨ ਤੋਂ ਬਾਅਦ ਸਿੱਖ ਵੋਟਰਾਂ ਨੂੰ ਕਲਾਵੇ ਵਿੱਚ ਲੈਣ ਵਾਲਾ ਆਈਡੀਆ ਵੀ ਕਿਸੇ ਕੰਮ ਨਹੀਂ ਆਉਣ ਵਾਲਾ ਹੁਣ ਆਮ ਆਦਮੀ ਪਾਰਟੀ ਦੇ, ਕਿਉਂਕਿ ਉਹ ਸਮਾਂ ਲੰਘ ਚੁੱਕਾ ਹੈ । ਰਾਤੋ ਰਾਤ ਇੱਕ ਸੰਘਰਸ਼ ਵਿੱਚੋ ਪੈਦਾ ਹੋਈ ਆਮ ਆਦਮੀ ਪਾਰਟੀ ਤਾਰਿਆਂ ਦੀ ਛਾਵੇਂ ਸਿਮਟ ਜੂ ਗੀ , ਜਿਸ ਦੀ ਸੂਹ ਵੀ ਆਮ ਆਦਮੀ ਪਾਰਟੀ ਦੇ ਵੱਡੇ ਲੀਡਰਾਂ ਨੂੰ ਨਹੀਂ ਹੈ ਕਿਉਂਕਿ ਆਮ ਆਦਮੀ ਪਾਰਟੀ ਦੇ ਵੱਡੇ ਲੀਡਰਾਂ ਦੇ ਓਵਰ ਕਾਨਫੀਡੈਂਸ ਵਾਲਾ ਚਸਮਾ ਲੱਗਿਆ ਹੋਇਆ ਹੈ । ਦੂਜੀਆਂ ਪਾਰਟੀਆਂ ਤੇ ਨਸ਼ਾ ਵੇਚਣ ਦੇ ਦੋਸ਼ ਲਾਉਣ ਵਾਲੀ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਦਾਰੂ ਘੁਟਾਲੇ ਵਿੱਚ ਦਿੱਲੀ ਦੀ ਤਿਹਾੜ ਜੇਲ ਵਿੱਚ ਬੰਦ ਨੇ । ਆਮ ਆਦਮੀ ਪਾਰਟੀ ਵੱਲੋਂ ਸਿੱਖ ਵੋਟਰਾਂ ਦੇ ਦਿਲਾਂ ਤੇ ਮਾਰੀ ਸੱਟ ਨਾਸੂਰ ਦੇ ਰੂਪ ਵਿੱਚ ਫੁੱਟੂਗੀ । ਇਹ ਫੁੱਟਿਆ ਨਸੂਰ ਆਮ ਆਦਮੀ ਪਾਰਟੀ ਦੇ ਬੇੜੇ ਡੁੱਬਣ ਦਾ ਕਾਰਨ ਬਣੂਗਾ ।

**ਨੋਟ - ਆਮ ਆਦਮੀ ਪਾਰਟੀ ਦੇ ਵੱਡੇ ਲੀਡਰ ਇਸ ਖਬਰ ਨੂੰ ਸਾਂਭ ਕੇ ਰੱਖ ਲੈਣ ਨਤੀਜਿਆਂ ਤੋਂ ਬਾਅਦ ਪੜ੍ਹ ਕਿਉਂ ਕਿ ਅੱਜ ਪੜ੍ਹ ਕੇ ਤੁਹਾਡੇ ਖਾਨੇ ਕੁਝ ਨਹੀਂ ਪੈਣਾ ।**

**-ਪਰਗਟ ਸਿੰਘ ਬਲ਼ਬੇੜ੍ਹਾ, 9022000070**

# ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਦਾ ਅੰਕੜਾ 5 ਲੱਖ ਮੀਟਰਿਕ ਟਨ ਤੋਂ ਪਾਰ ਪਹੁੰਚਿਆ

## ਕਿਸਾਨਾਂ ਨੂੰ 1048.98 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ



**ਗੁਰਦਾਸਪੁਰ/ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 3 ਮਈ (ਕੁਲਜੀਤ ਸਿੰਘ ਖੋਖਰ)**-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਦੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ। ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਦਾ ਅੰਕੜਾ 5 ਲੱਖ ਮੀਟਰਿਕ ਟਨ ਤੋਂ ਪਾਰ ਪਹੁੰਚ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 529750 ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ 506072 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਏਜੰਸੀ ਵਾਈਜ਼ ਖ਼ਰੀਦ ਦਾ ਬਿਓਰਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਖ਼ਰੀਦ ਏਜੰਸੀ ਪਨਗਰੇਨ ਨੇ 143718 ਮੀਟਰਿਕ ਟਨ, ਮਾਰਕਫੈੱਡ ਨੇ 124677 ਮੀਟਰਿਕ ਟਨ, ਪਨਸਪ ਨੇ 121716 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 92604 ਮੀਟਰਿਕ ਟਨ, ਐੱਫ.ਸੀ.ਆਈ. ਨੇ 15242 ਮੀਟਰਿਕ ਟਨ ਅਤੇ ਵਪਾਰੀਆਂ ਨੇ 8115 ਮੀਟਰਿਕ ਟਨ ਕਣਕ ਖ਼ਰੀਦੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 100 ਫੀਸਦੀ ਕਿਸਾਨਾਂ ਨੂੰ 1048.98 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਖ਼ਰੀਦੀ ਗਈ ਫ਼ਸਲ ਦੀ ਲਿਫ਼ਟਿੰਗ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ 255517 ਮੀਟਰਿਕ ਟਨ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਲਿਫ਼ਟਿੰਗ ਵਿਚ ਹੋਰ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਣਕ ਦੀ ਫ਼ਸਲ ਦਾ ਇੱਕ-ਇੱਕ ਦਾਣਾ ਪੂਰੇ ਤੋਲ ਅਤੇ ਭਾਅ ਉੱਪਰ ਖ਼ਰੀਦਣ ਲਈ ਵਚਨਬੱਧ ਹੈ।

# ਦਿੱਲੀ ਕਮੇਟੀ ਮੈਂਬਰ ਭਾਜਪਾਈ ਵਾਸ਼ਿੰਗ ਮਸ਼ੀਨ ਅੰਦਰ ਧੂਲਣ ਦੀ ਜਗ੍ਹਾ ਪੰਥ ਦੇ ਮਸਲੇ ਕਰਵਾਣ ਹੱਲ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 3 ਮਈ (ਮਨਪ੍ਰੀਤ ਸਿੰਘ ਖਾਲਸਾ):-ਦੇਸ਼ ਦੇ ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਇਹ ਸਾਫ਼ ਹੋ ਗਿਆ ਹੈ ਕਿ ਭਾਜਪਾ ਪਾਰਟੀ ਦੀਆਂ ਨੀਤੀਆਂ ਪੰਜਾਬੀਆਂ, ਕਿਸਾਨਾਂ ਦੇ ਨਾਲ ਦੇਸ਼ ਲਈ ਵਿਰੋਧੀ ਹਨ। ਤੇ ਓਹ ਨਫਰਤ ਦੇ ਜਹਿਰੀਲੇ ਪ੍ਰਚਾਰ ਨਾਲ ਦੇਸ਼ ਦੀ ਸੱਤਾ ਮੁੜ ਸੰਭਾਲਣ ਲਈ ਬਹੁਤ ਉਤਾਵਲੀ ਹੋਈ ਪਈ ਹੈ । ਉਨ੍ਹਾਂ ਵਲੋਂ ਦਾਗੀ ਲੋਕਾਂ ਵਿਰੁੱਧ ਅਪਣਾਇ ਜਾ ਰਹੇ ਮਾਪਦੰਡਾ ਕਰਕੇ ਦਾਗੀ ਲੋਕ ਉਨ੍ਹਾਂ ਦੀ ਵਾਸ਼ਿੰਗ ਮਸ਼ੀਨ ਅੰਦਰ ਜਾ ਕੇ ਆਪਣੇ ਆਪ ਨੂੰ ਦੁੱਧ ਧੋਤਾ ਸਾਬਿਤ ਕਰਣ ਤੇ ਲੱਗੇ ਹੋਏ ਹਨ। ਸ਼੍ਰੋਮਣੀ ਅਕਾਲ ਦਲ ਦਿੱਲੀ ਇਕਾਈ ਦੀ ਮਹਿਲਾ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਕਿਹਾ ਕੀ ਓਹ ਇਹ ਭੁੱਲ ਜਾਂਦੇ ਹਨ ਕਿ ਇਹ ਸਰਕਾਰਾਂ ਕਦੇ ਸਥਿਰ ਨਹੀਂ ਰਹਿੰਦੀਆ ਹਨ ਸਮਾਂ ਬਦਲਾਅ ਲੈ ਕੇ ਆਂਦਾ ਹੈ ਤੇ ਹਰ ਇਨਸਾਨ ਨੂੰ ਓਸ ਦੇ ਕੀਤੇ ਕੱਮਾ ਦਾ ਜੁਆਬ ਜਰੂਰ ਦੇਣਾ ਪੈਂਦਾ ਹੈ । ਦਿੱਲੀ ਕਮੇਟੀ ਦੇ ਮੈਂਬਰ ਜੋ ਬਿਨਾਂ ਦਿੱਲੀ ਕਮੇਟੀ ਤੋਂ ਅਸਤੀਫ਼ਾ ਦੇਕੇ ਭਾਜਪਾਈ ਬਣ ਕੇ ਆਪਣੇ ਦਾਗ ਸਾਫ ਕਰਣ ਦੀ ਸੋਚ ਰਹੇ ਹਨ ਉਨ੍ਹਾਂ ਨੂੰ ਇਕ ਵਾਰ ਗੁਰੂ ਸਾਹਿਬ ਵਲ ਵੀਂ ਵੇਖ ਕੇ ਸੋਚਣਾ ਚਾਹੀਦਾ ਸੀ ਕਿ ਮੌਜੂਦਾ ਕੇਂਦਰ ਵਲੋਂ ਸਿੱਖ ਪੰਥ ਨਾਲ ਛੁਪੇ ਏਜੰਡੇ ਰਾਹੀਂ ਸਿਰਫ ਤੇ ਸਿਰਫ ਧ੍ਰੋਹ ਹੀ ਕਮਾਇਆ ਗਿਆ ਹੈ ਤੇ ਪੰਥ ਨੂੰ ਕੋਈ ਵੀਂ ਉਨ੍ਹਾਂ ਵਲੋਂ ਪ੍ਰਾਪਤੀ ਨਹੀਂ ਹੋਈ ਹੈ । ਦਲਬਦਲੂ ਮੈਂਬਰ ਦਸਣ ਕਿ ਸਾਡੇ ਬੰਦੀ ਸਿੰਘ ਰਿਹਾ ਹੋ ਗਏ ਹਨ, ਕਿ ਕਿਸਾਨਾਂ ਦਾ ਮਸਲਾ ਹੱਲ ਹੋ ਗਿਆ ਸੀ, ਕਿ ਸਿੱਖਾਂ ਦੀਆਂ ਬਲੈਕ ਲਿਸਟਾਂ ਬਣਨੀਆਂ ਬੰਦ ਹੋ ਗਈਆਂ ਹਨ, ਕਿ ਸਿੱਖਾਂ ਨੂੰ ਦੂਜੇ ਦਰਜੇ ਦੇ ਸ਼ਹਿਰੀ ਹੋਣ ਦਾ ਅਹਿਸਾਸ ਹਾਲੇ ਵੀਂ ਨਹੀਂ ਕਰਵਾਇਆ ਜਾ ਰਿਹਾ, ਹੋਰ ਵੀਂ ਬਹੁਤ ਸਾਰੇ ਮਸਲੇ ਹਨ ਜਿਨ੍ਹਾਂ ਬਾਰੇ ਲਿਖਿਆ ਜਾ ਸਕਦਾ ਹੈ ਕਿ ਓਹ ਸਭ ਹੱਲ ਹੋ ਗਏ ਹਨ..? ਨੋਟਬੰਦੀ ਉਪਰੰਤ ਕੋਰੋਨਾ ਲਹਿਰ ਮੌਕੇ ਲੋਕਾਂ ਨੂੰ ਉਨ੍ਹਾਂ ਦੇ ਹਾਲਾਤਾਂ ਤੇ ਛੱਡ ਦੇਣਾ ਕੇਂਦਰ ਸਰਕਾਰ ਦੇ ਨਾ ਭੁੱਲਣ ਵਾਲੇ ਕਦਮ ਰਹਿੰਦੀ ਦੁਨੀਆਂ ਤਕ ਯਾਦ ਰਖੇ ਜਾਣੇ ਹਨ । ਇਕ ਤਾਜ਼ਾ ਮਸਲਾ ਕਰਨਾਟਕਾ ਦੇ ਪ੍ਰਜਵਲ ਨੂੰ ਭਾਜਪਾ ਵਲੋਂ ਗਠਜੋੜ ਕਾਰਨ ਉਨ੍ਹਾਂ ਨੂੰ ਲੋਕ ਸਭਾ ਦੀ ਟਿਕਟ ਦਿੱਤੀ ਗਈ। ਮੀਡੀਆ ਰਿਪੋਰਟਾਂ ਮੁਤਾਬਕ ਪ੍ਰਜਵਲ ਦੇ ਇਕ ਹਜ਼ਾਰ ਤੋਂ ਜ਼ਿਆਦਾ ਸੈਕਸ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੇ ਹਨ। ਜਿਸ ਕਰਕੇ ਰਾਜਨੀਤੀ ਅੰਦਰ ਵੱਡਾ ਵਲਵਲਾ ਪੈਦਾ ਹੋ ਗਿਆ ਹੈ ਤੇ ਪ੍ਰਜਵਲ ਰੇਵੰਨਾ ਦੇਸ਼ ਛੱਡ ਕੇ ਜਰਮਨੀ ਭੱਜ ਗਿਆ ਹੈ। ਕਿ ਹੁਣ ਭਾਜਪਾ ਸਰਕਾਰ ਦੇਸ਼ ਨੂੰ ਲੁੱਟਣ ਵਾਲੇ ਪਹਿਲਾਂ ਭਗੋੜੇ ਹੋ ਚੁੱਕੇਆਂ ਨੂੰ ਤਾਂ ਵਾਪਿਸ ਨਹੀਂ ਲੈਕੇ ਆ ਸਕੀ ਹੈ ਇਹ ਕਿਥੋਂ ਉਨ੍ਹਾਂ ਦੇ ਹੱਥ ਆਏਗਾ..? ਜੇਕਰ ਨਹੀਂ ਤਾਂ ਤੁਸੀਂ ਸੰਗਤ ਦੇ ਨਾਲ ਗੁਰੂ ਸਾਹਿਬ ਦੇ ਵੀਂ ਜੁਆਬਦੇਹ ਹੋ ਜਿਸਦਾ ਜੁਆਬ ਤੁਹਾਨੂੰ ਸੰਗਤ ਅੱਗੇ ਜਰੂਰ ਦੇਣਾ ਪਵੇਗਾ । ਸੰਗਤਾਂ ਨੂੰ ਉਨ੍ਹਾਂ ਦਲਬਦਲੂਆਂ ਤੋਂ ਸੁਚੇਤ ਰਹਿਣ ਦੀ ਅਪੀਲ ਹੈ ਕਿ ਅੱਜ ਸਿੱਖੀ ਸਵਰੂਪ ਅੰਦਰ ਮਖੌਟੇ ਬਦਲ-ਬਦਲ ਕੇ ਭੋਲੇ-ਭਾਲੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ ਇਸ ਲਈ ਇਨ੍ਹਾਂ ਪ੍ਰਤੀ ਸੁਚੇਤ ਰਹਿਣ ਦੀ ਲੋੜ ਹੈ।

**1947 ਵਿੱਚ ਸਿੱਖ ਕੌਮ ਨੇ ਆਪਣੀ ਕਿਸਮਤ ਹਿੰਦੋਸਤਾਨ ਨਾਲ ਜੋੜ ਵੱਡੀ ਭੁੱਲ ਕੀਤੀ - ਗੁਰਚਰਨ ਸਿੰਘ ਗੁਰਾਇਆ**


# ਯੂਰਪ 'ਚ ਜੂਨ 84 ਦੀ 40ਵੀਂ ਵਰ੍ਹੇਗੰਢ 'ਤੇ ਲਿਟਰੇਚਰ ਤੇ ਪ੍ਰਦਰਸ਼ਨੀਆਂ ਲਾ ਕੇ ਚਲਾਈ ਜਾਵੇਗੀ ਜਾਗਰੂਕ ਲਹਿਰ

ਫਰੈਂਕਫੋਰਟ, 3 ਮਈ (ਸਰਬਜੀਤ ਸਿੰਘ ਬਨੂੜ) - ਯੂਰਪ 'ਚ ਜੂਨ 84 ਦੀ 40ਵੀਂ ਵਰ੍ਹੇਗੰਢ ਤੇ ਜਰਮਨ ਦੇ ਵੱਖ ਵੱਖ ਸ਼ਹਿਰਾਂ, ਗੁਰੂ ਘਰਾਂ ਵਿੱਚ ਸਿੱਖ ਬੱਚਿਆਂ ਨੂੰ ਸਿੱਖਾਂ ਤੇ ਹੋਏ ਜ਼ੁਲਮਾਂ ਦਾ ਲਿਟਰੇਚਰ ਤੇ ਪ੍ਰਦਰਸ਼ਨੀਆਂ ਲਾ ਕੇ ਜਾਗਰੂਕ ਲਹਿਰ ਚਲਾਈ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਰਲਡ ਸਿੱਖ ਪਾਰਲੀਮੈਂਟ ਦੇ ਕੋ - ਕੋਅਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ ਤੇ ਭਾਈ ਗੁਰਪਾਲ ਸਿੰਘ ਪਾਲ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਆਖੇ। ਇਸ ਮੌਕੇ ਗੱਲਬਾਤ ਕਰਦਿਆ ਕੋ - ਕੋਅਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ ਨੇ ਕਿਹਾ ਕਿ ਕਾਂਗਰਸ ਸਰਕਾਰ ਦੇ ਇਸ਼ਾਰੇ ਤੇ ਭਾਰਤੀ ਫੌਜਾਂ ਨੇ ਜੂਨ 84 ਵਿੱਚ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਸਾਹਿਬ ਦੇ ਸ਼ਹੀਦੀ ਪੁਰਬ ਦੇ ਦਿਨ ਸ਼੍ਰੀ ਦਰਬਾਰ ਸਾਹਿਬ ਤੇ ਹੋਰ ਇਤਿਹਾਸਕ ਗੁਰਦੁਆਰਿਆਂ ਵਿੱਚ ਇਕੱਤਰ ਹੋਈਆਂ ਸੰਗਤਾਂ ਤੇ ਟੈਂਕਾਂ ਤੋਪਾਂ ਨਾਲ ਹਮਲਾਂ ਕਰਕੇ ਸਿੱਖਾਂ ਦੇ ਸਰਬ ਉਚ ਅਸਥਾਨ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ, ਦਰਬਾਰ ਸਾਹਿਬ ਨੂੰ ਗੋਲੀਆਂ ਨਾਲ ਛਲਣੀ ਕਰ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ 2500 ਤੋਂ ਵੱਧ ਬੀੜਾਂ ਨੂੰ ਅਗਨ ਭੇਟ, ਹਜ਼ਾਰਾਂ ਸਿੰਘਾਂ ਸਿੰਘਣੀਆਂ ਭੁਝੰਗੀਆਂ, ਇੱਥੋ ਤੱਕ ਕਿ ਦੁੱਧ ਚੁੰਘਦੇ ਬੱਚਿਆਂ ਨੂੰ ਵੀ ਨਿਰਦਈਪੁਣੇ ਦੀਆਂ ਸਭ ਹੱਦ ਟੱਪ ਕੇ ਭਾਰਤ ਦੀ ਫ਼ੌਜ ਨੇ ਸ਼ਹੀਦ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਭਾਰਤੀ ਫੋਜਾਂ ਨੇ ਜੂਨ 84 ਦੇ ਘੱਲੂਘਾਰੇ ਵਿੱਚ ਸਿੱਖ ਕੌਮ ਤੇ ਟੈਂਕਾਂ ਤੋਪਾਂ ਵਰਤ ਕੇ ਸਿੱਖ ਕੌਮ ਨੂੰ ਬੇਗਾਨਗੀ ਦਾ ਅਹਿਸਾਸ ਹੀ ਨਹੀਂ ਕਰਵਾਇਆ ਸਗੋਂ ਇਹ ਸੋਚਣ ਲਈ ਮਜ਼ਬੂਰ ਕਰ ਦਿੱਤਾ ਕਿ 1947 ਵਿੱਚ ਸਿੱਖ ਕੌਮ ਦੇ ਮੋਹਰੀ ਆਗੂਆਂ ਨੇ ਆਪਣੀ ਕਿਸਮਤ ਹਿੰਦੋਸਤਾਨ ਨਾਲ ਜੋੜ ਵੱਡੀ ਭੁੱਲ ਕਰ ਲਈ ਹੈ। ਆਗੂਆ ਨੇ ਕਿਹਾ ਕਿ ਹਕੂਮਤ ਵੱਲੋਂ ਸਿੱਖਾਂ ਦੀ ਨਸਲਕੁਸ਼ੀ ਕਰਨ ਤੋਂ ਬਾਅਦ ਵੀ ਸਿੱਖ ਕੌਮ ਦੀਆਂ ਭਾਵਨਾਂ ਤੇ ਜ਼ਖਮਾਂ ਦੀ ਭਰਾਈ ਕਰਨ ਦੀ ਬਜਾਏ ਆਪਣੀ ਚਾਣਕੀਆਂ ਸਾਮ, ਭੇਦ, ਦਾਮ, ਦੰਡ ਦੀ ਨੀਤੀ ਵਰਤ ਕੇ ਘੱਲੂਘਾਰੇ ਨੂੰ ਭੁਲ ਜਾਣ ਤੇ ਭਲਾਉਣ ਦੀਆਂ ਸਲਾਹਾਂ ਦਿੱਤੀਆਂ ਜਾ ਰਹੀਆਂ ਹਨ।

**ਜ਼ਖ਼ਮਾਂ ਨੂੰ ਭਰਨ ਦੀ ਥਾਂ ਭੁੱਲ ਜਾਣ ਦੀ ਨਸੀਹਤ ਕਿੱਥੋਂ ਤੱਕ ਸਹੀ**



## ਸਾਨੂੰ ਇੱਕ ਦੂਜੇ ਦੇ ਵਿਚਾਰਾਂ ਦਾ ਸਤਿਕਾਰ ਕਰਨਾ ਸਿੱਖਣਾ ਚਾਹੀਦਾ ਹੈ



ਭਾਰਤੀ ਵਿਧਾਨ ਤਹਿਤ, ਭਾਰਤੀ ਪਾਰਲੀਮੈਂਟ ਦੀਆਂ ਚੋਣਾਂ ਦੇ ਬਾਈਕਾਟ ਸਬੰਧੀ ਦਲ ਖਾਲਸਾ ਦਾ ਫੈਸਲਾ ਸਿਧਾਂਤਕ ਅਤੇ ਬਿਲਕੁੱਲ ਠੀਕ ਹੈ ।ਪਰ ਅਸੀਂ ਆਪਣਾ ਫੈਸਲਾ ਕਿਸੇ ਦੂਜੀ ਸਿੱਖ ਜੱਥੇਬੰਦੀ, ਜਿਹੜੀ ਇਹ ਚੋਣਾਂ ਲੜ੍ਹਨ ਦੇ ਹੱਕ ਵਿੱਚ ਹੈ, ਦੇ ਵਿਰੋਧ ਲਈ ਨਹੀਂ ਕੀਤਾ । ਇਹਨਾਂ ਚੋਣਾਂ ਵਿੱਚ ਹਿੱਸਾ ਲੈਣ ਵਾਲੇ ਖਾਲਿਸਤਾਨ ਦੇ ਹਾਮੀ ਸਿੰਘਾਂ ਪ੍ਰਤੀ ਅਸੀਂ ਸ਼ੁੱਭ ਇੱਛਾਵਾਂ ਦਾ ਇਜ਼ਹਾਰ ਵੀ ਕਰਦੇ ਹਾਂ।

ਸਾਨੂੰ ਇੱਕ ਦੂਜੇ ਦੇ ਵਿਚਾਰਾਂ ਦਾ ਸਤਿਕਾਰ ਕਰਨਾ ਸਿਖਣਾ ਚਾਹੀਦਾ ਹੈ ।

ਚੋਣਾਂ ਦਾ ਮੌਸਮ ਆਇਆ ਹੈ, ਬੀਤ ਜਾਵੇਗਾ ।ਅਸੀਂ ਸੱਭ ਨੇ ਕੌਮੀ ਸੰਘਰਸ਼ ਵਿੱਚ ਹੀ ਰਹਿਣਾ ਹੈ ।

ਅਗਰ ਕੁੱਝ ਦਲੀਲਾਂ ਬਾਈਕਾਟ ਕਰਨ ਦੇ ਵਿਰੁੱਧ ਹਨ, ਤਾਂ ਬਾਈਕਾਟ ਕਰਨ ਦੇ ਹੱਕ ਵਿੱਚ ਵੀ ਬਹੁਤ ਦਲੀਲਾਂ ਹਨ, ਪਰ ਆਪਸੀ ਬਹਿਸ ਫੇਸਬੁੱਕ ਵਰਗੇ ਖੁੱਲ੍ਹੇ ਮੰਚ ਉਤੇ ਸਾਡੇ ਸਮੁੱਚੇ ਕੌਮੀ ਹਿੱਤ ਵਿੱਚ ਨਹੀਂ ਹੈ ।

ਕਿਸੇ ਆਜ਼ਾਦੀ ਪਸੰਦ ਜੱਥੇਬੰਦੀ ਦੇ ਚੋਣਾਂ ਲੜ੍ਹਨ ਦੇ ਫੈਸਲੇ ਨੂੰ ਟੈਕਟੀਕਲ ਹੀ ਕਿਹਾ ਜਾ ਸਕਦਾ ਹੁੰਦਾ ਹੈ, ਜੋ ਲੜ੍ਹਨ ਵਾਲੇ ਕਹਿ ਵੀ ਰਹੇ ਹਨ, ਤੇ ਉਹਨਾਂ ਨੂੰ ਉਹਨਾਂ ਦਾ ਫੈਸਲਾ ਮੁਬਾਰਕ ਹੋਵੇ ।

ਪਹਿਲਾਂ ਹੀ ਦੇਖਣ ਨੂੰ ਮਿੱਲ ਰਿਹਾ ਹੈ ਕਿ ਵਿਚਾਰਾਂ ਦੇ ਫਰਕ ਦਾ ਇਜ਼ਹਾਰ ਗਾਲੀ ਗਲੋਚ ਦੀ ਭਾਸ਼ਾ ਵਿੱਚ ਕੀਤਾ ਜਾ ਰਿਹਾ ਹੈ ।ਇਸ ਤੋਂ ਬਚਣ ਦੀ ਲੋੜ੍ਹ ਹੈ ।

**-ਗਜਿੰਦਰ ਸਿੰਘ, ਦਲ ਖਾਲਸਾ**







ਦਮਦਮੀ ਟਕਸਾਲ ਮਹਿਤਾ ਵਿਖੇ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਬੀਬੀ ਬਲਵਿੰਦਰ ਕੌਰ, ਪਿਤਾ ਜਥੇਦਾਰ ਤਰਸੇਮ ਸਿੰਘ ਤੇ ਬੀਬੀ ਪਰਮਜੀਤ ਕੌਰ ਖਾਲਸਾ ਦਾ ਸਨਮਾਨ ਕਰਦੇ ਹੋਏ ਦਮਦਮੀ ਟਕਸਾਲ ਜਥੇਬੰਦੀ ਦੇ ਸਿੰਘ।

# ਦਮਦਮੀ ਟਕਸਾਲ ਵਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਹਮਾਇਤ ਦਾ ਐਲਾਨ

## ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ-ਪਿਤਾ ਅਤੇ ਬੀਬੀ ਖਾਲੜਾ ਦਮਦਮੀ ਟਕਸਾਲ ਵਿਖੇ ਹੋਏ ਨਤਮਸਤਕ

**ਚੌਕ ਮਹਿਤਾ, 3 ਮਈ (ਆਵਾਜ਼ਿ ਕੌਮ ਬਿਊਰੋ)-** ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ, ਜੋ ਕਿ ਆਸਾਮ ਦੀ ਜੇਲ੍ਹ ਵਿਚ ਬੰਦ ਹਨ, ਵਲੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦੇ ਐਲਾਨ ਉਪਰੰਤ ਉਨ੍ਹਾਂ ਦਾ ਪਰਿਵਾਰ ਅਤੇ ਸਮਰਥਕ ਬੜੇ ਉਤਸ਼ਾਹ ਨਾਲ ਚੋਣ ਮੁਹਿੰਮ ਵਿਚ ਕੁੱਦ ਪਏ ਹਨ। ਚੋਣ ਮੁਹਿੰਮ ਦੀ ਇਸੇ ਲੜੀ ਤਹਿਤ ਅੱਜ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਜਥੇਦਾਰ ਤਰਸੇਮ ਸਿੰਘ, ਮਾਤਾ ਬੀਬੀ ਬਲਵਿੰਦਰ ਕੌਰ ਅਤੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਪਤਨੀ ਬੀਬੀ ਪਰਮਜੀਤ ਕੌਰ ਖਾਲੜਾ ਤੋਂ ਇਲਾਵਾ ਭਾਈ ਅੰਮ੍ਰਿਤਪਾਲ ਸਿੰਘ ਦਾ ਚਾਚਾ ਸੁਖਚੈਨ ਸਿੰਘ, ਹਰਜਿੰਦਰ ਸਿੰਘ ਬਾਜੇਕੇ, ਬੀਬੀ ਮਨਜੀਤ ਕੌਰ, ਭਾਈ ਲਖਬੀਰ ਸਿੰਘ ਕੋਟਲਾ (ਅਕਾਲੀ ਦਲ ਅੰਮ੍ਰਿਤਸਰ ਦੇ ਨੁਮਾਇੰਦੇ) ਅਤੇ ਹੋਰ ਬਹੁਤ ਸਾਰੇ ਵਰਕਰਾਂ ਦੀਆਂ ਗੱਡੀਆਂ ਦਾ ਕਾਫਲਾ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਜਥਾ ਭਿੰਡਰਾਂ ਵਿਖੇ ਪੁੱਜਾ ਅਤੇ ਗੁਰਦੁਆਰਾ ਸਾਹਿਬ ਵਿਚ ਉਨ੍ਹਾਂ ਨੇ ਨਤਮਸਤਕ ਹੋ ਕੇ ਆਪਣੀ ਜਿੱਤ ਵਾਸਤੇ ਅਰਦਾਸ ਬੇਨਤੀ ਕੀਤੀ। ਇਸ ਮੌਕੇ ਦਮਦਮੀ ਟਕਸਾਲ ਜਥੇਬੰਦੀ ਦੇ ਜ਼ਿੰਮੇਵਾਰ ਸਿੰਘਾਂ, ਭਾਈ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਭਾਈ ਬੋਹੜ ਸਿੰਘ ਅਤੇ ਹੋਰ ਸਿੰਘਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ-ਪਿਤਾ ਅਤੇ ਬੀਬੀ ਪਰਮਜੀਤ ਕੌਰ ਖਾਲੜਾ ਨੂੰ ਸਿਰਪਾਓ ਦੇ ਕੇ ਉਨ੍ਹਾਂ ਦਾ ਸਤਿਕਾਰ ਕੀਤਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੀ ਹਮਾਇਤ ਦਾ ਭਰੋਸਾ ਦਿਵਾਇਆ। ਪੱਤਰਕਾਰਾਂ ਨਾਲ ਗੱਲ ਕਰਦਿਆਂ ਜਥੇਦਾਰ ਤਰਸੇਮ ਸਿੰਘ ਅਤੇ ਬੀਬੀ ਪਰਮਜੀਤ ਕੌਰ ਖਾਲੜਾ ਨੇ ਦੱਸਿਆ ਕਿ ਚੋਣਾਂ ਵਿਚ ਹਿੱਸਾ ਲੈਣ ਦਾ ਸਾਡਾ ਮੁੱਖ ਉਦੇਸ਼ ਇਹੋ ਹੈ ਕਿ ਬੰਦੀ ਸਿੰਘਾਂ ਦੀ ਰਿਹਾਈ ਕਰਵਾਈ ਜਾਵੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਢੁਕਵੀਂ ਸਜ਼ਾ ਦਿੱਤੀ ਜਾਵੇ ਅਤੇ ਅੰਮ੍ਰਿਤ ਪ੍ਰਚਾਰ ਦੀ ਲਹਿਰ ਹੋਰ ਪ੍ਰਚੰਡ ਕਰਕੇ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਅ ਕੇ ਸਿੱਖੀ ਵਿਰਸੇ ਨਾਲ ਜੋੜਿਆ ਜਾਵੇ। ਇਸ ਮੌਕੇ ਬੀਬੀ ਮਨਜੀਤ ਕੌਰ, ਭਾਈ ਕਸ਼ਮੀਰ ਸਿੰਘ ਢੋਟ ਕਲੇਰ, ਅਮਰਜੀਤ ਸਿੰਘ, ਦਰਿਆ ਸਿੰਘ, ਅਮਰਜੀਤ ਸਿੰਘ ਵਨ-ਚੜ੍ਹੀ, ਮਨਬੀਰ ਕੌਰ, ਸਿਮਰਨਜੀਤ ਕੌਰ, ਗੁੱਖੇ ਭਾਈ ਨਿਸ਼ਾਨ ਸਿੰਘ, ਸਰਪੰਚ ਅਮਨਦੀਪ ਸਿੰਘ, ਪ੍ਰਗਟ ਸਿੰਘ ਮੋਅਾ ਪਿੰਡ, ਦਲਜੀਤ ਸਿੰਘ, ਜਵੰਦਪੁਰ, ਸੁਰਜੀਤ ਸਿੰਘ ਸਹਾਬਪੁਰ, ਬਰਨਵੀਰ ਸਿੰਘ ਜੀਹਾ, ਬਲਦੇਵ ਸਿੰਘ ਆਦਿ ਵੀ ਮੌਜੂਦ ਸਨ।

# ਐਸ . ਐਨ . ਐਸ . ਦੋਆਬਾ ਖਾਲਸਾ ਪਬਲਿਕ ਸਕੂਲ ਧੀਣਾ ਦਾ ਦਸਵੀਂ ਦੇ 100% ਨਤੀਜੇ ਤੇ ਵਧਾਈਆਂ ਦਾ ਲੱਗਾ ਤਾਂਤਾ



**ਜਮਸ਼ੇਰ • ਆਵਾਜ਼ਿ ਕੌਮ ਬਿਊਰੋ**

ਐਸ.ਐਨ.ਐਸ. ਦੋਆਬਾ ਖਾਲਸਾ ਪਬਲਿਕ ਸਕੂਲ ਧੀਣਾ ਨੇ ਦਸਵੀਂ ਜਮਾਤ ਬੋਰਡ ਦੀ ਪ੍ਰੀਖਿਆ ਵਿੱਚ 100% ਨਤੀਜਾ ਹਾਸਲ ਕੀਤਾ। ਦੀਪਿਕਾ ਪੁੱਤਰੀ ਰਾਜੀਵ ਕੁਮਾਰ ਨੇ 650 ਵਿਚੋਂ 600 ਅੰਕ ਹਾਸਲ ਕਰਕੇ ਸਕੂਲ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ। ਅਰਸ਼ਦੀਪ ਸਿੰਘ 556 ਰੋਹਨਪ੍ਰੀਤ ਸਿੰਘ ਨੇ 548 ਅੰਕ ਹਾਸਲ ਕਰਕੇ ਕਰਮਵਾਰ ਪਹਿਲਾ ਤੇ ਦੂਜਾ ਸਥਾਨ ਹਾਸਿਲ ਕੀਤਾ। ਦਸਵੀਂ ਜਮਾਤ ਦੀ ਪ੍ਰੀਖਿਆ ਸਕੂਲ ਦੇ 22 ਵਿਦਿਆਰਥੀਆਂ ਵੱਲੋਂ ਦਿੱਤੀ ਗਈ ਜਿਸ ਵਿੱਚ 21 ਵਿਦਿਆਰਥੀਆਂ ਵੱਲੋ ਪਹਿਲਾ ਦਰਜਾ ਹਾਸਲ ਕੀਤਾ। 15 ਵਿਦਿਆਰਥੀਆਂ ਵੱਲੋਂ 70 % ਤੋਂ ਵੱਧ ਅੰਕ ਪ੍ਰਾਪਤ ਕੀਤੇ। ਇਸ ਮੌਕੱ ਸਕੂਲ ਮੈਨਜਮੈਂਟ ਕਮੇਟੀ ਦੇ ਮੈਨਜਰ ਸ੍ਰ? ਜਸਜੀਤ ਸਿੰਘ ਰਾਏ ਨੇ ਜੇਤੂ ਰਹਿਣ ਵਾਲੇ ਵਿਦਿਆਰਥੀਆਂ , ਉਹਨਾ ਦੇ ਮਾਪਿਆਂ , ਪ੍ਰਿੰਸੀਪਲ ਸ੍ਰੀ ਮਤੀ ਦਲਜੀਤ ਕੌਰ ਅਤੇ ਸਮੂੰਹ ਸਟਾਫ ਨੂੰ ਸਕੂਲ ਮੈਨੇਜਿੰਗ ਕਮੇਟੀ ਵੱਲੋਂ ਵਧਾਈ ਦਿੱਤੀ ਅਤੇ ਉਹਨਾਂ ਦੇ ਉਜੱਲ ਭਵਿੱਖ ਦੀ ਕਾਮਨਾ ਕੀਤੀ। ਸ੍ਰ ਜਸਜੀਤ ਸਿੰਘ ਰਾਏ ਨੇ ਦੱਸਿਆ ਕਿ ਸਕੂਲ ਪਿਛਲੇ 27 ਵਰਿਆਂ ਤੋਂ ਨਿਰੰਤਰ ਸਿੱਖਿਆ ਦੇ ਖੇਤਰ ਵਿੱਚ ਸੇਵਾ ਦੇ ਰਿਹਾ ਹੈ ਅਤੇ ਸਕੂਲ ਦੇ ਵਿਦਿਆਰਥੀ ਪੜਾਈ ਦੇ ਨਾਲ ਨਾਲ ਖੇਡਾਂ ,ਸਾਹਿਤਕ ਅਤੇ ਸੱਭਿਆਚਾਰਕ ਸਰਗਰਮੀਆਂ ਵਿੱਚ ਵੀ ਮੱਲਾਂ ਮਾਰਦੇ ਹਨ। 100% ਨਤੀਜਾ ਆਉਣ ਅਤੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਵਾਲੇ ਇਸ ਸਕੂਲ ਨੂੰ ਰੁੱਖ, ਕੁੱਖ ਤੇ ਕਿਤਾਬਾ ਮਿਸ਼ਨ ਦੇ ਡਾਇਰੈਕਟਰ ਮਹਿੰਦਰ ਸਿੰਘ ਕੈਂਥ ਯੂ. ਏ. ਈ. ਗਵਰਨਰ ਐਵਾਰਡੀ, ਪਿਆਰਾ ਸਿੰਘ ਯੂ. ਕੇ. , ਸਾਹਿਤਕ ਮੰਚ ਜਮਸ਼ੇਰ ਦੇ ਮੈਬਰਾਂ ਤੇ ਹੋਰ ਸਾਬਕਾ ਵਿਦਿਆਰਥੀਆਂ ਨੇ ਵੀ ਵਧਾਈਆਂ ਭੇਜੀਆਂ ਹਵਾ ਪਾਣੀ ਧਰਤੀ ਦੀ ਸ਼ੁੱਧਤਾ ਲਈ ਸਕੂਲ ਨੇ ਵਿਸ਼ਵ ਧਰਤੀ ਦਿਵਸ ਤਹਿਤ ਬੂਟੇ ਵੀ ਲਗਾਏ।

ਆਵਾਜ਼ਿ ਕੌਮ
AWAZE QAUM
International Newspaper & WEB TV

### ਗੱਤਕੇ ਨੂੰ ਉਤਸ਼ਾਹਿਤ ਕਰਨ ਲਈ

# ਹਰਜੀਤ ਗਰੇਵਾਲ 'ਸਿੱਖ ਅਚੀਵਰਜ਼ ਐਵਾਰਡ' ਨਾਲ ਸਨਮਾਨਿਤ



**ਚੰਡੀਗੜ੍ਹ, 3 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਪੰਜਾਬ ਵਿੱਚ ਸੰਯੁਕਤ ਡਾਇਰੈਕਟਰ ਵਜੋਂ ਤਾਇਨਾਤ ਸਮਰਪਿਤ ਸਿੱਖ ਅਧਿਕਾਰੀ ਹਰਜੀਤ ਸਿੰਘ ਗਰੇਵਾਲ ਨੂੰ ਬੀਤੇ ਦਿਨ ਮੁੰਬਈ ਸਥਿਤ ਸ਼੍ਰੀ ਸ਼ਨਮੁਖਾਨੰਦ ਚੰਦਰਸ਼ੇਖਰੇਂਦਰ ਸਰਸਵਤੀ ਆਡੀਟੋਰੀਅਮ ਵਿਖੇ ਆਯੋਜਿਤ ਇੱਕ ਵੱਕਾਰੀ ਸਮਾਗਮ ਦੌਰਾਨ 'ਸਿੱਖ ਅਚੀਵਰਜ਼ ਐਵਾਰਡ' ਨਾਲ ਨਿਵਾਜਿਆ ਗਿਆ। ਇਸ ਤੋਂ ਪਹਿਲਾਂ ਉਨ੍ਹਾਂ ਨੂੰ ਦੁਬਈ ਵਿਖੇ 'ਸੇਵਾ ਐਵਾਰਡ' ਅਤੇ ਪੰਜਾਬ ਸਰਕਾਰ ਵੱਲੋਂ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਸਤਿ ਸ੍ਰੀ ਅਕਾਲ ਚੈਰੀਟੇਬਲ ਟਰੱਸਟ ਮੁੰਬਈ ਦੁਆਰਾ ਆਯੋਜਿਤ ਇਸ ਸਲਾਨਾ ਸਮਾਗਮ ਵਿੱਚ ਉਨ੍ਹਾਂ ਸੱਤ ਉੱਘੇ ਸਿੱਖਾਂ ਨੂੰ ਬਿਹਤਰੀਨ ਸਮਾਜਿਕ ਯੋਗਦਾਨ ਪਾਉਣ ਬਦਲੇ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਨੇ ਸਮਾਜ ਨੂੰ ਮਹੱਤਵਪੂਰਨ ਦੇਣ ਦਿੱਤੀ ਹੈ। ਇਸ ਸਮਾਗਮ ਦੌਰਾਨ ਪ੍ਰਸਿੱਧ ਗਾਇਕ ਸ਼ਮਸ਼ੇਰ ਲਹਿਰੀ ਅਤੇ ਬੀਰੇਂਦਰ ਢਿੱਲੋਂ ਦੇ ਸੂਫੀ ਗੀਤਾਂ ਅਤੇ ਉੱਘੀ ਸਟੇਜ ਕਲਾਕਾਰ ਸਤਿੰਦਰ ਕੌਰ ਸੱਤੀ ਦੀ ਬਾਖੂਬੀ ਪੇਸ਼ਕਾਰੀ ਨੇ ਸਮਾਰੋਹ ਦੀ ਰੌਣਕ ਵਿੱਚ ਹੋਰ ਵਾਧਾ ਕੀਤਾ। ਸਨਮਾਨ ਪ੍ਰਾਪਤ ਕਰਨ ਉਪਰੰਤ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਹਰਜੀਤ ਗਰੇਵਾਲ ਨੇ ਪ੍ਰਬੰਧਕਾਂ ਅਤੇ ਟਰੱਸਟ ਦੇ ਚੇਅਰਮੈਨ ਪੂਰਨ ਸਿੰਘ ਬਾਂਗਾ ਦਾ ਧੰਨਵਾਦ ਕਰਦਿਆਂ ਕਿਹਾ ਇਹ ਸਨਮਾਨ ਉਨ੍ਹਾਂ ਨੂੰ ਵਧ-ਚੜ੍ਹ ਕੇ ਸਮਾਜ ਸੇਵਾ ਕਰਨ ਲਈ ਪ੍ਰਤੀਬੱਧਤਾ, ਜ਼ਿੰਮੇਵਾਰੀ ਵਿੱਚ ਹੋਰ ਵਾਧਾ ਕਰਨ ਅਤੇ ਗੱਤਕੇ ਪ੍ਰਤੀ ਭਵਿੱਖੀ ਯਤਨਾਂ ਨੂੰ ਹੋਰ ਅੱਗੇ ਵਧਾਉਣ ਲਈ ਪ੍ਰੇਰਿਤ ਕਰਦਾ ਰਹੇਗਾ। ਜਿਕਰਯੋਗ ਹੈ ਕਿ ਗੱਤਕਾ ਪ੍ਰਮੋਟਰ ਹਰਜੀਤ ਸਿੰਘ ਗਰੇਵਾਲ ਇਸ ਵਿਰਾਸਤੀ ਸਿੱਖ ਮਾਰਸ਼ਲ ਆਰਟ ਤੇ ਸੱਭਿਆਚਾਰਕ ਵਿਰਾਸਤ ਨੂੰ ਪ੍ਰਫੁੱਲਤ ਕਰਨ ਅਤੇ ਸੰਭਾਲਣ ਪ੍ਰਤੀ ਅਹਿਮ ਭੂਮਿਕਾ ਨਿਭਾਅ ਰਹੇ ਹਨ। ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ ਦੇ ਪ੍ਰਧਾਨ ਵਜੋਂ ਉਨ੍ਹਾਂ ਦੀ ਅਗਵਾਈ ਹੇਠ ਗੱਤਕਾ ਖੇਡ ਨੂੰ ਨੈਸ਼ਨਲ ਸਕੂਲ ਗੇਮਜ਼, ਆਲ ਇੰਡੀਆ ਇੰਟਰ-ਯੂਨੀਵਰਸਿਟੀ ਗੱਤਕਾ ਟੂਰਨਾਮੈਂਟ, ਖੇਲੋ ਇੰਡੀਆ ਯੂਥ ਗੇਮਜ਼ ਅਤੇ ਨੈਸ਼ਨਲ ਖੇਡਾਂ ਸਮੇਤ ਵੱਖ-ਵੱਖ ਖੇਡਾਂ ਵਿੱਚ ਇੱਕ ਮੁਕਾਬਲੇ ਵਾਲੀ ਖੇਡ ਵਜੋਂ ਮਾਨਤਾ ਦਿਵਾਈ ਗਈ ਹੈ। ਹਰਜੀਤ ਗਰੇਵਾਲ ਦੀਆਂ ਪਹਿਲਕਦਮੀਆਂ ਨੇ ਗੱਤਕੇ ਨੂੰ ਪੰਜਾਬ ਖੇਡ ਵਿਭਾਗ ਦੀ ਗ੍ਰੇਡੇਸ਼ਨ ਸੂਚੀ ਵਿੱਚ ਸ਼ਾਮਲ ਕਰਵਾਇਆ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਪਾਠਕ੍ਰਮ ਵਿੱਚ ਗੱਤਕੇ ਬਾਰੇ ਇੱਕ ਪਾਠ ਸ਼ਾਮਲ ਕਰਵਾਇਆ। ਭਵਿੱਖ ਬਾਰੇ ਗੱਲਬਾਤ ਕਰਦਿਆਂ ਪੰਜਾਬ ਰਾਜ ਪੁਰਸਕਾਰ ਜੇਤੂ ਗਰੇਵਾਲ ਗੱਤਕਾ ਖੇਡ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਦ੍ਰਿੜ ਹਨ ਅਤੇ ਗੱਤਕੇ ਨੂੰ ਪੜਾਅਵਾਰ ਏਸ਼ੀਆਈ ਖੇਡਾਂ, ਰਾਸ਼ਟਰਮੰਡਲ ਖੇਡਾਂ ਅਤੇ ਬਾਅਦ ਵਿੱਚ ਓਲੰਪਿਕ ਖੇਡਾਂ ਵਿੱਚ ਸ਼ਾਮਲ ਕਰਾਉਣ ਦੀ ਯੋਜਨਾ ਹੈ।




☛ 'ਸੇਵਾ ਐਵਾਰਡ' ਤੇ 'ਪੰਜਾਬ ਸਟੇਟ ਐਵਾਰਡ' ਨਾਲ ਪਹਿਲਾਂ ਹੋ ਚੁੱਕੇ ਨੇ ਸਨਮਾਨਿਤ
☛ ਗੱਤਕਾ ਖੇਡ ਨੂੰ ਕੌਮਾਂਤਰੀ ਪੱਧਰ 'ਤੇ ਲਿਜਾਣ ਲਈ ਦ੍ਰਿੜ ਸੰਕਲਪ ਹਾਂ- ਗਰੇਵਾਲ

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਟੈਲੇਂਟ ਇੰਡੀਆ ਵੱਲੋਂ

# ਮੈਗਾ ਜਾਬ ਫੇਅਰ ਪ੍ਰਗਤੀ ਚੈਪਟਰ-2 ਆਯੋਜਿਤ







**ਤਲਵੰਡੀ ਸਾਬੋ, 3 ਮਈ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਸਿੱਖਿਆ ਨੂੰ ਰੁਜ਼ਗਾਰ ਨਾਲ ਜੋੜਨ ਅਤੇ ਕਿੱਤਾ ਮੁਖੀ ਬਣਾਉਣ ਲਈ ਲੰਬੇ ਸਮੇਂ ਤੋਂ ਯਤਨਸ਼ੀਲ ਹੈ। ਇਸ ਕਾਰਜ ਨੂੰ ਅਮਲੀ ਰੂਪ ਦਿੰਦੇ ਹੋਏ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਦੇਖ-ਰੇਖ ਹੇਠ 'ਵਰਸਿਟੀ ਵੱਲੋਂ ਟੈਲੇਂਟ ਇੰਡੀਆ ਦੇ ਸਹਿਯੋਗ ਨਾਲ ਮੈਗਾ ਜਾਬ ਫੇਅਰ ਪ੍ਰਗਤੀ ਚੈਪਟਰ-2 ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਾ. ਬਾਵਾ ਨੇ ਵਿਦਿਆਰਥੀਆਂ ਨੂੰ ਆਪਣੇ ਸ੍ਵੈ-ਉਦਯੋਗ ਸਥਾਪਿਤ ਕਰਨ ਦੀ ਪ੍ਰੇਰਣਾ ਦਿੱਤੀ ਤੇ ਉਨ੍ਹਾਂ ਨੂੰ ਰੁਜਗਾਰ ਮੰਗਣ ਦੀ ਬਜਾਏ ਰੁਜ਼ਗਾਰ ਦੇਣ ਵਾਲੇ ਬਣਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਫ਼ਲਤਾ ਜਾਂ ਅਸਫ਼ਲਤਾ ਜ਼ਿੰਦਗੀ ਦਾ ਹਿੱਸਾ ਹੁੰਦੀਆਂ ਹਨ। ਇਸ ਲਈ ਸਾਨੂੰ ਅਸਫਲਤਾ ਤੋਂ ਨਿਰਾਸ਼ ਨਹੀਂ ਹੋਣਾ ਚਾਹੀਦਾ। ਕਿਉਂਕਿ ਹਰ ਅਸਫਲਤਾ ਸਾਨੂੰ ਕੁਝ ਨਾ ਕੁਝ ਸਿਖਾ ਕੇ ਜਾਂਦੀ ਹੈ। ਰੁਜ਼ਗਾਰ ਮੇਲੇ ਬਾਰੇ ਜਾਣਕਾਰੀ ਦਿੰਦਿਆਂ ਨਵਦੀਪ ਗਰਗ, ਡਾਇਰਕੈਟਰ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਨੇ ਦੱਸਿਆ ਕਿ ਰੁਜ਼ਗਾਰ ਮੇਲੇ ਵਿੱਚ ਭਾਰਤ ਦੀਆਂ ਨਾਮਵਰ 20 ਕੰਪਨੀਆਂ ਦੇ ਨੁੰਮਾਇੰਦਿਆਂ ਨੇ ਆਫ਼ ਲਾਈਨ ਅਤੇ ਆਨ ਲਾਈਨ ਆਪਣੇ ਅਦਾਰਿਆਂ ਲਈ ਵਿਦਿਆਰਥੀਆਂ ਦੀ ਚੋਣ ਕੀਤੀ। ਰੁਜ਼ਗਾਰ ਮੇਲੇ ਵਿੱਚ ਵਰਸਿਟੀ ਦੇ ਆਲੇ ਦੁਆਲੇ ਦੇ 700 ਤੋਂ ਜ਼ਿਆਦਾ ਉਮੀਦਾਵਾਰਾਂ ਨੇ ਰਜਿਸਟ੍ਰੇਸ਼ਨ ਫਾਰਮ ਭਰੇ। ਡਾ. ਵਿਕਾਸ ਗੁਪਤਾ, ਡਿਪਟੀ ਡਾਇਰੈਕਟਰ ਟ੍ਰੇਨਿੰਗ ਐਂਡ ਪਲੇਸਮੈਂਟ ਨੇ ਰੁਜ਼ਗਾਰ ਮੇਲੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੀ.ਕੇ.ਯੂ. ਵੱਲੋਂ ਵਿਦਿਆਰਥੀਆਂ ਨੂੰ ਸ੍ਵੈ-ਰੁਜ਼ਗਾਰ ਸਥਾਪਿਤ ਕਰਨ ਦੀ ਟ੍ਰੇਨਿੰਗ ਲਈ ਪੰਜਾਬ ਸਰਕਾਰ ਦੇ ਅਦਾਰਿਆਂ ਅਤੇ ਨਾਮਵਰ ਬੈਂਕਾ ਵੱਲੋਂ ਟ੍ਰੇਨਿੰਗ ਕੈਂਪ ਅਤੇ ਵਰਕਸ਼ਾਪ ਵੀ ਆਯੋਜਿਤ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਸ੍ਵੈ-ਰੁਜ਼ਗਾਰ ਵਾਸਤੇ ਪ੍ਰੇਰਿਤ ਕਰਨ ਲਈ ਸੈਮੀਨਾਰਾਂ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਨੇ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲੀ ਉਮੀਦਵਾਰ ਸ: ਰਣਜੀਤ ਸਿੰਘ ਢਿੱਲੋਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਭੇਜਾਂਗੇ : ਐੱਸ ਆਰ ਕਲੇਰ

## 6 ਮਈ ਨੂੰ ਸਰਕਲ ਗਿੱਦੜਵਿੰਡੀ ਦੇ ਪਿੰਡਾਂ ਦਾ ਕੀਤਾ ਜਾਵੇਗਾ ਦੌਰਾ





**ਜਗਰਾਉਂ, (ਵਰਿਆਮ ਹਠੂਰ)**-ਸ਼੍ਰੋਮਣੀ ਅਕਾਲੀ ਦਲ ਦੇ ਲੁਧਿਆਣਾ ਤੋਂ ਉਮੀਦਵਾਰ ਸ: ਰਣਜੀਤ ਸਿੰਘ ਢਿੱਲੋਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਸੀਟ ਪਾਰਟੀ ਦੀ ਝੋਲੀ ਪਾਵਾਂਗੇ, ਪਾਰਟੀ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਲਗਾਤਾਰ ਮਿਹਨਤ ਕਰ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ਼੍ਰੀ ਐੱਸ ਆਰ ਕਲੇਰ ਨੇ ਖ਼ਾਸ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਮੌਕੇ ਹੀ ਵੱਡੀ ਪੱਧਰ ਤੇ ਵਿਕਾਸ ਹੋਇਆ ਹੈ। ਜਿਸ ਨੂੰ ਅੱਜ ਵੀ ਲੋਕ ਯਾਦ ਕਰ ਰਹੇ ਹਨ। ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨੂੰ ਝੂਠ ਮਾਰਕੇ ਗੁੰਮਰਾਹ ਕਰਕੇ ਸੱਤਾ ਹਾਸਲ ਕੀਤੀ ਹੈ। ਪਰ ਸੂਝਵਾਨ ਵੋਟਰ ਇੰਨ੍ਹਾਂ ਦੀਆਂ ਲੂੰਬੜਚਾਲਾਂ ਤੋਂ ਚੰਗੀ ਤਰ੍ਹਾਂ ਜਾਣੂੰ ਹੋ ਚੁੱਕੇ ਹਨ। ਤੇ ਚੋਣਾਂ ਵਿੱਚ ਲੋਕ ਮੁੱਖ ਮੰਤਰੀ ਭਗਵੰਤ ਮਾਨ ਦੇ ਉਮੀਦਵਾਰਾਂ ਤੋਂ ਜਬਾਬ ਮੰਗਣਗੇ, ਕਲੇਰ ਨੇ ਕਿਹਾ ਕਿ ਔਰਤਾਂ ਨੂੰ ਹਜ਼ਾਰ-ਹਜ਼ਾਰ ਰੁਪਏ ਦੇਣ ਦਾ ਲਾਰਾ ਲਾਇਆ ਜੋ ਅੱਜ ਤੱਕ ਪੂਰਾ ਨਹੀਂ ਹੋਇਆ, ਸਟੇਜ ਚਲਾਉਣ ਵਿੱਚ ਅਤੇ ਸਟੇਟ ਚਲਾਉਣ ਵਿੱਚ ਬੜਾ ਅੰਤਰ ਹੁੰਦਾ ਹੈ। ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਚੰਗੀ ਤਰ੍ਹਾਂ ਜਾਣੂੰ ਹੋ ਚੁੱਕੇ ਹਨ। ਤੇ ਲੋਕਾਂ ਨੂੰ ਗੁੰਮਰਾਹ ਕਰਨ ਦੇ ਨਤੀਜੇ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਭੁਗਤਣੇ ਪੈਣਗੇ। ਉਨ੍ਹਾਂ ਕਿਹਾ ਕਿ ਲੁਧਿਆਣਾ ਸੀਟ ਤੇ ਕਾਂਗਰਸ ਵੱਲੋਂ ਰਾਜਾ ਵੜਿੰਗ ਨੂੰ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ। ਜਿਸ ਤੋਂ ਵੀ ਲੋਕ ਨਾਂ ਖੁਸ਼ ਹਨ। ਤੇ ਦੂਜੇ ਪਾਸੇ ਕਾਂਗਰਸ ਨੂੰ ਅਲਵਿਦਾ ਆਖ ਕੇ ਬੀ ਜੇ ਪੀ ਵਿੱਚ ਜਾਣ ਵਾਲੇ ਰਵਨੀਤ ਸਿੰਘ ਬਿੱਟੂ ਬੀ ਜੇ ਪੀ ਦੇ ਉਮੀਦਵਾਰ ਹਨ। ਜਿੰਨ੍ਹਾਂ ਦਾ ਕਿਸਾਨਾਂ ਵੱਲੋਂ ਹਰ ਪਾਸੇ ਵਿਰੋਧ ਹੋ ਰਿਹਾ ਹੈ। ਇਸ ਲਈ ਸੂਝਵਾਨ ਵੋਟਰ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਨੂੰ ਮੌਕਾ ਦੇਣਗੇ। ਅੰਤ ਵਿੱਚ ਉਨ੍ਹਾਂ ਕਿਹਾ ਕਿ ਜਗਰਾਉਂ ਹਲਕੇ ਵਿੱਚ ਵੀ ਸੀਨੀਅਰ ਆਗੂਆਂ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਜੋ ਲਾਗਾਤਾਰ ਹਲਕੇ ਵਿੱਚ ਮੀਟਿੰਗਾਂ ਕਰਕੇ ਚੋਣ ਪ੍ਰਚਾਰ ਕਰ ਰਹੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ 6 ਮਈ ਨੂੰ ਸਰਕਲ ਗਿੱਦੜਵਿੰਡੀ ਦੇ ਪਿੰਡਾਂ ਵਿੱਚ ਅਕਾਲੀ ਉਮੀਦਵਾਰ ਸ: ਰਣਜੀਤ ਸਿੰਘ ਢਿੱਲੋਂ ਨੂੰ ਨਾਲ ਲੈਕੇ ਚੋਣ ਪ੍ਰਚਾਰ ਕੀਤਾ ਜਾਵੇਗਾ, ਜਿਸ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਤੇ ਆਗੂਆਂ ਅਤੇ ਵਰਕਰਾਂ ਵੱਲੋਂ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ, ਇਸ ਸਬੰਧੀ ਯੂਥ ਵਿੱਚ ਵੀ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਪਬਲਿਕ ਸਕੂਲ ਮਲਕਾਣਾ ਦਾ ਅੱਠਵੀਂ ਕਲਾਸ ਦਾ ਨਤੀਜਾ ਰਿਹਾ ਸੌ ਫ਼ੀਸਦੀ





ਤਲਵੰਡੀ ਸਾਬੋ, 03 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਗੁਰੂ ਕਾਸ਼ੀ ਪਬਲਿਕ ਸਕੂਲ ਮਲਕਾਣਾ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਸ੍ਰੀ ਜਗਜੀਵਨ ਸਿੰਘ ਨੇ ਦੱਸਿਆ ਕਿ ਸਕੂਲ ਦੇ ਸਾਰੇ ਵਿਦਿਆਰਥੀ ਪਾਸ ਹੋਏ ਇਹਨਾਂ ਵਿੱਚੋਂ 12 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ, 10 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਅਤੇ 4 ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਹਾਸਿਲ ਕੀਤੇ। ਸਕੂਲ ਦੀ ਵਿਦਿਆਰਥਣ ਰਮਨਦੀਪ ਕੌਰ ਪੁੱਤਰੀ ਅਮਰੀਕ ਸਿੰਘ ਪਿੰਡ ਜੱਜਲ 95% ਅੰਕ ਗਣਿਤ, ਸਾਇੰਸ 99 ਅੰਕ, ਗੁਰਲੀਨ ਕੌਰ ਪੁੱਤਰੀ ਕੁਲਦੀਪ ਸਿੰਘ ਪਿੰਡ ਗਾਟਵਾਲੀ 95% ਅੰਕ ਅਤੇ ਸੁਖਪ੍ਰੀਤ ਸਿੰਘ ਪੁੱਤਰੀ ਬੂਟਾ ਸਿੰਘ ਮਲਕਾਣਾ 95% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ ਸਥਾਨ, ਵਿਕਰਮਜੀਤ ਸਿੰਘ ਪੁੱਤਰ ਸ੍ਰੀ ਗੁਰਜੀਤ ਸਿੰਘ ਪਿੰਡ ਰਾਮਾਂ ਨੇ ਦੂਸਰਾ ਸਥਾਨ ਅਤੇ ਦਿਵਜੋਤ ਸਿੰਘ ਪੁੱਤਰਸ੍ਰੀ ਮੇਜਰ ਸਿੰਘ 93%, ਅਮਰਵੀਰ ਸਿੰਘ ਪੁੱਤਰ ਭੋਲਾ ਸਿੰਘ ਮਲਕਾਣਾ ਕ੍ਰਮਵਾਰ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਮੁਖੀ ਨੇ ਇਹਨਾਂ ਵਿੱਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਦਾ ਅਸ਼ੀਰਵਾਦ ਦਿੱਤਾ ਅਤੇ ਕਿਹਾ ਕਿ ਅਜਿਹੇ ਹੋਣਹਾਰ ਵਿਦਿਆਰਥੀਆਂ ਉੱਪਰ ਸਕੂਲ ਨੂੰ ਮਾਣ ਹੈ ਜਿਨ੍ਹਾਂ ਸਦਕਾ ਸਕੂਲ ਦਾ ਨਾਂ ਰੌਸ਼ਨ ਹੋ ਰਿਹਾ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਸਮੂਹ ਅਧਿਆਪਕਾਂ ਦੀ ਵੀ ਸ਼ਲਾਘਾ ਕੀਤੀ ਜਿਹਨਾਂ ਦੀ ਮਿਹਨਤ ਨਾਲ ਵਿਦਿਆਰਥੀਆਂ ਨੇ ਸਕੂਲ ਦਾ ਨਾਂ ਰੌਸ਼ਨ ਕੀਤਾ। ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਵਾਇਸ ਪ੍ਰਿੰਸੀਪਲ ਮੈਡਮ ਗੁਰਵੀਰ ਕੌਰ, ਕਲਾਸ ਇੰਚਾਰਜ ਮੈਡਮ ਕੁਲਵਿੰਦਰ ਕੌਰ, ਸਹਾਇਕ ਮੈਡਮ ਸੁਖਵਿੰਦਰ ਕੌਰ, ਕਲਦੀਪ ਕੌਰ, ਸਤਵੀਰ ਕੌਰ ਅਤੇ ਸਮੂਹ ਸਟਾਫ਼, ਸਮਾਜ ਸੇਵਕ ਅੰਮ੍ਰਿਤ ਮਲਕਾਣਾ ਅਤੇ ਸਰਪੰਚ ਬਲਵਿੰਦਰ ਸਿੰਘ ਭੂੰਦੜ ਤੇ ਗ੍ਰਾਮ ਪੰਚਾਇਤ ਵੱਲੋਂ ਵਧਾਈ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਪੱਪੀ ਪਰਾਸ਼ਰ ਨੇ ਜਰਖੜ, ਸੰਗੋਵਾਲ, ਰਣੀਆ, ਕੈਂਡ, ਜੱਸੋਵਾਲ, ਖੇੜੀ ਵਿਖੇ ਕੀਤੇ ਵੱਡੇ ਚੋਣ ਜਲਸੇ

# ਜਿੱਤਣ ਤੋਂ ਬਾਅਦ ਹਲਕਾ ਗਿੱਲ ਦੀ ਨੁਹਾਰ ਬਦਲਾਂਗੇ : ਪੱਪੀ/ ਸੰਗੋਵਾਲ









**ਲੁਧਿਆਣਾ/ਨਕੋਦਰ/ਮਹਿਤਪੁਰ 3 ਮਈ (ਹਰਜਿੰਦਰ ਪਾਲ ਛਾਬੜਾ)** - ਆਮ ਆਦਮੀ ਪਾਰਟੀ ਦੇ ਲੁਧਿਆਣਾ ਲੋਕ ਸਭਾ ਹਲਕੇ ਤੋਂ ਚੋਣ ਲੜ ਰਹੇ ਉਮੀਦਵਾਰ ਸ੍ਰੀ ਅਸ਼ੋਕ ਪਰਾਸ਼ਰ ਪੱਪੀ ਸ਼ਾਹਪੁਰੀਆ ਦੇ ਹੱਕ ਵਿੱਚ ਹਲਕਾ ਗਿੱਲ ਦੇ ਪਿੰਡ ਸੰਗੋਵਾਲ, ਜਰਖੜ ,ਰਣੀਆਂ, ਕੈਂਡ , ਜੱਸੋਵਾਲ, ਖੇੜੀ ਆਦਿ ਪਿੰਡਾਂ ਦੇ ਵਿੱਚ ਹੋਏ ਵੱਡੇ ਚੋਣ ਜਲਸਿਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਸ਼ੋਕ ਪ੍ਰਾਸਰ ਪੱਪੀ ਸ਼ਾਹਪੁਰੀਆ ਅਤੇ ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਨੇ ਆਖਿਆ ਕਿ ਲੋਕ ਸਭਾ ਚੋਣ ਜਿੱਤਣ ਤੋਂ ਬਾਅਦ ਹਲਕਾ ਗਿੱਲ ਦੀ ਨੁਹਾਰ ਬਦਲੇਗੀ , ਐਮਪੀ ਕੋਟੇ ਦੇ ਅਖਤਿਆਰੀ ਫੰਡ ਵੱਡੇ ਪੱਧਰ ਤੇ ਹਲਕਾ ਗਿੱਲ ਦੇ ਵਿਕਾਸ ਉੱਤੇ ਲਾਏ ਜਾਣਗੇ ।ਪਿੰਡ ਜਰਖੜ ਅਤੇ ਸੰਗੋਵਾਲ ਵਿਖੇ ਇੱਕ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਅਸ਼ੋਕ ਪਰਾਸ਼ਰ ਪੱਪੀ ਸ਼ਾਹਪੁਰੀਆ ਨੇ ਆਖਿਆ ਕਿ ਹੁਣ ਤੱਕ ਰਵਾਇਤੀ ਪਾਰਟੀਆਂ ਨੇ ਸਵਾਏ ਲਾਰਿਆਂ ਤੋਂ ਪੰਜਾਬ ਨੂੰ ਕੁਝ ਨਹੀਂ ਦਿੱਤਾ ਹੈ ਜਦ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਆਪਣੇ ਕੀਤੇ 90% ਵਾਅਦੇ ਪੂਰੇ ਕਰ ਦਿੱਤੇ ਹਨ । ਵਿਧਾਇਕ ਜੀਵਨ ਸਿੰਘ ਸੰਗੋਵਾਲ ਨੇ ਆਖਿਆ ਕਿ ਬਿਜਲੀ ਬਿਲਾਂ ਦੀ ਮਾਫੀ, ਮਹੱਲਾ ਕਲੀਨਿਕ ਦੀ ਸਹੂਲਤ , ਟੋਲ ਪਲਾਜੇ ਬੰਦ ਹੋਣਾ , ਸੂਏ ਕੱਸੀਆਂ ਦਾ ਪੱਕੇ ਹੋਣਾ, ਨੌਜਵਾਨਾਂ ਲਈ 42 ਹਜਾਰ ਨੌਕਰੀਆਂ ਦਾ ਮਿਲਣਾ , ਕਿਸਾਨਾਂ ਦੀਆਂ ਫਸਲਾਂ ਦੇ ਮੰਡੀਆਂ ਵਿੱਚ ਵਧੀਆ ਪ੍ਰਬੰਧ ਹੋਣਾ , ਵਿਧਾਇਕਾਂ ਦੀਆਂ ਵਾਧੂ ਪੈਨਸਨਾਂ ਬੰਦ ਕਰਨਾ ਅਤੇ ਖਿਡਾਰੀਆਂ ਲਈ ਚੰਗੀਆਂ ਨੌਕਰੀਆਂ ਦੇਣਾ ਆਦਿ ਵਿਕਾਸ ਕੰਮਾਂ ਦੇ ਅਧਾਰ ਤੇ ਆਮ ਆਦਮੀ ਪਾਰਟੀ ਲੋਕਾਂ ਤੋਂ ਵੋਟਾਂ ਮੰਗ ਰਹੀ ਹੈ । ਉਹਨਾਂ ਆਖਿਆ ਕਿ 2027 ਤੱਕ ਹਲਕਾ ਗਿੱਲ ਵਿਕਾਸ ਪੱਖੋਂ ਇੱਕ ਨਮੂਨੇ ਦਾ ਹਲਕਾ ਹੋਵੇਗਾ । ਇਸ ਮੌਕੇ ਹੋਰ ਵੱਖ ਵੱਖ ਚੋਣ ਜਲਸਿਆਂ ਨੂੰ ਜਗਰੂਪ ਸਿੰਘ ਜਰਖੜ ਮੀਤ ਪ੍ਰਧਾਨ ਆਮ ਆਦਮੀ ਪਾਰਟੀ ਖੇਡ ਵਿੰਗ,ਮਨਜੀਤ ਸਿੰਘ ਬੁਟਹਾਰੀ , ਦਾਰਾ ਸਿੰਘ ਸੰਗੋਵਾਲ , ਸ਼ਿੰਦਾ ਲਹਿਰਾ, ਜਗਦੀਪ ਸਿੰਘ ਕਾਲਾ ਘਵੱਦੀ ਆਦਿ ਹੋਰ ਬੁਲਾਰਿਆਂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਮਨਮੋਹਣ ਸਿੰਘ ਪੱਪੂ ਕਾਲਖ , ਗੁਰਜੀਤ ਸਿੰਘ ਗਿੱਲ ਲਾਦੀਆਂ, ਜਸਵਿੰਦਰ ਸਿੰਘ ਜੱਸੀ ਪੀਏ , ਰਘਵੀਰ ਸਿੰਘ ਖਾਨਪੁਰ, ਸੰਦੀਪ ਸਿੰਘ ਪੰਧੇਰ ਜਰਖੜ ,ਸਾਬੀ ਜਰਖੜ ,ਕੁਲਦੀਪ ਸਿੰਘ ਘਵ ?ਦੀ, ਸੁਖਦੇਵ ਸਿੰਘ ਡੇਹਲੋ , ਦਵਿੰਦਰ ਪਾਲ ਸਿੰਘ ਲਾਡੀ ਸੰਗੋਵਾਲ, ਰਜਿੰਦਰ ਸਿੰਘ ਮੰਤਰੀ , ਕਰਤਾਰ ਸਿੰਘ ਸੰਗੋਵਾਲ ,ਬਾਬਾ ਨਿਰਮਲ ਸਿੰਘ ਸੰਗੋਵਾਲ ਗੁਰਵਿੰਦਰ ਸਿੰਘ ਕੈਂਡ, ਬੰਤ ਸਿੰਘ ਜੱਸੋਵਾਲ ,ਜਗਜੀਤ ਸਿੰਘ ਜਸੋਵਾਲ, ਮਹਿੰਦਰ ਸਿੰਘ ਕੈਂਡ, ਲਾਲਾ ਜੱਸੋਵਾਲ, ਨੀਟੂ ਜੱਸੋਵਾਲ ,ਸ਼ੇਮਾ ਖੇੜੀ ,ਕਿੰਦਾ ਖੇੜੀ ਸੋਨੀ ਗਿੱਲ ,ਗੁਰਪਾਲ ਸਿੰਘ ਖੇੜੀ , ਸ਼ਿੰਗਾਰਾ ਸਿੰਘ ਜਰਖੜ , ਸੋਨੂ ਗਿੱਲ ਆਦਿ ਇਲਾਕੇ ਦੇ ਪਤਵੰਤੇ ਪੰਚ ਸਰਪੰਚ ਅਤੇ ਉਹ ਆਮ ਆਦਮੀ ਪਾਰਟੀ ਦੇ ਹੋਰ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸ੍ਰੀ ਅਸ਼ੋਕ ਪਰਾਸ਼ਰ ਪੱਪੀ ਸ਼ਾਹਪੁਰੀਆ ਨੇ ਪਿੰਡ ਸਰੀਂਹ ਵਿਖੇ ਸਵਰਗੀ ਜੀਤ ਸਿੰਘ ਦੀ ਬੇਵਕਤੀ ਮੌਤ ਤੇ ਆਪਣੀ ਹਾਜ਼ਰੀ ਭਰਦਿਆਂ ਵਿਦੇਸ਼ਾਂ ਪਰਿਵਾਰ ਨਾਲ ਦੁੱਖ ਵੀ ਸਾਂਝਾ ਕੀਤਾ।

ਆਉਣ ਵਾਲੇ ਸਮੇਂ ਵਿੱਚ ਗੀਤ ਰਿਲੀਜ਼ ਕਰਨ ਲਈ ਸਖਤ ਮਿਹਨਤ ਕਰ ਰਿਹਾ ਹੈ

# ਪੰਜਾਬੀ ਮਾ ਬੋਲੀ ਨੂੰ ਪੂਰੀ ਤਰ੍ਹਾਂ ਸਮਰਪਿਤ ਗਾਇਕ ਅਤੇ ਗੀਤਕਾਰ 'ਕਮਲ ਸੀਪਾ'



**ਸੰਗੀਤ** ਦੇ ਖੇਤਰ ਵਿੱਚ ਅਨੇਕਾਂ ਹੀ ਸਖਸੀਅਤਾਂ ਨੇ ਆਪਣੇ ਨਾਮ ਦਰਜ ਕਰਾਏ ਜਿੰਨਾਂ ਵਿੱਚ ਇੱਕ ਨਾਮ ਗੀਤਕਾਰ ਅਤੇ ਗਾਇਕ ਕਮਲ ਸੀਪਾ ਦਾ ਹੈ ਜਿਸ ਨੇ ਮਾੜੇ ਹਲਾਤਾਂ ਵਿੱਚ ਵੀ ਕਦੇ ਹੌਸਲਾਂ ਨਹੀਂ ਹਾਰਿਆਂ ਆਪਣੀ ਕਲਮ ਤੋਂ ਅਤੇ ਆਪਣੀ ਅਵਾਜ਼ ਰਾਹੀ ਕੁੱਝ ਨਾ ਕੁੱਝ ਪੰਜਾਬੀ ਸਭਿਆਚਾਰ ਨੂੰ ਸਮਰਪਿਤ ਕੀਤਾ। ਜੋ ਸਤਿਕਾਰ ਦੇ ਯੋਗ ਹੈ । ਗੀਤਕਾਰ ਅਤੇ ਗਾਇਕ ਕਮਲ ਸੀਪਾ ਨੇ ਆਪਣੇ ਰਿਲੀਜ਼ ਕੀਤੇ ਧਾਰਮਿਕ, ਪੰਜਾਬੀ ਸੱਭਿਆਚਾਰਕ ਗੀਤਾਂ ਨਾਲ ਸੰਗੀਤ ਦੇ ਖੇਤਰ ਵਿੱਚ ਆਪਣੀ ਬਹੁਤ ਹੀ ਚੰਗੀ ਪਹਿਚਾਣ ਬਣਾ ਲਈ ਹੈ। ਆਉਣ ਵਾਲੇ ਸਮੇਂ ਵਿੱਚ ਵੀ ਦਿਲਾਂ ਨੂੰ ਚੰਗੇ ਲੱਗਣ ਵਾਲੇ ਗੀਤ ਰਿਲੀਜ਼ ਕਰਨ ਲਈ ਸਖਤ ਮਿਹਨਤ ਕਰ ਰਿਹਾ ਹੈ। ਪੰਜਾਬ ਦੇ ਬਹੁਤ ਹੀ ਮਸ਼ਹੂਰ ਜਿਲ੍ਹੇ ਸ੍ਰੀ ਮੁਕਤਸਰ ਸਾਹਿਬ ਚ' ਪੈਂਦੇ ਪਿੰਡ ਬੁਰਜ ਸਿਧਵਾਂ ਦੇ ਮਾਤਾ ਸ੍ਰੀਮਤੀ ਪਰਮਜੀਤ ਕੌਰ ਪਿਤਾ ਸ੍ਰੀ ਬਖਸ਼ੀਸ਼ ਸਿੰਘ (ਬਖਸ਼ੀ) ਦੇ ਘਰ ਜਨਮੇ ਗਾਇਕ ਅਤੇ ਗੀਤਕਾਰ ਕਮਲ ਸੀਪਾ ਕੋਈ ਆਮ ਸਖਸ਼ੀਅਤ ਨਹੀਂ ਹੈਂ। ਗੀਤਕਾਰ ਅਤੇ ਗਾਇਕ ਕਮਲ ਸੀਪਾ ਬਚਪਨ ਤੋਂ ਹੀ ਪੜ੍ਹਾਈ ਦੇ ਨਾਲ-ਨਾਲ ਗੀਤ ਸੰਗੀਤ ਨਾਲ ਜੁੜ ਗਿਆ ਤੇ ਗੀਤ ਸੁਣਨ ਦਾ ਸ਼ੌਂਕੀਨ ਹੋ ਗਿਆ ਪੰਜਾਬ ਦੇ ਪ੍ਰਿੱਸਧ ਗੀਤਕਾਰ ਬਚਨ ਬੇਦਿਲ ਅਤੇ ਸੁੱਖਾ ਭਾਗੋਵਾਲ ਦੇ ਲਿਖੇ ਹੋਏ ਗੀਤ ਸੁਣ-ਸੁਣਕੇ ਗੀਤ ਲਿਖਣ ਦਾ ਸ਼ੌਕ ਦਿਲ ਵਿੱਚ ਪਾਲ ਬੈਠਾ ਤੇ ਗੀਤ ਲਿਖਣ ਲੱਗਾ ਕਮਲ ਸੀਪਾ ਦੇ ਲਿਖੇ ਗੀਤ ਵੱਖ-ਵੱਖ ਗਾਇਕਾਂ ਨੇ ਰਿਕਾਰਡ ਵੀ ਕਰਵਾਏ ਜਿਹਨਾਂ ਵਿੱਚ ਗੀਤ "ਰੱਖੜੀ,, ਨੂੰ ਗਾਇਕ ਬੀ ਐਸ ਰਾਜ,, ਝੋਲੀ ਕਾਹਤੋਂ ਖਾਲੀ,, ਟੋਨੀ ਬਾਵਾਂ,, ਜੋੜਾ ਹੰਸਾਂ ਦਾ,, ਕਿਸੇ ਦੀ ਰੂਹ ਤੜਫਦੀ ਨਾ,, ਬੀ ਐਸ ਰਾਜ,, ਇੰਡੀਆ ਵਿਸ ਚੈਨਾਂ,, ਗੁਰੂ ਬਾਵਾ,, ਤੇਰਾ ਨਾਮ ਦਾਤੀਏ,, ਗੁਰੂ ਬਾਵਾ,, ਆਜਾ ਮੇਰੀ ਮਾਂ,, ਗੁਰੂ ਬਾਵਾ ਕਮਲ ਸੀਪਾ,, ਝੋਲੀ ਕਾਹਤੋਂ ਖਾਲੀ,, ਟੋਨੀ ਬਾਵਾਂ ਆਦਿ ਨੇ ਰਿਕਾਰਡ ਕਰਾਏ ਤੇ ਕਮਲ ਸੀਪਾ ਗੀਤ ਲਿਖਦਾ ਲਿਖਦਾ ਆਪ ਕਦੋਂ ਗਾਉਣ ਲੱਗ ਪਿਆ ਪਤਾ ਹੀ ਨਹੀਂ ਲੱਗਿਆ ਤੇ ਮੇਲਿਆਂ ਦੀਆ ਸਟੇਜਾਂ ਤੇ ਗਾਉਦਾ-ਗਾਉਦਾ ਵਿਆਹਾਂ ਸ਼ਾਦੀਆਂ ਟੀ ਪਾਰਟੀ ਦੀ ਸਟੇਜਾਂ ਕਰਨ ਲੱਗ ਪਿਆ ਗਾਇਕ ਕਮਲ ਸੀਪਾ ਨੇ ਬਹੁਤ ਹੀ ਸਾਰੇ ਗੀਤ ਆਪਣੀ ਅਵਾਜ਼ ਵਿੱਚ ਰਿਕਾਰਡ ਕੀਤੇ ਜਿਨ੍ਹਾਂ ਵਿੱਚ, ਸੱਚੇ ਸੁਰ ਸ਼ਰਧਾਜਲੀ ਸਾਬਰ ਕੋਟੀ, ਸਰਦੂਲ ਸਿਕੰਦਰ, ਲੈਜੰਡਜ਼ ਸ਼ਰਧਾਜਲੀ ਸਿੱਧੂ ਮੁਸੇਵਾਲਾ,, ਗੂਗਲ ਤੇ ਸਰਚਾਂ , ਲੋਕ ਸਚਾਈਆਂ (ਨਾਲ ਛੋਟੇ ਭਰਾ ਗਾਇਕ ਜਗਮੀਤ ਕਾਲਾ ਨੇ ਗਾਇਆ ਗੀਤਕਾਰ ਵਿਨੋਦ ਸਾਇਰ) ਨੱਚਲੋ ਸੋਹਣਿਓ, ਚੜਦੀ ਜਵਾਨੀ , ਆਜਾ ਮੇਰੀ ਮਾਂ,, ਵਰਗੇ ਗੀਤ ਸ਼ਾਮਲ ਹਨ। ਇਸ ਤੋਂ ਇਲਾਵਾ ਅੱਜ ਦਾ ਪੰਜਾਬ ਗੀਤ ਜਿਸ ਨੂੰ ਚੜਦੇ ਲਹਿੰਦੇ ਪੰਜਾਬ ਤੋਂ ਬਹੁਤ ਜ਼ਿਆਦਾ ਪਸੰਦ ਕੀਤਾ ਗਿਆ।

ਇਸ ਤੋਂ ਇਲਾਵਾ ਗਾਇਕ ਅਤੇ ਗੀਤਕਾਰ ਕਮਲ ਸੀਪਾ ਨੇ ਆਪਣੀ ਕਲਮ ਦੀ ਬਦੋਲਤ ਸੈਕੜੇ ਹੀ ਧਾਰਮਿਕ, ਪੰਜਾਬੀ ਸੱਭਿਆਚਾਰਕ, ਸੈਡ, ਬੀਟ ਅਤੇ ਦੋਗਾਣੇ ਗੀਤਾ ਦੀ ਸਿਰਜਣਾ ਕੀਤੀ। ਜਾਣੀ ਹਰ ਰੰਗ ਦਾ ਗੀਤ ਲਿਖਿਆ ਜਿਨ੍ਹਾਂ ਨੂੰ ਗਾ ਕੇ ਕੋਈ ਗਾਇਕ ਪ੍ਰਿੱਸਧੀ ਹਾਸਿਲ ਕਰ ਸਕਦਾ ਹੈ ।ਇਹ ਗਾਇਕ ਭਾਵੇਂ ਗਰੀਬੀ ਕਾਰਣ ਜਿਆਦਾ ਕਮਰਸ਼ੀਅਲ ਗੀਤ ਰਿਲੀਜ ਨਹੀਂ ਕਰ ਸਕਿਆ ਪਰ ਫ਼ੇਰ ਵੀ ਆਪਣਾ ਦਾਇਰਾ ਆਪਣੇ ਰੱਬ ਵਰਗੇ ਸਰੋਤਿਆਂ ਵਿੱਚ ਬਣਾਉਣ ਵਿੱਚ ਕਾਮਯਾਬ ਹੋਇਆ ਹੈ। ਕਮਲ ਸੀਪਾ ਆਪਣੀ ਨਵੇਕਲੀ ਪਹਿਚਾਣ ਨੂੰ ਲੋਕ ਦਿਲਾਂ ਤੇ ਕਦੋਂ ਤੱਕ ਕਾਇਮ ਰੱਖਦਾ ਹੈ ਇਹ ਤਾਂ ਸਮੇਂ ਦੀ ਗੋਦ ਵਿੱਚ ਹੈ। ਕਮਲ ਸੀਪਾ ਅੱਜ-ਕੱਲ ਚੰਡੀਗੜ੍ਹ ਵਿੱਚ ਰਹਿ ਰਿਹਾ ਹੈ ।ਮੇਰੀ ਕੁਦਰਤ ਅੱਗੇ ਅਰਦਾਸ ਹੈ ਕਿ ਗੀਤਕਾਰ ਤੇ ਗਾਇਕ ਕਮਲ ਸੀਪਾ ਆਪਣੀ ਜ਼ਿੰਦਗੀ ਦੀਆਂ ਮੰਜਲਾਂ ਸਰ ਕਰਦਾ ਆਪਣਾ ਜੀਵਨ ਬਸ਼ਰ ਕਰਦਾ ਰਹੇ ਅਤੇ ਬੁਲੰਦੀਆਂ ਨੂੰ ਛੂਹਵੇ ਅਮੀਨ,, ਅਉਣ ਵਾਲੇ ਸਮੇਂ ਵਿੱਚ ਬਲੰਦੀਆ ਛੂਹਵੇ।



# ਵਾਰਡ ਇੰਨ: ਨਵਜੋਤ ਕੌਰ ਦੀ ਅਗਵਾਈ ਹੇਠ ਹੋਈ ਮੀਤ ਹੇਅਰ ਦੇ ਹੱਕ ਵਿੱਚ ਬੀਬੀਆਂ ਦੀ ਮੀਟਿੰਗ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਮਹਿਲਾ ਵਿੰਗ ਵੱਲੋਂ ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਦੇ ਹੱਕ ਵਿੱਚ ਲੋਕ ਸਭਾ ਹਲਕੇ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਹੀ ਤਹਿਤ ਧੂਰੀ ਦੇ ਵਾਰਡ ਨੰਬਰ 16 ਵਿੱਚ ਮਹਿਲਾ ਵਿੰਗ ਦੀ ਮੀਟਿੰਗ ਵਾਰਡ ਇੰਨਚਾਰਜ ਮੈਡਮ ਨਵਜੋਤ ਕੌਰ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਜ਼ਿਲਾ ਪ੍ਰਧਾਨ ਸੰਗਰੂਰ ਪ੍ਰੋ ਜਸਵੀਰ ਕੌਰ ਸ਼ੇਰਗਿੱਲ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਉਹਨਾਂ ਮਹਿਲਾਵਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਜੋ ਵਾਅਦੇ ਚੋਣਾਂ ਦੌਰਾਨ ਕੀਤੇ ਸਨ ਉਹਨਾਂ ਨੂੰ ਬਹੁਤ ਥੋੜੇ ਸਮੇਂ ਵਿੱਚ ਪੂਰਾ ਕਰਕੇ ਇਤਿਹਾਸ ਰਚਿਆ ਹੈ। ਹੁਣ ਸੰਗਰੂਰ ਲੋਕ ਸਭਾ ਹਲਕੇ ਦੇ ਲੋਕ ਇਸ ਵਾਰ ਆਪ ਉਮੀਦਵਾਰ ਮੀਤ ਹੇਅਰ ਨੂੰ ਵੱਡੇ ਮਾਰਜਨ ਨਾਲ ਜਿਤਾ ਕੇ ਲੋਕ ਸਭਾ ਵਿਚ ਭੇਜਣ ਲਈ ਉਤਾਵਲੇ ਹੋਏ ਬੈਠੇ ਹਨ। ਉਨ੍ਹਾਂ ਕਿਹਾ ਕਿ ਬਾਕੀ ਉਮੀਦਵਾਰ ਸਾਰੇ ਹੀ ਬਾਹਰਲੇ ਹਲਕਿਆਂ ਚੋ ਹਨ ਜੇ ਕਿਸੇ ਨੂੰ ਕੋਈ ਕੰਮ ਪੈ ਗਿਆ ਕਿਥੋਂ ਲੱਭਾਗੇ ਉਨ੍ਹਾਂ ਨੂੰ ਮੀਤ ਹੇਅਰ ਆਪਣੇ ਹਲਕੇ ਦੇ ਉਮੀਦਵਾਰ ਹਨ ਕਦੋ ਮਰਜੀ ਬਰਨਾਲੇ ਜਾ ਕੇ ਕੰਮ ਕਰਵਾ ਸਕਦੇ ਹਾ, ਸੋ ਤੁਸੀਂ 1 ਜੂਨ ਨੂੰ ਸਾਰੀਆਂ ਬੀਬੀਆਂ ਇਕੱਠੀਆਂ ਹੋ ਕੇ ਆਪਣੇ ਮਹੱਲੇ ਵਾਲੀਆਂ ਬੀਬੀਆਂ ਨੂੰ ਇਕੱਠੀਆਂ ਕਰਕੇ ਝਾੜੂ ਤੇ ਵੱਧ ਤੋਂ ਵੱਧ ਮੋਹਰਾਂ ਲਗਵਾਓ।

# ਸੰਗਰੂਰ ਤੋਂ ਮਾਨ ਅਤੇ ਖਡੂਰ ਸਾਹਿਬ ਤੋਂ ਖਾਲਸਾ ਨੂੰ ਜਤਾਉਣਾ ਸਮੇਂ ਦੀ ਮੁੱਖ ਮੰਗ ਹੈ ਆਗੂ ਮਾਨ ਦਲ




ਧੂਰੀ ( ਰਣਜੀਤ ਸਿੰਘ ਪੇਧਨੀ ) ਸੰਗਰੂਰ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਅਤੇ ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਜਤਾਉਣਾ ਸਮੇਂ ਦੀ ਮੁੱਖ ਮੰਗ ਹੈ ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਨੌਜਵਾਨ ਯੂਥ ਆਗੂ ਅਜੈਬ ਖਾਨ ਯੂ ਐਸ ਏ , ਭੁਪਿੰਦਰ ਸਿੰਘ ਯੂ ਐਸ ਏ , ਕੁਲਦੀਪ ਸਿੰਘ ਯੂ ਐਸ ਏ ਨੇ ਸਾਂਝੇ ਤੌਰ ਤੇ ਕੀਤਾ ।ਉਹਨਾਂ ਕਿਹਾ ਕਿ ਸੰਗਰੂਰ ਤੋਂ ਸ. ਸਿਮਰਨਜੀਤ ਸਿੰਘ ਮਾਨ ਅਤੇ ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਚੋਣ ਮੁਹਿੰਮ ਨੂੰ ਨੌਜਵਾਨਾਂ ਵੱਲੋਂ ਵੱਡਾ ਹੁੰਗਾਰਾ ਮਿਲ ਰਿਹਾ ਹੈ। ਪੰਜਾਬ ਅਤੇ ਦੇਸ਼ਾਂ ਵਿਦੇਸ਼ਾਂ ਵਿੱਚੋਂ ਵੱਸਦੇ ਸਿੱਖ ਨੌਜਵਾਨ ਸਰਦਾਰ ਮਾਨ ਅਤੇ ਭਾਈ ਖਾਲਸਾ ਦੀ ਜਿੱਤ ਨੂੰ ਯਕੀਨੀ ਬਣਾਉਣ ਦੇ ਲਈ ਨੌਜਵਾਨਾਂ ਨਾਲ ਸੰਪਰਕ ਬਣਾ ਰਹੇ ਹਨ ਤਾਂ ਜੋ ਸਿੱਖ ਨੌਜਵਾਨਾਂ ਦੇ ਹੋ ਰਹੇ ਧੱਕੇ ਦੀ ਆਵਾਜ਼ ਨੂੰ ਲੋਕ ਸਭਾ ਵਿੱਚ ਬੁਲੰਦ ਕੀਤਾ ਜਾਵੇ। ਪਹਿਲਾਂ ਸ. ਸਿਮਰਨਜੀਤ ਸਿੰਘ ਮਾਨ ਸਿੱਖ ਕੌਮ ਦੇ ਨਿਧੜਕ ਜਰਨੈਲ ਲੋਕ ਸਭਾ ਵਿੱਚ ਇਕੱਲੇ ਹੀ ਸਿੱਖ ਕੌਮ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਲੜਦੇ ਰਹੇ ਹਨ।

# ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀ.ਸੈ.ਸਕੂਲ,ਚੂੰਘ ਦਾ ਬੋਰਡ ਕਲਾਸਾਂ ਦਾ ਨਤੀਜਾ 100% ਰਿਹਾ



ਚੌਂਕ ਮਹਿਤਾ,3 ਮਈ(ਬਾਬਾ ਸੁਖਵੰਤ ਸਿੰਘ ਚੰਨਣਕੇ)ਇਲਾਕੇ ਦੀ ਨਾਮਵਾਰ ਸੰਸਥਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀ. ਸੈ. ਸਕੂਲ, ਚੂੰਘ ਦਾ ਬੋਰਡ ਕਲਾਸਾਂ ਦਾ ਨਤੀਜਾ ਹਰ ਸਾਲ ਦੀ ਤਰਾਂ 100% ਰਿਹਾ ਅਤੇ ਬਹੁਤ ਹੀ ਸ਼ਾਨਦਾਰ ਰਿਹਾ। +2 ਦੇ ਸਲਾਨਾ ਨਤੀਜੇ ਵਿੱਚ ਨਾਨ-ਮੈਡੀਕਲ ਗਰੁੱਪ ਦੇ ਵਿੱਚ ਜੈਸਮੀਨ ਕੌਰ ਨੇ 95.6%, ਸਿਮਰਤੀ ਸਹਿਗਲ ਨੇ 95% ਅਤੇ ਨੂਰਪ੍ਰੀਤ ਕੌਰ ਨੇ 94.8% ਨੰਬਰ ਲੈ ਕੇ ਪਹਿਲੇ ਦਰਜਾ ਹਾਸਿਲ ਕੀਤਾ। ਇਸ ਤੋਂ ਇਲਾਵਾ ਮੈਡੀਕਲ ਗਰੁੱਪ ਵਿੱਚ ਨੂਰਪ੍ਰੀਤ ਕੌਰ ਨੇ 95.8%, ਰੇਵਨਪ੍ਰੀਤ ਕੌਰ ਨੇ 95.4% ਅਤੇ ਸਿਮਰਨਜੀਤ ਕੌਰ ਨੇ 94.4% ਨੰਬਰ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ। ਇਹਨਾਂ ਤੋਂ ਇਲਾਵਾ 25 ਬੱਚਿਆਂ ਨੇ 90% ਤੋਂ ਜਿਆਦਾ ਅੰਕ ਲਏ। ਕਾਮਰਸ ਗਰੁੱਪ ਵਿੱਚ ਰਾਜਦੀਪ ਸਿੰਘ ਨੇ 95.4%, ਅਨੂਪੀਤ ਕੌਰ ਨੇ 94.4% ਅਤੇ ਅੰਮ੍ਰਿਤਪਾਲ ਸਿੰਘ ਨੇ 94% ਨੰਬਰ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ। ਕਾਮਰਸ ਗਰੁੱਪ ਵਿੱਚ 19 ਬੱਚਿਆਂ ਨੇ 90% ਤੋਂ ਜਿਆਦਾ ਨੰਬਰ ਹਾਸਿਲ ਕੀਤੇ। ਇਥੇ ਇਹ ਵੀ ਦੱਸਣਯੋਗ ਹੈ ਕਿ ਸਕੂਲ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ ਸੀ ਅਤੇ 5 ਵਿਦਿਆਰਥੀਆਂ ਨੇ ਪੰਜਾਬ ਮੈਰਿਟ ਵਿੱਚ ਆਪਣੀ ਜਗ੍ਹਾ ਬਣਾਈ ਸੀ। ਇਸ ਮੌਕੇ ਚੇਅਰਮੈਨ ਰਘਬੀਰ ਸਿੰਘ ਸੋਹਲ ਵਿਦਿਆਰਥੀਆਂ ਅਤੇ ਓਹਨਾ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਓਹਨਾ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਮੰਤੇਸ਼ ਕੁਮਾਰ, ਪਰਮਿੰਦਰ ਕੌਰ, ਹਰਮਿੰਦਰ ਕੌਰ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

### ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਚ

# ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



ਫ਼ਿਰੋਜ਼ਪੁਰ, 3 ਮਈ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਦਸ਼ਾਨ ਨਾਲ ਮਨਾਇਆ ਗਿਆ ਅਤੇ ਵਿਦਿਆਰਥੀਆਂ ਵੱਲੋਂ ਕਵਿਤਾ ਸ਼ਬਦ ਗਾਇਨ ਕੀਤੇ ਗਏ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਦੇ ਜਨਮ ਦਿਹਾੜੇ ਦੀਆਂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਮਾਸਟਰ ਬਲਰਾਜ ਸਿੰਘ, ਮੈਡਮ ਅਨੁਰਾਧਾ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

### ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਕੈਂਸਰ ਦੀ ਜਾਂਚ ਤੇ ਟੈਸਟ ਮੁਫਤ ਕਰਕੇ ਦਿੱਤੀਆਂ ਦਵਾਈਆਂ





ਫ਼ਿਰੋਜ਼ਪੁਰ, 3 ਮਈ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਐਸ.ਬੀ.ਆਈ ਕਾਰਡ ਆਪਣੇ ਸੀ.ਐਸ.ਆਰ ਇਨਯੂਅਟ ਰਾਹੀਂ ਵਰਲਡ ਕੈਂਸਰ ਕੇਅਰ ਦੇ ਸਹਿਯੋਗ ਨਾਲ ਇਹ ਕੈਂਪ ਲਾਇਆ ਗਿਆ, ਜਿਸ ਵਿਚ 480 ਮਰੀਜਾਂ ਦਾ ਚੈਕਅਪ ਕਰਕੇ ਦਵਾਈਆਂ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਤੇ ਕੈਂਸਰ ਦੀ ਜਾਂਚ ਅਤੇ ਜਾਣਕਾਰੀ ਲਈ ਫਰੀ ਸਹੂਲਤਾਂ ਦਿੱਤੀਆਂ, ਜਿਸ ਵਿਚ ਕੈਂਸਰ ਅਵੇਅਰਨੈਸ ਲੀਫਲੈਟ ਅਤੇ ਲੈਕਚਰ, ਸ਼ੂਗਰ ਅਤੇ ਬੀ.ਪੀ ਚੈਕਅਪ, ਡਾਕਟਰੀ ਜਾਂਚ ਅਤੇ ਸਲਾਹ, ਔਰਤਾਂ ਦੀ ਛਾਤੀ ਲਈ ਮੈਮੋਗ੍ਰਾਫੀ ਟੈਸਟ, ਔਰਤਾਂ ਦੀ ਬੱਚੇਦਾਨੀ ਲਈ ਪੈਪ ਸਮੇਅਰ ਟੈਸਟ, ਬੰਦਿਆਂ ਦੇ ਗਦੂਦਾਂ ਦੀ ਜਾਂਚ ਲਈ ਪੀ.ਐਸ.ਏ ਟੈਸਟ, ਬਲੱਡ ਕੈਂਸਰ ਦੀ ਜਾਂਚ ਲਈ ਟੈਸਟ, ਮੂੰਹ ਅਤੇ ਗਲੇ ਦੀ ਜਾਂਚ,

ਹੱਡੀਆਂ ਦੀ ਜਾਂਚ ਲਈ ਟੈਸਟ, ਜਨਰਲ ਦਵਾਈਆਂ, ਕੈਂਸਰ ਮਰੀਜਾਂ ਨੂੰ ਸਲਾਹ ਦਿੱਤੀ ਗਈ। ਇਸ ਮੌਕੇ ਤੇ ਡਾਕਟਰ ਪਰਮਿੰਦਰ ਢਿੱਲੋਂ ਐਮ.ਡੀ ਵਰਲਡ ਕੈਂਸਰ ਕੇਅਰ ਨੇ ਦੱਸਿਆ ਕਿ ਵਰਲਡ ਕੈਂਸਰ ਕੇਅਰ ਜ਼ੋ ਕਿ ਅੰਤਰ ਰਾਸ਼ਟਰੀ ਸੰਸਥਾ ਹੈ ਅਤੇ ਇੰਗਲੈਂਡ ਤੋਂ ਕੁਲਵੰਤ ਸਿੰਘ ਧਾਲੀਵਾਲ ਗਲੋਬਲ ਅੰਬੈਸਡਰ ਵੱਲੋਂ ਚਲਾਈ ਜਾ ਰਹੀ ਹੈ, ਜਿਸ ਦਾ ਮੁੱਖ ਉਦੇਸ਼ ਹੈ ਕਿ ਤੰਦਰੁਸਤ ਲੋਕਾਂ ਦੀ ਜਾਂਚ ਕੀਤੀ ਜਾਵੇ ਅਤੇ ਉਨ੍ਹਾਂ ਨਾਲ ਕੈਂਸਰ ਦੇ ਲੱਛਣ ਸਾਂਝੇ ਕੀਤੇ ਜਾਣ ਅਤੇ ਉਨ੍ਹਾਂ ਨੂੰ ਦੱਸਿਆ ਕਿ ਜਾਵੇ ਕਿ ਜਿੰਦਗੀ ਕਿਵੇਂ ਬਤੀਤ ਕਰਨੀ ਹੈ ਤਾਂ ਜ਼ੋ ਉਨ੍ਹਾਂ ਨੂੰ ਉਮਰ ਭਰ ਇਦਾ ਦੀਆਂ ਬਿਮਾਰੀਆਂ ਦਾ ਸਾਹਮਣਾ ਨਾ ਕਰਨਾ ਪਵੇ। ਡਾਕਟਰ ਧਰਮਿੰਦਰ ਢਿੱਲੋਂ ਨੇ ਅੱਗੇ ਦੱਸਿਆ ਕਿ ਵਰਲਡ ਕੇਅਰ ਸੰਸਥਾ ਆਪਣੇ ਤੌਰ ਤੇ ਪਿਛਲੇ ਲੰਮੇ ਸਮੇਂ ਤੋਂ ਪੂਰੇ ਭਾਰਤ ਵਿਚ ਕੈਂਸਰ ਦੀ ਜਾਂਚ ਅਤੇ ਜਾਗਰੂਕਤਾ ਦੀ ਸਹੂਲਤ ਦੇ ਰਹੀ ਹੈ ਅਤੇ ਹੁਣ ਤੱਕ 12000 ਤੋਂ ਵੱਧ ਪਿੰਡਾਂ ਨੂੰ ਕਵਰ ਕਰਦੀ ਹੋਈ ਦੋ ਕਰੋੜ ਤੋਂ ਵੱਧ ਲੋਕਾਂ ਤੱਕ ਪਹੁੰਚ ਕਰ ਚੁੱਕੀ ਹੈ। ਵਰਲਡ ਕੈਂਸਰ ਕੇਅਰ ਇਨ੍ਹਾਂ ਕੈਂਪਾਂ ਦੌਰਾਨ ਆਪਣੀਆਂ ਅਲਟਰਾ ਮਾਡਰਨ ਕੈਂਸਰ ਜਾਂਚ ਬੱਸਾਂ ਰਾਹੀਂ ਕਈ ਤਰ੍ਹਾਂ ਦੇ ਟੈਸਟ ਬਿਲਕੁਲ ਫਰੀ ਮੁਹਇਆ ਕਰਵਾ ਰਹੀ ਹੈ। ਜੇਕਰ ਕੈਂਸਰ ਦੇ ਅੰਕੜਿਆਂ ਤੇ ਝਾਤ ਮਾਰੀ ਜਾਵੇ ਤਾਂ ਪੂਰੇ ਵਰਲਡ ਵਿਚ ਇਕ ਸਾਲ ਵਿਚ 20 ਮਿਲੀਅਨ ਲੋਕਾਂ ਨੂੰ ਕੈਂਸਰ ਹੁੰਦਾ ਹੈ, ਜਿਨ੍ਹਾਂ ਵਿਚੋਂ 10 ਮਿਲੀਅਨ ਲੋਕਾਂ ਦੀ ਮੌਤ ਹੋ ਜਾਂਦੀ ਹੈ, ਜਿਸ ਦਾ ਵੱਡਾ ਕਾਰਨ ਲੇਟ ਡਾਇਗਨੇਜ਼ ਅਤੇ ਅਵੇਅਰਨੈਸ ਦੀ ਘਾਟ ਹੁੰਦੀ ਹੈ, ਇਕੱਲੇ ਭਾਰਤ ਦੀ ਗੱਲ ਕੀਤੀ ਜਾਵੇ ਤਾਂ ਹਰ ਸਾਲ ਲਗਭਗ 14 ਲੱਖ ਲੋਕਾਂ ਨੂੰ ਕੈਂਸਰ ਹੁੰਦਾ ਹੈ, ਜਿਨ੍ਹਾਂ ਵਿਚ 9 ਲੱਖ ਲੋਕਾਂ ਦੀ ਕੈਂਸਰ ਨਾਲ ਮੌਤ ਹੋ ਜਾਂਦੀ ਹੈ। ਇਸ ਮੌਤ ਦੇ ਅੰਕੜੇ ਨੂੰ ਰੋਕਣ ਲਈ ਵਰਲਡ ਕੈਂਸਰ ਲਗਾਤਾਰ ਤੱਤਪਰ ਹੈ ਅਤੇ ਆਪਣੇ ਪੱਧਰ ਤੇ ਆਪਣੀਆਂ ਮੋਬਾਇਲ ਬੱਸਾਂ ਰਾਹੀਂ ਕੋਸ਼ਿਸ਼ ਕਰ ਰਹੀ ਹੈ ਕਿ ਇੰਡੀਆ ਦੇ ਹਰ ਕੋਨੇ ੱਕ ਪਹੁੰਚ ਕੀਤੀ ਜਾਵੇ ਤਾਂ ਜ਼ੋ ਕੀਮਤੀ ਜਾਨਾਂ ਬਚਾਈਆਂ ਜਾ ਸਕਣ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸਤਿਕਾਰਯੋਗ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਮੂਹ ਆਏ ਹੋਏ ਡਾਕਟਰ ਸਾਹਿਬਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਗੁਰਦੁਆਰਾ ਸਾਹਿਬ ਵਿਖੇ ਕੈਂਪ ਲਾਇਆ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ, ਭਾਈ ਗੁਰਮੇਲ ਸਿੰਘ ਅਰਜਨ, ਭਾਈ ਜ਼ੋਗਾ ਸਿੰਘ, ਭਾਈ ਚੰਨ ਸਿੰਘ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ, ਭਾਈ ਸੰਤੋਖ ਸਿੰਘ, ਭਾਈ ਸ਼ੇਰ ਸਿੰਘ ਨੇ ਮਰੀਜਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਸਸਸਸ ਸਕੂਲ ਢੇਸੀਆਂ ਕਾਹਨਾਂ ਦੀ ਰਿਤੀਕਾ ਨੇ ਅੱਠਵੀਂ ਕਲਾਸ ਵਿੱਚੋਂ ਪਹਿਲਾਂ ਸਥਾਨ ਪ੍ਰਾਪਤ ਕੀਤਾ



ਨਕੋਦਰ ਮਹਿਤਪੁਰ 2 ਮਈ (ਹਰਜਿੰਦਰ ਪਾਲ ਛਾਬੜਾ)-ਰਿਤੀਕਾ ਪੁੱਤਰੀ ਮਾਤਾ ਸ੍ਰੀਮਤੀ ਕਮਲਾ ਅਤੇ ਪਿਤਾ ਸ੍ਰੀ ਅਮਨਦੀਪ ਕੁਮਾਰ ਪਿੰਡ ਢੇਸੀਆਂ ਕਾਹਨਾਂ ਜਿਲਾ ਜਲੰਧਰ ਸਸਸਸ ਸਕੂਲ ਦੀ ਅੱਠਵੀਂ ਕਲਾਸ ਵਿੱਚੋਂ 600/526 ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਜਿਸ ਨੇ ਆਪਣੇ ਮਾਂ ਬਾਪ ਦਾ ਨਾਂ ਅਤੇ ਟੀਚਰਾਂ ਦਾ ਨਾਂ ਰੌਸ਼ਨ ਕੀਤਾ ਹੈ।

# ਬੀਬੀ ਕਿਲਾ ਹਕੀਮਾਂ ਵੱਲੋਂ ਭਗਤ ਰਵਿਦਾਸ ਗੁਰਦੁਆਰਾ ਸਾਹਿਬ ਸ਼ੇਰਪੁਰ ਨੂੰ ਭਾਡਿਆਂ ਦੀ ਬੇਲ ਭੇਟ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਧੂਰੀ ਤੋਂ ਮੈਂਬਰ ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ ਵੱਲੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਂਡਿਆਂ ਦੀ ਬੇਲ ਵੰਡੀ ਜਾ ਰਹੀ ਹੈ । ਇਸੇ ਹੀ ਤਹਿਤ ਭਗਤ ਰਵਿਦਾਸ ਗੁਰਦੁਆਰਾ ਸ਼ੇਰਪੁਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬੀਬੀ ਸਰਨਜੀਤ ਕੌਰ ਦੇ ਸਪੁੱਤਰ ਅਮਰੀਕ ਸਿੰਘ ਕਿਲਾ ਹਕੀਮਾਂ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀਏਸੀ ਦੇ ਮੈਂਬਰ ਸ, ਹਰਬੰਸ ਸਿੰਘ ਸਲੇਮਪੁਰ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਮਨਜੀਤ ਸਿੰਘ ਧਾਮੀ ਵੱਲੋਂ ਗੁਰਦੁਆਰਾ ਸਾਹਿਬ ਨੂੰ 100 ਥਾਲ 100 ਗਲਾਸ ਭਾਂਡਿਆਂ ਦੀ ਬੇਲ ਭੇਟ ਕੀਤੀ ਗਈ। ਗੁਰਦੁਆਰਾ ਸਾਹਿਬ ਨੂੰ ਭਾਡਿਆਂ ਦੀ ਸਹਾਇਤਾ ਕਰਨ 'ਤੇ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਡਾ ਜਗਜੀਵਨ ਸਿੰਘ ਸੇਰਪੁਰ ਨੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ ਅਤੇ ਆਏ ਆਗੂਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਬਿਨਾਂ ਆਮਦਨ ਵਾਲੇ ਗੁਰੂ ਘਰਾ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੱਦਦ ਕਰਨਾ ਸਲਾਘਾਯੋਗ ਫੈਸਲਾ ਹੈ।

# ਪੰਜਾਬ ਵਿਚੋਂ ਐਨ.ਜੀ.ਓਜ ਦੀ ਭਾਗੀਦਾਰੀ ਅਲੋਪ ਹੋਣਾ ਚਿੰਤਾ ਦਾ ਹੀ ਨਹੀਂ ਬਲਕਿ ਇਕ ਗੰਭੀਰ ਮਸਲਾ ਬਣ ਕੇ ਰਹਿ ਗਿਆ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 3 ਮਈ (ਮਨੋਹਰ ਲਾਲ) :— ਅੱਜ ਜਿਸ ਤੇਜੀ ਨਾਲ ਸਰੀਰਕ ਬਿਮਾਰੀਆਂ, ਮਾਨਸਿਕ ਪ੍ਰੇਸ਼ਾਨੀਆਂ, ਸਮਾਜਿਕ ਕੁਰੀਤੀਆਂ ਸਿਰ ਚੁੱਕ ਨਹੀਂ ਬਲਕਿ ਹਰ ਬਸਰਪਰਿਵਾਰ, ਸਮਾਜ, ਪੂਰੇ ਪੰਜਾਬ ਬਲਕਿ ਦੇਸ਼ ਦੁਨਿਆਂ ਵਿਚ ਇਕ ਚਰਚਾ ਦਾ ਵਿਸ਼ਾ ਬਣ ਕਈ ਅਜਿਹੀਆਂ ਹੋਛੀਆਂ, ਇਨਸਾਨੀਅਤ ਤੋਂ ਗਿਰਿਆ ਹੋਇਆ ਅਣਹੋਣੀਆਂ ਘਟਣਾ ਘੱਟ ਰਹੀਆਂ ਹਨ, ਜਿਹੜੀਆਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰੇ ਨੂੰ ਢਾਹ ਲਾ ਰਹੀਆਂ ਹਨ, ਜਿਨ੍ਹਾਂ ਸਦਕਾ ਅੱਜ ਬੁੱਧੀਜੀਵੀਆਂ, ਦੇਸ਼. ਭਗਤਾਂ, ਆਜ਼ਾਦੀ ਘੁਲਾਟੀਆਂ, ਸ਼ਹੀਦਾਂ ਦੇ ਸੁਪਨਿਆਂ ਦਾ ਅਗਾਂਹ ਵਧੂ ਭਾਰਤ ਬਨਾਉਣ ਲਈ ਦਿਨ—ਰਾਤ ਉਪਰਾਲੇ ਕਰ ਦੇਸ਼ ਦੀ ਨਈਆ ਹਮ ਤੋਂ ਲਾਏ ਥੇ ਆਜ਼ਾਦੀ ਤੂਫਾਨੋ ਸੇ ਨਿਕਾਲ ਕੇ ਬਚੋ ਰਖਣਾ ਸੰਭਾਲ ਕੇ, ਸੋਚਣ ਤੇ ਮਜ਼.ਬੂਰ ਹੋ ਰਹੇ ਹਨ, ਜ਼ੋ ਪੰਜਾਬ ਵਿਚ ਗੁਰੂ, ਪੀਰਾਂ, ਪੈਗੰਬਰਾਂ, ਦੇਸ਼ ਭਗਤਾਂ ਵੱਲੋਂ ਅਦੁਤੀਆਂ ਕੁਰਬਾਨੀਆਂ ਦੇ ਦੇ ਕੇ ਹਜ਼ਾਰਾਂ ਸਾਲਾਂ ਮੂਗਲਾਂ, ਲੁਟੇਰਿਆਂ, ਮੁਹੰਮਦ ਗਜਨਬੀ ਵਰਗਿਆਂ ਜਰ ਜ਼ੋਰੂ ਧਰਮ ਦੇ ਨਾਮ, ਹੰਮਾਯੂ, ਔਰੰਗਜੇਬ ਵਰਗਿਆਂ ਸੰਤਾਂ ਮਹਾਂਪੁਰਸ਼ਾਂ ਦੇ ਸਦਕਾ ਅਨੇਕਾਂ ਤੋਂ ਏਕਤਾ, ਸਾਂਝੀਵਾਲਾ, ਮਾਨਸ ਕੀ ਜਾਤ ਏਕੋ ਪੈਚਾਨਬੋ, ਅਵਰ ਅੱਲਾ ਨੂਰ ਉਪਾਈਆ ਕੁਦਰਤ ਦੇ ਸਭ ਬੰਦੇ ਦਾ ਪੈਗਾਮ ਧਰਮ ਜ਼ੋੜਣ ਨਾ ਕਿ ਤੋੜਣ ਲਈ ਦੀ ਸਥਾਪਛ ਕਰ ਫਿਰ ਦੇਸ਼ ਨੂੰ ਫਰੰਗੀਆਂ, ਲੁਟੇਰਿਆਂ ਜਾਲਮਾਂ ਤੋਂ ਆਜ਼ਾਦ ਕਰਾ ਭਾਰਤ ਨੂੰ ਆਜ਼ਾਦ ਕਰਵਾ ਦੀਆਂ, ਦੀ ਸਭ ਤੋਂ ਵੱਡੇ ਦੇਸ਼ ਵਿਚ ਡੈਮੋਕਰੇਸੀ ਦੀ ਸਥਾਪਣਾ ਕਰ ਸ਼ਹੀਦਾਂ ਦੇ ਸੁਪਨੇ ਸਾਕਾਰ ਕਰ ਦੁਨੀਆਂ ਵਿਚ ਭਾਰਤ ਦਾ ਲੋਹਾ ਸਥਾਪਤ ਕਰ ਰਹੇ ਖੇਤਰ ਵਿਚ ਬੁਲੰਦੀਆਂ ਨੂੰ ਛੋਹਣ ਜਾ ਰਿਹਾ ਹੈ, ਦੂਜੇ ਪਾਸੇ ਪੀ.ਸੀ ਕੁਮਾਰ ਉੱਘੇ ਸਮਾਜ ਸੁਧਾਰਥ, ਨੌਕਰੀ ਤੇ ਮਗਰੋਂ ਬੱਚਿਆਂ, ਅਧਿਆਪਕਾਂ, ਮਾਪਿਆਂ, ਬੁੱਧੀਜੀਵੀਆਂ ਤੇ ਸਮੁੱਚੀਆਂ ਸਰਕਾਰਾਂ ਦੇ ਸਹਿਯੋਗ ਨਾਲ ਪੰਜਾਬ ਵਿਚ ਐਨ.ਜੀ.ਓਜ਼ ਦੀ ਭਾਗੀਦਾਰੀ ਕਰ ਸਮਾਜ, ਦੇਸ਼ ਦੁਨੀਆਂ ਵਿਚ ਐਨ.ਜੀ.ਓਜ਼ ਦੀ ਭਾਗੀਦਾਰੀ ਕਰ ਇਨ੍ਹਾਂ ਸਭ ਮੁਸ਼ਿਕਲਾਂ ਨੂੰ ਹਨ ਕਰਨ ਵਿਚ ਜਨਤਾ ਤੇ ਸਰਕਾਰ ਵਿਚ ਇਹ ਐਨ.ਜੀ.ਓਜ਼ ਜ਼ੋ ਇਕ ਵਿਚੋਲੇ, ਕੜੀ ਸੱਚੀ ਬਾਂਹ ਦਾ ਮਾਨ ਪ੍ਰਾਪਤ ਕਰ ਨਿਚਲੇ ਪੱਧਰ ਤੋਂ ਉਪਰਾਲੇ ਪੱਧਰ ਹਰ ਤਰ੍ਹਾਂ ਦੀਆਂ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ ਦੇ ਨਾਮ ਧਰਮ, ਜਾਤ—ਪਾਤ, ਉਚ—ਨੀਚ, ਗਰੀਬ, ਅਮੀਰ, ਛੋਟੇ—ਵੱਡੇ ਨੂੰ ਬਜ਼ੁਰਗਾਂ, ਬੱਚਿਆਂ ਤੇ ਨੌਜਵਾਨਾਂ ਦੀ ਹਰ ਖੇਤਰ ਵਿਚ ਸਰਕਾਰ ਦੇ ਹਰ ਦਾਇਰੇ ਵਿਚ ਭਾਗੀਦਾਰੀ ਕਰ ਜਨਤਾ ਦੀ ਮੁਸ਼ਿਕਲ, ਸਰਕਾਰ ਦੇ ਹਰ ਪ੍ਰੋਗਰਾਮ ਨੂੰ ਲੋਕਾਂ ਦਾ ਲੋਕਾਂ ਲਈ ਤੇ ਲੋਕਾਂ ਦੁਆਰਾ ਚਲਾ ਕੇ ਇਕ ਪ੍ਰਤੱਖ ਨੂੰ ਪ੍ਰਮਾਨਦੀ ਲੋੜ ਨਹੀਂ ਸਰਕਾਰ ਨਹੀਂ, ਬਲਕਿ ਜਨਤਾ ਦਾ ਸੇਵਕ ਨੁਮਾਇਦਾ ਬਣ ਹਰਵ ਖੇਤਰ ਵਿਚ ਸਾਰਕੇ ਦਾ ਕੰਮ ਕਰ ਵਿਖਾ ਦਿੱਤਾ ਕਿ ਐਨ.ਜੀ.ਓਜ਼ ਇਕ ਅਜਿਹੀ ਸੰਸਥਾਇਕ ਅਜਿਹਾ ਨਿਸ਼ਕਾਮ ਘਰੋ ਖਾ ਕੇ ਜਨਤਾ ਤੇ ਸਰਕਾਰ ਦਾ ਮੇਲ ਮਿਲਾਪ ਕਰਵਾ ਹਰ ਪੰਜਾਬ ਵਾਸੀ ਦੀ ਦਿਲ ਦੀ ਧੜਕਣ ਲੋੜ ਦਿਲਾਂ ਦਾ ਰਾਜਾ ਸਥਾਨ ਬਣ ਉਹ ਜ਼ੋ ਕੋਈ ਸਰਕਾਰ ਨਹੀਂ ਬਿਨ੍ਹਾਂ ਐਨ.ਜੀ.ਓਜ਼ ਦੀ ਭਾਗੀਦਾਰੀ ਬਿਨ ਨਹੀਂ ਕਰ ਸਕਦਾ।

ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਜੈਨਸਿਸ ਡੈਂਟਲ ਕਾਲਜ ਅਤੇ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਮੁਫਤ ਚੈਕਅਪ ਕੈਂਪ ਲਾਇਆ



**ਫ਼ਿਰੋਜ਼ਪੁਰ, 3 ਮਈ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਜੈਨਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਮੁਫਤ ਚੈਕਅਪ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਡਾਕਟਰ ਦੀਆਂ ਟੀਮਾਂ ਨੇ ਮਰੀਜਾਂ ਦਾ ਚੈਕਅਪ ਕਰਕੇ ਦਵਾਈਆਂ ਵੀ ਦਿੱਤੀਆਂ ਅਤੇ ਮਰੀਜਾਂ ਨੂੰ ਸਲਾਹ ਦਿੱਤੀ ਕਿ ਆਪਣੇ ਦੰਦਾਂ ਨੂੰ ਸਿਹਤਮੰਦਰ ਰੱਖਣ ਲਈ ਰੋਜ਼ਾਨਾ ਰਾਤ ਨੂੰ ਵੀ ਦੰਦਾਂ ਨੂੰ ਬੁਰਸ਼ ਕਰਨਾ ਜ਼ਰੂਰੀ ਹੈ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸਤਿਕਾਰਯੋਗ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਜੈਨਸਿਸ ਡੈਂਟਲ ਕਾਲਜ ਅਤੇ ਹਸਪਤਾਲ ਦੇ ਡਾਕਟਰਾਂ ਨੂੰ ਜੀ ਆਇਆ ਆਖਿਆ ਅਤੇ ਕਿਹਾ ਕਿ ਗੁਰਦੁਆਰਾ ਸਾਹਿਬ ਵਿਖੇ ਕੈਂਪ ਲਾ ਕੇ ਬਹੁਤ ਹੀ ਵਧੀਆ ਕੰਮ ਕੀਤਾ ਹੈ ਅਤੇ ਮਰੀਜਾਂ ਦਾ ਚੈਕਅਪ ਕਰਕੇ ਦਵਾਈਆਂ ਦਿੱਤੀਆਂ ਹਨ। ਅਸੀਂ ਸਮੂਹ ਡਾਕਟਰਾਂ ਦਾ ਧੰਨਵਾਦ ਕਰਦੇ ਹਾਂ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ, ਭਾਈ ਗੁਰਮੇਲ ਸਿੰਘ ਅਰਜੁਨ, ਭਾਈ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬਬੂ, ਭਾਈ ਸੰਤੋਖ ਸਿੰਘ, ਭਾਈ ਫਕਰ ਸਿੰਘ, ਭਾਈ ਸ਼ੇਰ ਸਿੰਘ ਨੇ ਮਰੀਜਾਂ ਦੀ ਹੱਥੀਂ ਸੇਵਾ ਕਰਦੇ ਸਾਰਾ ਦਿਨ ਦੇਖੇ ਗਏ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਬਕਾ ਮੰਤਰੀ ਦਰਸ਼ਨ ਸਿੰਘ ਬਰਾੜ ਦੇ ਸਪੁੱਤਰ ਕਮਲਜੀਤ ਸਿੰਘ ਬਰਾੜ ਲੜਨਗੇ ਲੁਧਿਆਣਾ ਤੋਂ ਅਜ਼ਾਦ ਉਮੀਦਵਾਰ ਵਜੋਂ ਚੋਣ

## ਕਿਹਾ ਇਨ੍ਹਾਂ ਸਿਆਸੀ ਲੱਕੜ ਬੱਗਿਆ ਨੂੰ ਭਾਜ ਦੇਣ ਆ ਰਿਹਾ ਹਾਂ ਮੈਦਾਨ 'ਚ : ਕਮਲਜੀਤ ਸਿੰਘ ਬਰਾੜ



**ਲੁਧਿਆਣਾ, 3 ਮਈ (ਆਵਾਜ਼ਿ ਕੌਮ ਬਿਊਰੋ)-** ਲੋਕ ਸਭਾ ਹਲਕਾ ਲੁਧਿਆਣਾ ਦਾ ਲੰਮਾਂ ਸਮਾ ਇੰਚਾਰਜ ਰਹਿਣ ਵਾਲੇ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਮੋਗਾ ਦੇ ਸਾਬਕਾ ਪ੍ਰਧਾਨ ਤੇ ਨੌਜਵਾਨਾਂ ਦੇ ਦਿਲਾਂ ਦੀ ਧੜਕਣ ਲੋਕ ਨਾਇਕ ਕਮਲਜੀਤ ਸਿੰਘ ਬਰਾੜ ਨੇ ਲੋਕ ਸਭਾ ਹਲਕਾ ਲੁਧਿਆਣਾ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦਾ ਰਸਮੀ ਤੌਰ ਤੇ ਐਲਾਨ ਕਰਨ ਲਈ ਅੱਜ ਪ੍ਰੈਸ ਕਾਂਨਫਰੰਸ ਸੱਦੀ ਹੈ। ਜਾਣਕਾਰੀ ਮੁਤਾਬਿਕ ਕਮਲਜੀਤ ਸਿੰਘ ਬਰਾੜ ਨੇ ਲੋਕ ਸਭਾ ਚੋਣ ਲੜਨ ਦੇ ਬਕਾਇਦਾ ਰਸਮੀ ਐਲਾਨ ਲਈ ਲੁਧਿਆਣਾ ਵਿਖੇ ਪ੍ਰੈਸ ਕਾਨਫਰੰਸ ਸੱਦੀ ਹੈ। ਨੌਜਵਾਨ ਆਗੂ ਕਮਲਜੀਤ ਸਿੰਘ ਬਰਾੜ ਸਾਬਕਾ ਕਾਂਗਰਸੀ ਮੰਤਰੀ ਤੇ ਹਲਕਾ ਬਾਘਾ ਪੁਰਾਣਾ ਦੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਦੇ ਸਪੁੱਤਰ ਹਨ। ਜ਼ਿਕਰਯੋਗ ਹੈ ਕਿ ਕਮਲਜੀਤ ਸਿੰਘ ਬਰਾੜ ਦਾ ਪੰਜਾਬ ਪ੍ਰਦੇਸ਼ ਕਾਂਗਰਸ ਦੇ ਮੌਜੂਦਾ ਪ੍ਰਧਾਨ ਤੇ ਲੋਕ ਸਭਾ ਹਲਕਾ ਲੁਧਿਆਣਾ ਤੋਂ ਕਾਂਗਰਸੀ ਉਮੀਦਵਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ 36 ਦਾ ਆਂਕੜਾ ਚਲ ਰਿਹਾ ਹੈ। ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਅਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਵਿਰੋਧ ਵਿੱਚ ਬੋਲਣ ਕਰਕੇ ਹੀ ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਕਮਲਜੀਤ ਸਿੰਘ ਬਰਾੜ ਨੂੰ ਕਾਂਗਰਸ ਪਾਰਟੀ ਵਿੱਚੋਂ ਮੁਅਤਲ ਕਰ ਦਿੱਤਾ ਗਿਆ ਸੀ। ਰਾਜਾ ਵੜਿੰਗ ਨਾਲ 36 ਦਾ ਅੰਕੜਾ ਹੋਣ ਕਰਕੇ ਹੀ ਕਮਲਜੀਤ ਸਿੰਘ ਬਰਾੜ ਵੱਲੋਂ ਉਹਨਾਂ ਦੇ ਖਿਲਾਫ ਲੋਕ ਸਭਾ ਹਲਕਾ ਲੁਧਿਆਣਾ ਤੋਂ ਚੋਣ ਮੈਦਾਨ ਵਿੱਚ ਨਿੱਤਰਨ ਦਾ ਮਨ ਬਣਾਇਆ ਗਿਆ ਹੈ। ਜੇਕਰ ਕਮਲਜੀਤ ਸਿੰਘ ਬਰਾੜ ਦੀ ਗੱਲ ਕਰੀਏ ਤਾ ਉਹ ਲੁਧਿਆਣਾ ਲੋਕ ਸਭਾ ਦੇ ਵੋਟਰਾ ਤੇ ਚੰਗੀ ਪਕੜ ਰੱਖਦੇ ਹਨ ਤੇ ਉਥੇ ਹੀ ਹਰ ਗੱਲ ਗੁਰਬਾਣੀ ਨੂੰ ਸਬੋਧਿਤ ਹੁੰਦੇ ਹੋਏ ਬੜੇ ਹੀ ਠਰਾਮੇ ਨਾਲ ਹਰ ਗੱਲ ਦਾ ਜੁਵਾਬ ਦਿੰਦੇ ਹਨ, ਕਮਲਜੀਤ ਸਿੰਘ ਬਰਾੜ ਨੇ ਕਾਂਗਰਸ ਪਾਰਟੀ ਵਿੱਚ ਹੁੰਦੇ ਹੋਏ ਸਿੱਖ ਕੌਮ ਨਾਲ ਹੁੰਦੇ ਧੱਕੇ ਖਿਲਾਫ ਅਵਾਜ਼ ਬਲੰਦ ਕੀਤੀ, ਗੁਰੂ ਸਾਹਿਬ ਦੀਆ ਹੁੰਦੀਆ ਬੇਅਦਬੀ ਆ ਖਿਲਾਫ ਅਕਾਲੀ ਸਰਕਾਰ ਸਮੇਂ ਵੱਡੇ ਰੋਸ ਪ੍ਰਦਰਸ਼ਨ ਕਰਕੇ ਸਿੱਖ ਹੋਣ ਦਾ ਵੱਡਾ ਰੋਲ ਅਦਾ ਕੀਤਾ ਸੀ, ਕਿਸਾਨ ਅੰਦੋਲਨ ਸਮੇਂ ਪਹਿਲੇ ਦਿਨ ਤੋਂ ਲੈ ਕੇ ਕਮਲਜੀਤ ਬਰਾੜ ਦਿੱਲੀ ਦੀਆ ਬਰੂਹਾਂ ਤੇ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜਕੇ ਆਖਰੀ ਦਿਨ ਤੱਕ ਡਟੇ ਰਹੇ, ਭਾਵੇਂ ਇਹੀ ਬਿੱਟੂ ਵੀ ਅੰਦਰ ਖਾਤੇ ਕਿਸਾਨਾਂ ਦਾ ਸਾਥ ਦੇ ਰਹੇ ਕਮਲਜੀਤ ਸਿੰਘ ਬਰਾੜ ਖਿਲਾਫ ਬੋਲਦੇ ਰਹੇ, ਪਰ ਇਸ ਨੇ ਕਿਸੇ ਦੀ ਪ੍ਰਵਾਹ ਕੀਤੇ ਬਿਨ੍ਹਾਂ ਕਿਸਾਨਾਂ ਦਾ ਸਾਥ ਦਿੱਤਾ, ਦੀਪ ਸਿੱਧੂ ਵਰਗੇ ਯੋਧਿਆ ਨਾਲ ਵੀ ਹਰ ਸਮੇਂ ਭਰਾਵਾਂ ਵਾਂਗ ਡਟੇ ਰਹੇ, ਜੇ ਗੱਲ ਕਰੀਏ ਭਾਈ ਅੰਮ੍ਰਿਤਪਾਲ ਸਿੰਘ ਦੀ ਤਾ ਕਮਲਜੀਤ ਬਰਾੜ ਨੇ ਉਸ ਵੱਲੋਂ ਕਰਵਾਏ ਜਾਦੇ ਰਹੇ ਕਾਰਜਾਂ ਦਾ ਸਰਕਾਰ ਦੇ ਵਿਰੋਧ ਦੇ ਬਾਵਜੂਦ ਵੀ ਡੱਟਕੇ ਸਾਥ ਦਿੱਤਾ, ਸਰਕਾਰਾਂ ਵੱਲੋਂ ਨੋਜਵਾਨਾਂ ਤੇ ਲਾਏ੍ਹ ਅਫਅ ਵਰਗੇ ਕਾਨੂੰਨਾਂ ਖਿਲਾਫ ਵੀ ਅਵਾਜ਼ ਬਲੰਦ ਕੀਤੀ ਤੇ ਭਾਈ ਅੰਮ੍ਰਿਤਪਾਲ ਸਿੰਘ ਤੇ ਉਸ ਦੇ ਸਾਥੀਆ ਤੇ ਲਾਏ ਐਨਐਸਏ ਵਰਗੇ ਘਾਤਕ ਕਾਨੂੰਨ ਖਿਲਾਫ ਬੋਲਣ ਕਰਕੇ ਹੀ ਇਸ ਨੂੰ ਕਾਂਗਰਸ ਵਿੱਚੋਂ ਬਾਹਰ ਦਾ ਰਸਤਾ ਦਿਖਾਇਆ ਗਿਆ। ਹਮੇਸ਼ਾਂ ਹੀ ਸੱਚ ਦੇ ਰਾਹ ਤੇ ਚੱਲਣ ਵਾਲਾ ਸ.ਦਰਸ਼ਨ ਸਿੰਘ ਬਰਾੜ ਦਾ ਫਰਜੰਦ ਕਮਲਜੀਤ ਸਿੰਘ ਬਰਾੜ ਹੁਣ ਲੁਧਿਆਣਾ ਤੋਂ ਅਜ਼ਾਦ ਉਮੀਦਵਾਰ ਦੇ ਤੌਰ ਤੇ ਚੋਣ ਲੜਨ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕ ਸਭਾ ਚੋਣਾਂ-2024 : ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਵਟਸਐਪ ਚੈਨਲ ਜਾਰੀ

## ਵਟਸਐਪ ਚੈਨਲ ਦਾ ਉਦੇਸ਼ ਚੋਣਾਂ ਸਬੰਧੀ ਆਮ ਜਨਤਾ ਅਤੇ ਚੋਣ ਅਮਲ ਦੇ ਭਾਗੀਦਾਰਾਂ ਲਈ ਮਹੱਤਵਪੂਰਨ ਜਾਣਕਾਰੀ ਨੂੰ ਪ੍ਰਸ਼ਾਰਿਤ ਕਰਨਾ



**ਬਟਾਲਾ, 3 ਮਈ (ਲਵਪ੍ਰੀਤ ਸਿੰਘ ਖੁਸ਼ੀ ਪੁਰ)-** ਡਾ. ਸ਼ਾਇਰੀ ਭੰਡਾਰੀ ਐਸ.ਡੀ.ਐਮ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਇੱਕ ਨਿਵੇਕਲਾ ਉਪਰਾਲਾ ਕਰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਇੱਕ ਸਮਰਪਿਤ ਵਟਸਐਪ ਚੈਨਲ, 'ਮੁੱਖ ਚੋਣ ਅਧਿਕਾਰੀ, ਪੰਜਾਬ' ਦੀ ਸ਼ੁਰੂਆਤ ਕੀਤੀ ਗਈ ਹੈ। ਉਨਾਂ ਨੇ ਅੱਗੇ ਦੱਸਿਆ ਕਿ ਵਟਸਐਪ ਚੈਨਲ ਦਾ ਉਦੇਸ਼ ਚੋਣਾਂ ਸੰਬੰਧੀ ਆਮ ਜਨਤਾ ਅਤੇ ਚੋਣ ਅਮਲ ਦੇ ਭਾਗੀਦਾਰਾਂ ਲਈ ਮਹੱਤਵਪੂਰਨ ਜਾਣਕਾਰੀ ਨੂੰ ਪ੍ਰਸ਼ਾਰਿਤ ਕਰਨਾ ਹੈ, ਜਿਸ ਵਿੱਚ ਚੋਣ ਪ੍ਰਕਿਰਿਆਵਾਂ, ਸਵੀਪ (ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਅਤੇ ਇਲੈਕਟੋਰਲ ਪਾਰਟੀਸੀਪੇਸ਼ਨ) ਗਤੀਵਿਧੀਆਂ, ਮਹੱਤਵਪੂਰਨ ਤਰੀਕਾਂ, ਵੱਖ-ਵੱਖ ਅੰਕੜੇ ਅਤੇ ਲੋਕ ਸਭਾ ਚੋਣਾਂ-2024 ਨਾਲ ਸਬੰਧਤ ਹੋਰ ਬਹੁਤ ਸਾਰੀਆਂ ਜਾਣਕਾਰੀਆਂ ਸ਼ਾਮਲ ਹਨ। ਇਸ ਤੋਂ ਇਲਾਵਾ ਇਹ ਚੈਨਲ 'ਇਸ ਵਾਰ 70 ਪਾਰ' ਦੇ ਟੀਚੇ ਦੀ ਪ੍ਰਾਪਤੀ ਲਈ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵੱਲੋਂ ਕੀਤੀਆਂ ਮਹੱਤਵਪੂਰਨ ਪਹਿਲਕਦਮੀਆਂ ਨੂੰ ਵੀ ਵੋਟਰਾਂ ਤੱਕ ਪੁੱਜਦਾ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਵਟਸਐਪ ਚੈਨਲ ਦਾ ਲਿੰਕ https://whatsapp.com/channel/@@BIvaxafbpBIGECFNZLBG@B ਹੈ। ਉਨਾਂ ਅੱਗੇ ਦੱਸਿਆ ਕਿ ਇਹ ਉਪਰਾਲਾ ਜਨਤਕ ਸ਼ਮੂਲੀਅਤ ਲਈ ਤਕਨਾਲੋਜੀ ਦਾ ਲਾਭ ਉਠਾਉਣ ਲਈ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਦੇ ਪਹਿਲਾਂ ਤੋਂ ਜਾਰੀ ਯਤਨਾਂ ਦਾ ਹਿੱਸਾ ਹੈ। ਜਾਣਕਾਰੀ ਅਤੇ ਹੋਰ ਗਤੀਵਿਧੀਆਂ ਦਾ ਪ੍ਰਸਾਰ ਕਰਨ ਅਤੇ ਵੋਟਰਾਂ ਦੇ ਸਵਾਲਾਂ ਦਾ ਜਵਾਬ ਦੇਣ ਲਈ ਇਸ ਤੋਂ ਪਹਿਲਾਂ ਮੁੱਖ ਚੋਣ ਅਧਿਕਾਰੀ ਵੱਲੋਂ ਨਿਯਮਤ ਪੋਡਕਾਸਟ ਸ਼ੁਰੂ ਕੀਤਾ ਗਿਆ ਹੈ ਅਤੇ "ਫੇਸਬੁੱਕ ਲਾਈਵ" ਸੈਸ਼ਨ ਵੀ ਕਰਵਾਏ ਜਾ ਰਹੇ ਹਨ। ਜ਼ਿਕਰਯੋਗ ਹੈ ਕਿ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵੱਲੋਂ 'theceopunjab ਹੈਂਡਲ ਨਾਲ ਫੇਸਬੁੱਕ, ਐਕਸ, ਇੰਸਟਾਗ੍ਰਾਮ ਅਤੇ ਯੂਟਿਊਬ ਚੈਨਲ ਵੀ ਚਲਾਏ ਜਾ ਰਹੇ ਹਨ। ਐਸ.ਡੀ.ਐਮ ਨੇ ਵਟਸਐਪ ਵਰਤਣ ਵਾਲਿਆ ਨੂੰ ਅਪੀਲ ਕੀਤੀ ਹੈ ਕਿ ਉਹ ਲੋਕ ਸਭਾ ਚੋਣਾਂ 2024 ਬਾਰੇ ਨਿਯਮਤ ਅਤੇ ਪ੍ਰਮਾਣਿਕ ਅੱਪਡੇਟ ਪ੍ਰਾਪਤ ਕਰਨ ਲਈ ਅਧਿਕਾਰਤ ਚੈਨਲ ਨਾਲ ਜੁੜਨ। ਇਸ ਤੋਂ ਇਲਾਵਾ ਉਨ੍ਹਾਂ ਨੇ ਵਟਸਐਪ ਵਰਤਣ ਵਾਲਿਆਂ ਨੂੰ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਲਈ ਇਸ ਚੈਨਲ ਦੀ ਜਾਣਕਾਰੀ ਨੂੰ ਹੋਰ ਸਮੂਹਾਂ ਵਿੱਚ ਸਾਂਝਾ ਕਰਨ ਦੀ ਅਪੀਲ ਵੀ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਖਿਆਲਾ ਮੰਡੀ ਵਿਖੇ ਗਊਸ਼ਾਲਾ ਵਾਲੇ ਸੰਤਾਂ ਵੱਲੋਂ ਚਲਾਇਆ ਜਾ ਰਿਹਾ ਹੈ ਲੰਗਰ



**ਚੌਂਕ ਮਹਿਤਾ3 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)** ਬਾਬਾ ਵੀਰ ਸਿੰਘ ਗਊਸ਼ਾਲਾ ਪਿੰਡ ਖਿਆਲਾ ਕਲਾਂ ਵੱਲੋਂ ਸੰਤ ਜਸਬੀਰ ਸਿੰਘ ਨਾਮਧਾਰੀ ਦੀ ਅਗਵਾਈ ਹੇਠ ਖਿਆਲਾ ਮੰਡੀ ਵਿਖੇ ਲਗਾਤਾਰ ਲੰਗਰ ਦੀ ਸੇਵਾ ਕੀਤੀ ਜਾ ਰਹੀ ਹੈ। ਸੰਤ ਜਸਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਗਊਸ਼ਾਲਾ ਵਿੱਚ ਇਸ ਵਕਤ 400 ਦੇ ਕਰੀਬ ਗਾਵਾਂ ਹਨ, ਜਿਨਾਂ ਦੀ ਸੇਵਾ ਸੰਭਾਲ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਜਾ ਰਹੀ ਹੈ ਅਤੇ ਇਸਦੇ ਨਾਲ-ਨਾਲ ਇਸ ਵਕਤ ਮੰਡੀ ਵਿੱਚ ਲਗਾਤਾਰ ਲੰਗਰ ਵੀ ਚਲਾਇਆ ਜਾ ਰਿਹਾ ਹੈ, ਕਿਉਂਕਿ ਮੰਡੀ ਦੇ ਨੇੜੇ ਕੋਈ ਢਾਬਾ ਜਾਂ ਮਾਰਕੀਟ ਨਾ ਹੋਣ ਕਰਕੇ ਆੜਤੀਆਂ, ਫਸਲ ਲੈ ਕੇ ਆਉਣ ਵਾਲੇ ਕਿਸਾਨਾਂ ਅਤੇ ਮੰਡੀ ਵਿੱਚ ਕੰਮ ਕਰਨ ਵਾਲੇ ਮਜਦੂਰਾਂ ਨੂੰ ਬਹੁਤ ਮੁਸ਼ਕਲ ਪੇਸ਼ ਆ ਰਹੀ ਸੀ, ਜਿਸਨੂੰ ਵੇਖਦੇ ਹੋਏ ਹੀ ਉਨ੍ਹਾਂ ਵੱਲੋਂ ਲੰਗਰ ਦੀ ਆਰੰਭਤਾ ਕੀਤੀ ਗਈ, ਜਿੱਥੇ ਲੰਘਣ ਵਾਲੇ ਰਾਹਗੀਰ ਵੀ ਲੰਗਰ ਛਕ ਰਹੇ ਹਨ ਅਤੇ ਉਨ੍ਹਾਂ ਨੂੰ ਸੰਗਤਾਂ, ਆੜਤੀਆਂ ਕਿਸਾਨਾਂ ਵੱਲੋਂ ਭਰਪੂਰ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੰਗਰ ਵਿੱਚ ਰੋਜ਼ਾਨਾ ਵੰਨ ਸੁਵੰਨੀਆਂ ਸਬਜੀਆਂ, ਦਾਲਾਂ, ਚੌਲ ਅਤੇ ਤੰਦੂਰੀ ਪ੍ਰਸ਼ਾਦੇ ਤਿਆਰ ਕਰਕੇ ਵਰਤਾਏ ਜਾਂਦੇ ਹਨ ਅਤੇ ਇਹ ਲੰਗਰ ਉਨਾਂ ਚੱਲਦਾ ਰਹੇਗਾ, ਜਦੋਂ ਤੱਕ ਮੰਡੀ ਵਿੱਚ ਫਸਲ ਆਉਂਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਉਦਯੋਗਿਕ ਵਿਕਾਸ ਤੋਂ ਬਿਨਾ ਅੰਮ੍ਰਿਤਸਰ ਦੀ ਵਿਕਾਸ ਯਾਤਰਾ ਨੂੰ ਆਕਾਰ ਨਹੀਂ ਦਿੱਤਾ ਜਾ ਸਕਦਾ- ਤਰਨਜੀਤ ਸਿੰਘ ਸੰਧੂ ਸਮੁੰਦਰੀ**

# ਸੰਧੂ ਸਮੁੰਦਰੀ ਤੋਂ ਅਮ੍ਰਿਤਸਰ ਨੂੰ ਵਡੀ ਆਸ - ਗੁਨਬੀਰ ਸਿੰਘ

**ਅੰਮ੍ਰਿਤਸਰ 3 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਉਦਯੋਗਿਕ ਵਿਕਾਸ ਤੋਂ ਬਿਨਾ ਅੰਮ੍ਰਿਤਸਰ ਦੀ ਵਿਕਾਸ ਯਾਤਰਾ ਨੂੰ ਆਕਾਰ ਨਹੀਂ ਦਿੱਤਾ ਜਾ ਸਕਦਾ, ਇਸ ਲਈ ਅੰਮ੍ਰਿਤਸਰ ਦੀ ਇੰਡਸਟਰੀ ਅਤੇ ਵਪਾਰ ਨੂੰ ਪ੍ਰਫੁਲਿਤ ਕੀਤਾ ਜਾਣਾ ਜ਼ਰੂਰੀ ਹੈ। ਭਾਜਪਾ ਦੀ ਨਰਿੰਦਰ ਮੋਦੀ ਸਰਕਾਰ ਦਾ ਅਗਲਾ ਲਕਸ਼ ਅੰਮ੍ਰਿਤਸਰ ਦੇ ਵਿਚ ਵਪਾਰ ਅਤੇ ਇੰਡਸਟਰੀ ਨੂੰ ਮੁੜ ਲੀਹਾਂ 'ਤੇ ਲਿਆਉਣ ਦਾ ਹੈ। ਸੰਧੂ ਸਮੁੰਦਰੀ ਅੱਜ ਕਨਫੈਡਰੇਸ਼ਨ ਆਫ਼ ਇੰਡੀਅਨ ਇੰਡਸਟਰੀ (ਸੀ ਆਈ ਆਈ) ਅੰਮ੍ਰਿਤਸਰ ਜ਼ੋਨ ਵੱਲੋਂ ਕਰਾਏ ਗਏ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਵਪਾਰ ਅਤੇ ਲਘੂ ਉਦਯੋਗ ਨੂੰ ਸਥਾਪਿਤ ਕਰਨ ਲਈ ਗੁਰੂ ਸਾਹਿਬਾਨ ਨੇ ਵੱਖ ਵੱਖ ਖੇਤਰਾਂ ਤੋਂ ਮਾਹਿਰ ਕਾਰੀਗਰਾਂ ਅਤੇ ਵਪਾਰੀਆਂ ਨੂੰ ਵਸਾਇਆ। ਦੇਸ਼ ਦੀ ਅਜ਼ਾਦੀ ਸਮੇਂ ਇਹ ਸ਼ਹਿਰ ਵਪਾਰ ਅਤੇ ਉਦਯੋਗ ਪੱਖੋਂ ਕਿਸੇ ਤੋਂ ਪਿੱਛੇ ਨਹੀਂ ਸੀ। ਪਰ ਅੱਜ ਸਥਿਤੀ ਬਦਲ ਚੁੱਕੀ ਹੈ। ਅੱਜ ਅਮਨ ਕਾਨੂੰਨ ਦੀ ਵਿਗੜਦੀ ਹਾਲਤਾਂ ਅਤੇ ਨਸ਼ਿਆਂ ਦੇ ਪਸਾਰੇ ਨੇ ਪੂਜੀ ਨਿਵੇਸ਼ ਨੂੰ ਜਿੱਥੇ ਬੰਦ ਕੀਤਾ ਉੱਥੇ ਹੀ ਸਰਕਾਰ ਵੱਲੋਂ ਸਹੂਲਤਾਂ ਦੇਣ 'ਚ ਨਾਕਾਮੀ ਨੇ ਇੱਥੋਂ ਦੀ ਇੰਡਸਟਰੀ ਦਾ ਵੀ ਕਾਫ਼ੀ ਭੋਗ ਪਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਇਸ ਪਾਸੇ ਧਿਆਨ ਦੇਣ ਦੀ ਲੋੜ ਸੀ, ਪਰ ਇਥੇ ਸਾਡੇ ਚੁਣੇ ਹੋਏ ਲੋਕ ਸਭਾ ਮੈਂਬਰ ਦੇ ਘਰ ਸਾਹਮਣੇ ਗੰਦਾ ਨਾਲ ਖੁੱਲ੍ਹਾ ਪਿਆ ਹੋਵੇ ਉਸ ਤੋਂ ਵਿਕਾਸ ਦੀ ਹੋਰ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਅਤੇ ਰਾਜ ਸਰਕਾਰ ਦੇ ਮੰਤਰੀ ਤੋਂ ਇਹ ਵੀ ਨਹੀਂ ਹੋਇਆ ਕਿ ਸ਼ਹਿਰ ਦੀ ਗੰਦਗੀ ਨੂੰ ਹੀ ਸਾਫ਼ ਕਰਾਇਆ ਜਾਵੇ। ਉਨ੍ਹਾਂ ਕਿਹਾ ਕਿ ਸੈਰ ਕਰਨ ਲਈ ਲੋਕ ਸੈਰਗਾਹ ਜਾਂ ਪਾਰਕਾਂ ਵਿਚ ਜਾਂਦੇ ਹਨ, ਪਰ ਉੱਥੇ ਨੇੜੇ ਹੀ ਗੰਦਗੀ ਦੇ ਢੇਰ ਹਨ ਅਤੇ ਅੱਗਾਂ ਲੱਗੀਆਂ ਹੁੰਦੀਆਂ ਹਨ, ਜਿਸ ਨਾਲ ਹਾਨੀਕਾਰਕ ਧੂਹਾਂ ਫੇਫੜਿਆਂ 'ਚ ਜਾ ਰਿਹਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਕਈ ਇਲਾਕਿਆਂ 'ਚ ਨਸ਼ੇ ਦੀ ਸਮੱਸਿਆ ਤਾਂ ਹੈ ਹੀ, ਪਰ ਉੱਥੇ ਸੀਵਰੇਜ ਦੀ ਸਮੱਸਿਆ ਨਾਲ ਲੋਕਾਂ ਦਾ ਜਿਊਂਣਾ ਵੀ ਮੁਸ਼ਕਲ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਵਪਾਰ ਨੂੰ ਪ੍ਰਫੁਲਿਤ ਕਰਨ ਲਈ ਅਨੇਕਾਂ ਅਵਸਰ ਹੁਣ ਵੀ ਹਨ। ਸਾਨੂੰ ਅੰਮ੍ਰਿਤਸਰ ਏਅਰ ਕਾਰਗੋ ਦੀ ਵਰਤੋਂ ਸੌ ਫ਼ੀਸਦੀ ਕਰਨ ਦੀ ਲੋੜ ਹੈ , ਜੋ ਹੁਣ ਕੇਵਲ 20 ਫ਼ੀਸਦੀ ਵਰਤੋਂ 'ਚ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਅਤੇ ਵਪਾਰੀਆਂ ਦੇ ਆਮਦਨ. ਵਧਾਉਣ ਲਈ ਫਲ਼ ਅਤੇ ਸਬਜ਼ੀਆਂ ਖਾੜੀ ਅਤੇ ਯੂਰਪ ਨੂੰ ਭੇਜੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਅਟਾਰੀ ਬਾਡਰ ਰਾਹੀਂ ਯੂ ਏ ਈ ਅਤੇ ਹੋਰ ਖਾੜੀ ਦੇਸ਼ਾਂ ਨਾਲ ਵਪਾਰ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਉੱਥੇ ਹੀ ਅੰਮ੍ਰਿਤਸਰ ਮਖੂ ਹੁੰਦਾ ਹੋਇਆ ਗੁਜਰਾਤ ਪੋਰਟ ਰਾਹੀਂ ਯੂਰਪ ਤਕ ਪਹੁੰਚ ਬਣਾਈ ਜਾ ਸਕਦੀ ਹੈ। ਉਨ੍ਹਾਂ ਹੈਰਾਨ. ਪ੍ਰਗਟ ਕਰਦਿਆਂ ਕਿਹਾ ਕਿ ਰਾਜ ਸਰਕਾਰ ਮਖੂ ਤੇ ਪੱਟੀ 25 ਕਿੱਲੋਮੀਟਰ ਰੇਲ ਲਿੰਕ ਨੂੰ ਜੋੜਨ ਲਈ ਵੀ ਆਨਾਕਾਨੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਨਾਲ ਏਅਰ ਕੁਨੈਕਟੀਵਿਟੀ ਵਧਾਉਣ ਦੇ ਉਪਰਾਲੇ ਕੀਤੇ ਜਾਣਗੇ। ਜਿਸ ਨਾਲ ਅੰਮ੍ਰਿਤਸਰ ਦੀ ਟੂਰਿਜ਼ਮ ਨੂੰ ਵਧਾਉਣ 'ਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਸਟਾਰਟਅੱਪ ਮੋਦੀ ਸਰਕਾਰ ਦਾ ਵਧੀਆ ਉਪਰਾਲਾ ਹੈ। ਨੌਜਵਾਨ ਆਪਣਾ ਕਾਰੋਬਾਰ ਸ਼ੁਰੂ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਮਹੀਨਾ ਪਹਿਲਾਂ ਭਾਰਤ-ਅਮਰੀਕਾ ਰਣਨੀਤਕ ਭਾਈਵਾਲੀ ਫੋਰਮ ਅਤੇ ਫਿੱਕੀ ਦੇ ਸਹਿਯੋਗ ਨਾਲ ਵਪਾਰ ਸੰਮੇਲਨ ਕਰਾਇਆ ਗਿਆ। ਉਸ ਦੇ ਇਕ ਮਹੀਨੇ ਬਾਅਦ ਹੀ ਅਮਰੀਕੀ ਨਾਗਰਿਕਾਂ ਅਤੇ ਪ੍ਰਵਾਸੀ ਭਾਰਤੀ ਭਾਈਚਾਰੇ ਵੱਲੋਂ ਇਕ 'ਵਿਕਸਿਤ ਅੰਮ੍ਰਿਤਸਰ ਇਨਵੈਸਟਮੈਂਟ' ਦਾ ਗਠਨ ਕਰਦਿਆਂ ਅੰਮ੍ਰਿਤਸਰ ਵਿੱਚ ਨੌਜਵਾਨ ਉੱਦਮੀਆਂ ਨੂੰ ਰੋਜ਼ਗਾਰ ਅਤੇ ਆਪਣਾ ਸਟਾਰਟ-ਅੱਪ ਸ਼ੁਰੂ ਕਰਨ 'ਚ ਮਦਦ ਕਰਨ ਲਈ ਇਕ ਸੌ ਮਿਲੀਅਨ ਡਾਲਰ ਭਾਵ ਕਿ 800 ਕਰੋੜ ਤੋਂ ਵੱਧ ਦੀ ਰਕਮ ਜੁਟਾਈ ਗਈ ਹੈ। ਉਨ੍ਹਾਂ ਕਿਹਾ ਕਿ ਜੋ ਮੇਰੇ ਦਾਦਾ ਜੀ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਨੇ ਮਾਝੇ ਦੀ ਸੇਵਾ ਕੀਤੀ ਅਤੇ ਮੇਰੇ ਪਿਤਾ ਸ. ਬਿਸ਼ਨ ਸਿੰਘ ਸਮੁੰਦਰੀ ਅਤੇ ਮਾਤਾ ਜਗਜੀਤ ਕੌਰ ਨੇ ਸਿੱਖਿਆ ਦੇ ਖੇਤਰ ਵਿਚ ਸੇਵਾ ਕੀਤੀ, ਹੁਣ ਮੇਰੀ ਵਾਰੀ ਹੈ ਕਿ ਮੈਂ ਵੀ ਓਵੇਂ ਹੀ ਲੋਕਾਂ ਦੀ ਸੇਵਾ ਕਰ ਸਕਾਂ। ਇਸ ਮੌਕੇ ਬੋਲਦਿਆਂ ਗੁਨਬੀਰ ਸਿੰਘ, ਸੰਸਥਾਪਕ ਚੇਅਰਮੈਨ, ਸੀ.ਆਈ.ਆਈ. ਅੰਮ੍ਰਿਤਸਰ ਅਤੇ ਪਿਛਲੀ ਚੇਅਰ ਸੀ.ਆਈ.ਆਈ. ਪੰਜਾਬ ਨੇ ਕਿਹਾ ਕਿ ਸੰਧੂ ਸਮੁੰਦਰੀ ਤੋਂ ਅਮ੍ਰਿਤਸਰ ਨੂੰ ਵਡੀ ਆਸ ਹੈ। ਉਨਾਂ ਕਿਹਾ ਕਿ ਉਦਯੋਗਿਕ ਖੇਤਰ ਅਤੇ ਵਪਾਰੀ ਮੁਨਾਫ਼ੇ ਦੀ ਉਮੀਦ ਕਰਦੇ ਹਨ। ਅਸੀਂ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਲੱਭ ਰਹੇ ਹਾਂ, ਜੋ ਸ਼ਹਿਰ ਦਾ ਆਦਰ ਕਰਨ ਅਤੇ ਵਾਤਾਵਰਣ ਦੇ ਨਾਲ ਟਿਕਾਊ ਅਤੇ ਗੁਣਵੱਤਾ ਲਈ ਉਤਸ਼ਾਹਿਤ ਕਰ ਸਕੇ। ਜਿਸ ਵਿਚ ਕਾਰਪੋਰੇਟ ਪਹਿਲਕਦਮੀਆਂ ਨੂੰ ਅੱਗੇ ਵਧਾਉਂਦਿਆਂ ਹਾਂ-ਪੱਖੀ ਕਾਰਵਾਈ, ਆਜੀਵਕਾ, ਵਿਭਿੰਨਤਾ ਪ੍ਰਬੰਧਨ, ਹੁਨਰ ਵਿਕਾਸ, ਔਰਤਾਂ ਦੇ ਸਸ਼ਕਤੀਕਰਨ ਅਤੇ ਟਿਕਾਊ ਵਿਕਾਸ ਸ਼ਾਮਲ ਹਨ। ਨਵਨੀਤ ਮਿੱਤਰ, ਚੇਅਰਮੈਨ ਅੰਮ੍ਰਿਤਸਰ ਜ਼ੋਨ ਨੇ ਕਿਹਾ ਕਿ ਪ੍ਰਦੂਸ਼ਣ ਨੂੰ ਦੂਰ ਕਰਨ ਲਈ ਉੱਦਮ ਕਰਨ ਦੀ ਲੋੜ ਹੈ। ਉਨ੍ਹਾਂ ਉਦਯੋਗ, ਸਰਕਾਰ ਅਤੇ ਨਾਗਰਿਕ ਸਮਾਜ ਦੀ ਭਾਈਵਾਲੀ ਨਾਲ ਵਿਕਾਸ ਲਈ ਅਨੁਕੂਲ ਮਾਹੌਲ ਬਣਾਉਣ ਅਤੇ ਕਾਇਮ ਰੱਖਣ 'ਤੇ ਜ਼ੋਰ ਦਿੱਤਾ। ਇਸ ਮੌਕੇ ਕੋ ਚੇਅਰਮੈਨ ਦਵਿੰਦਰ ਸਿੰਘ ਸਮੇਤ ਅੰਮ੍ਰਿਤਸਰ ਦੇ 15 ਵੱਖ-ਵੱਖ ਵਪਾਰਕ, ਉਦਯੋਗ ਸੰਗਠਨਾਂ, ਗੈਰ ਸਰਕਾਰੀ ਸੰਸਥਾਵਾਂ, ਸਿੱਖਿਆ ਸ਼ਾਸਤਰੀਆਂ ਅਤੇ ਨਾਗਰਿਕਾਂ ਦੇ ਨੁਮਾਇੰਦੇ ਸ਼ਾਮਿਲ ਹਨ।



# ਵਿਸ਼ਵ ਟੀਕਾਕਰਨ ਹਫਤੇ ਦੌਰਾਨ 5372 ਬੱਚਿਆਂ ਦਾ ਕੀਤਾ ਟੀਕਾਕਰਨ : ਡਾ. ਵਰਿੰਦਰਪਾਲ ਕੌਰ

**ਚੌਕ ਮਹਿਤਾ, 3 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਟੀਕਾਕਰਨ ਮੁਹਿੰਮ ਦੀ 50ਵੀ ਵਰ੍ਹੇਗੰਡ ਮੋਕੇ 24 ਅਪ੍ਰੈਲ ਤੋ 30 ਅਪ੍ਰੈਲ 204 ਤੱਕ ਜਿਲ੍ਹੇ ਭਰ ਵਿੱਚ "ਵਿਸ਼ਵ ਟੀਕਾਕਰਨ ਹਫਤਾ" ਮਨਾਇਆ ਗਿਆ। ਜਿਲ੍ਹਾ ਟੀਕਾਕਰਨ ਅਫਸਰ ਡਾ ਵਰਿੰਦਰਪਾਲ ਕੌਰ ਜੀ ਦੀ ਦੇਖ ਰੇਖ ਵਿੰਚ ਕੀਤੀ ਗਈ ਇਸ ਮੁਹਿੰਮ ਦੋਰਾਨ ਜਿਲ੍ਹੇ ਭਰ ਵਿੱਚ ਵੱਖ-ਵੱਖ ਥਾਈ ਵਿਸੇ.ਸ਼ ਟੀਕਾਕਰਨ ਸ਼ੈਸ਼ਨ ਲਗਾਏ ਗਏ ਅਤੇ ਨਾਲ ਹੀ ਜਾਗਰੂਕਤਾ ਸਮੱਗਰੀ ਵੀ ਵੰਡੀ ਗਈ,ਮਨਾਏ ਗਏ ਇਸ ਟੀਕਾਕਰਨ ਹਫਤੇ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਡਾ. ਵਰਿੰਦਰਪਾਲ ਕੋਰ ਨੇ ਦੱਸਿਆਂ ਕਿ ਟੀਕਾਕਰਨ ਪ੍ਰੋਗਰਾਮ ਇੱਕ ਮਜਬੂਤ ਬੁਨਿਆਦ ਦੇ ਰੂਪ ਵਿੱਚ ਉੱਭਰਿਆਂ ਹੈ, ਜ਼ੋ ਕਿ ਮਾਰੂ ਬਿਮਾਰੀਆਂ ਨੂੰ ਫੈਲਣ ਤੋ ਰੋਕਦਾ ਹੈ। ਇਸ ਨੂੰ ਮੁੱਖ ਰੱਖਦਿਆਂ ਹੀ ਇਸ ਵਿਸ਼ੇਸ਼ ਟੀਕਾਕਰਨ ਮੁਹਿੰਮ ਵਿੱਢੀ ਗਈ ਸੀ ਤਾਂ ਕਿ ਜ਼ੋ ਬੱਚੇ ਕਿਸੇ ਕਾਰਨ ਕਰਕੇ ਟੀਕਾਕਰਨ ਸਾਰਣੀ ਮੁਤਾਬਿਕ ਕਿਸੇ ਟੀਕੇ ਤੋ ਵਾਝੇ ਰਹਿ ਗਏ ਹੋਣ, ਉਹ ਆਪਣਾ ਟੀਕਾਕਰਨ ਪੂਰਾ ਕਰਵਾ ਸਕਣ ਡਾ. ਵਰਿੰਦਰਪਾਲ ਕੌਰ ਨੇ ਦੱਸਿਆਂ ਕਿ ਇਸ ਪੂਰੇ ਹਫਤੇ ਦੋਰਾਨ 407 ਵਿਸ਼ੇਸ਼ ਟੀਕਾਕਰਨ ਕੈਂਪ ਲਗਾਏ ਗਏ ਸਨ , ਇਹਨਾ ਕੈਪਾ ਵਿੱਚ ਵਿੱਚ 5372 ਬੱਚਿਆਂ ਦਾ ਟੀਕਾਕਰਨ ਕੀਤਾ ਗਿਆ। ਜਿਲ੍ਹੇ ਅੰਦਰ ਪੈਦੇ ਖਾਸ ਤੋਰ ਤੇ ਸ਼ਹਿਰੀ ਅਤੇ ਪ੍ਰਵਾਸੀ ਵੱਲੋ ਵਾਲੇ ਹੋਰ ਇਲਾਕੇ ਜਿਵੇ ਸਲੱਮ ਏਰੀਆਂ, ਝੁੱਗੀਆਂ , ਝੋਪੜੀਆਂ , ਭੱਠਿਆਂ , ਪਥੇਰਾ, ਗੁਜਰਾਂ, ਦੇ ਡੇਰੇ ਤੇ ਹੋਰ ਅਪਾਹੁੰਚ ਇਲਾਕਿਆਂ ਵਿੱਚ ਇਹ ਕੈਪ ਲਗਾਏ ਗਏ ਸਨ । ਉਨਾਂ ਕਿਹਾ ਕਿ ਹਿਸ ਪੂਰੇ ਹਫਤੇ ਦੋਰਾਨ ਸਲੱਮ ਏਰੀਏ ਦੀਆਂ ਮਾਵਾਂ ਨੂੰ ਜਾਗਰੂਕ ਕਰਦਿਆ ਉਨਾਂ ਨੂੰ ਆਪਣੇ ਬੱਚਿਆਂ ਮਾਰੂ ਬੀਮਾਰੀਆ ਤੋ ਬਚਾਉਣ ਲਈ ਟੀਕਾਕਰਨ ਕਰਵਾਉਣ ਲਈ ਕਿਹਾ ਗਿਆ



**ਬੀ.ਕੇ.ਯੂ.ਰਾਜੇਵਾਲ ਸਰਕਾਰ ਵੱਲੋਂ**

# ਖੇਤੀ ਸੈਕਟਰ ਨੂੰ ਬਦਨਾਮ ਕੀਤੇ ਜਾਣ ਦੀ ਨਿਖੇਧੀ

**ਧੂਰੀ ( ਰਣਜੀਤ ਸਿੰਘ ਪੇਧਨੀ )**ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਸਰਪ੍ਰਸਤ ਬਲਵਿੰਦਰ ਸਿੰਘ ਜੱਖਲਾਂ ਅਤੇ ਸ਼ੇਰਪੁਰ ਬਲਾਕ ਦੇ ਪ੍ਰਧਾਨ ਪ੍ਰੀਤਮ ਸਿੰਘ ਬਾਦਸ਼ਾਹਪੁਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜੱਥੇਬੰਦੀ ਦੇ ਕੌਮੀ ਪ੍ਰਧਾਨ ਬਲਵੀਰ ਸਿੰਘ ਰਾਜੇਵਾਲ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਸਰਕਾਰ ਵੱਲੋਂ ਖੇਤੀ ਸੈਕਟਰ ਨੂੰ ਜੋ ਬਦਨਾਮ ਕੀਤਾ ਜਾ ਰਿਹਾ ਹੈ, ਇਸਦੇ ਸਬੰਧ ਵਿੱਚ ਸਰਕਾਰ ਨੂੰ ਵੱਖ ਵੱਖ ਸੈਕਟਰ ਜਿਵੇਂਕਿ ਘਰੇਲੂ ਸੈਕਟਰ, ਇੰਡਸਟਰੀ, ਪਬਲਿਕ ਸੈਕਟਰ ਅਤੇ ਖੇਤੀ ਸੈਕਟਰ ਤੋਂ ਹੋ ਰਹੀ ਪਾਣੀ ਦੀ ਵਰਤੋਂ ਸਬੰਧੀ ਜਾਂਚ ਕਰਵਾਉਣ ਦੀ ਮੰਗ ਕੀਤੀ ਗਈ ਤਾਂ ਕਿ ਇਹ ਪਤਾ ਲੱਗ ਸਕੇ ਕਿ ਖੇਤੀ ਸੈਕਟਰ ਲਈ ਕਿੰਨਾ ਪਾਣੀ ਵਰਤਿਆ ਜਾ ਰਿਹਾ ਹੈ। ਖੇਤੀ ਸੈਕਟਰ ਨੂੰ ਬਦਨਾਮ ਕੀਤੇ ਜਾਣ ਦੀ ਨਿਖੇਧੀ ਕੀਤੀ ਗਈ ।ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਸਰਕਾਰ ਝੋਨਾ ਪਾਉਣ ਲਈ ਬਿਜਲੀ ਨੂੰ ਸਪਲਾਈ ਦੇਣ ਸਬੰਧੀ ਕਣਕ ਦੀ ਬਿਜਾਈ ਨੂੰ ਧਿਆਨ ਵਿੱਚ ਰੱਖਕੇ ਤੁਰੰਤ ਤਾਰੀਖ ਦਾ ਐਲਾਨ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਝੋਨਾ ਲਾਉਣ ਸਬੰਧੀ ਕੋਈ ਮੁਸ਼ਕਲ ਪੇਸ਼ ਨਾ ਆਵੇ। ਜੱਥੇਬੰਦੀ ਵੱਲੋਂ ਪਿੰਡਾਂ ਵਿੱਚ ਆਉਣ ਵਾਲੇ ਉਮੀਦਵਾਰਾਂ ਨੂੰ ਸ਼ਾਂਤਮਈ ਢੰਗ ਨਾਲ ਸਵਾਲ ਕੀਤੇ ਜਾਣ ਦਾ ਫ਼ੈਸਲਾ ਕੀਤਾ ਗਿਆ ।21 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਜਗਰਾਓ ਵਿਖੇ ਮਹਾ ਪੰਚਾਇਤ ਦਾਣਾ ਮੰਡੀ ਵਿਖੇ ਰੱਖੀ ਗਈ ਹੈ, ਜਿਸ ਵਿੱਚ ਕਿਸਾਨ, ਮਜਦੂਰ ਅਤੇ ਸਾਰੀਆਂ ਜੱਥੇਬੰਦੀਆਂ ਨੂੰ ਅਪੀਲ ਕੀਤੀ ਗਈ ਕਿ ਆਪੋ-ਆਪਣੇ ਸਾਧਨਾਂ ਤੇ ਝੰਡੇ, ਬੈਨਰ, ਬੈਜ ਲਗਾ ਕੇ ਪਹੁੰਚਣ ਦੀ ਅਪੀਲ ਕੀਤੀ ਗਈ ।ਇਸ ਮੌਕੇ ਗੁਰਜੀਤ ਸਿੰਘ ਭੜੀ ਮਾਨਸਾ ਜਨਰਲ ਸਕੱਤਰ, ਕਿਰਪਾਲ ਸਿੰਘ ਬਟੂਹਾ ਖਜਾਨਚੀ, ਮਲਕੀਤ ਸਿੰਘ ਜੱਖਲਾਂ ਪ੍ਰੈੱਸ ਸਕੱਤਰ, ਸੁਖਪਾਲ ਸਿੰਘ ਸੀ. ਮੀਤ ਪ੍ਰਧਾਨ ਕਾਂਝਲਾ, ਦੀਦਾਰ ਸਿੰਘ ਬਰੜ੍ਹਵਾਲ, ਜਗਰੂਪ ਸਿੰਘ ਦੋਹਲਾ, ਸ਼ੇਰ ਸਿੰਘ ਦੋਹਲਾ, ਗੁਰਮੁੱਖ ਸਿੰਘ ਜੱਖਲਾਂ, ਰਾਜ ਸਿੰਘ ਮੂਲੋਵਾਲ, ਰਣਧੀਰ ਸਿੰਘ ਬਟੂਹਾ, ਜਸਦੇਵ ਸਿੰਘ ਭੂੱਲਰਹੇੜੀ, ਗੁਰਨਾਮ ਸਿੰਘ ਕਾਂਝਲਾ, ਗੁਰਬਚਨ ਸਿੰਘ ਹਰੰਚਦਪੁਰ ਆਦਿ ਵੀ ਹਾਜਰ ਸਨ।



# ਸ਼੍ਰੋਮਣੀ ਅਕਾਲੀ ਦਲ ਲੋਕ ਸਭਾ ਚੋਣਾਂ ਭਾਰੀ ਬਹੁਮਤ ਨਾਲ ਜਿੱਤੇਗੀ: ਲਖਜਿੰਦਰ ਸਿੰਘ ਭੁੱਲਰ

**ਚੌਕ ਮਹਿਤਾ, 3 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਪੰਜਾਬ ਯੂਥ ਦੇ ਕੌਮੀ ਜਨਰਲ ਸਕੱਤਰ ਲਖਜਿੰਦਰ ਸਿੰਘ ਭੁੱਲਰ ਮਹਿਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਭਾਰੀ ਬਹੁਮਤ ਹਾਸਲ ਕਰੇਗੀ ਲੋਕ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਜੋ ਵੀ ਵਾਅਦਾ ਕਰੇਗੀ ਉਸਨੂੰ ਪੂਰਾ ਕੀਤਾ ਜਾਵੇਗਾ ਇਸ ਮੌਕੇ ਲਖਜਿੰਦਰ ਸਿੰਘ ਭੁੱਲਰ ਯੂਥ ਦੇ ਕੌਮੀ ਜਨਰਲ ਸਕੱਤਰ ਵਲੋ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸ੍ਰ ਗੁਲਜ਼ਾਰ ਸਿੰਘ ਰਣੀਕੇ ਦਾ ਅਸ਼ੀਰਵਾਦ ਲਿਆ ਅਤੇ ਮੂੰਹ ਮਿੱਠਾ ਕਰਵਾਇਆ ਇਸ ਮੌਕੇ ਸੁੱਖ ਢਿੱਲੋ ਕੌਮੀ ਜਨਰਲ ਸਕੱਤਰ ਯੂਥ ਅਕਾਲੀ ਦਲ, ਭੁਪਿੰਦਰ ਸਿੰਘ ਸਾਘਣਾ ਕੌਮੀ ਸਕੱਤਰ ਯੂਥ ਅਕਾਲੀ ਦਲ ਹਾਜਰ ਸਨ।



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਦਾ ਨਤੀਜਾ ਰਿਹਾ ਸ਼ਾਨਦਾਰ




**ਚੌਕ ਮਹਿਤਾ, 3 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਾਨਦਾਰ ਰਿਹਾ ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਵਲੋ ਅਵੱਲ ਆਉਣ ਵਾਲੇ ਵਿਦਿਆਰਥੀਆ ਨੂੰ ਸਕੂਲ ਵਿਖੇ ਸਨਮਾਨਿਤ ਕੀਤਾ ਗਿਆ ਵਿਦਿਆਰਥੀਆ ਦਾ ਮੂੰਹ ਮਿੱਠਾ ਕਰਵਾਉਣ ਉਪਰੰਤ ਪ੍ਰਿੰਸੀਪਲ ਮੈਡਮ ਨੇ ਦੱਸਿਆ ਕਿ ਬਾਰਵੀਂ ਜਮਾਤ ਦੇ ਕੁੱਲ 77 ਵਿਦਿਆਰਥੀਆ ਵਿੱਚੋ ਪੰਜ ਵਿਦਿਆਰਥੀਆ ਨੇ 90% ਤੋ ਵੱਧ ਅਤੇ 21 ਵਿਦਿਆਰਥੀਆ ਨੇ 80% ਤੋ ਵੱਧ ਅੰਕ ਪ੍ਰਾਪਤ ਕੀਤੇ ਹਨ ਦਸਵੀਂ ਜਮਾਤ ਦੇ 10 ਵਿਦਿਆਰਥੀਆ ਨੇ 80% ਤੋ ਵੱਧ ਅੰਕ ਪ੍ਰਾਪਤ ਕੀਤੇ ਅੱਠਵੀਂ ਕਲਾਸ ਦੇ ਤਿੰਨ ਵਿਦਿਆਰਥੀਆ ਨੇ 90 % ਤੋ ਵੱਧ ਅਤੇ 19 ਵਿਦਿਆਰਥੀਆ ਨੇ 80% ਤੋ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਨੇ ਸਕੂਲ ਦੇ ਬਾਕੀ ਵਿਦਿਆਰਥੀਆਂ ਨੂੰ ਆਉਣ ਵਾਲੇ ਸਾਲ ਵਿੱਚ ਵਧੀਆ ਪ੍ਰਦਰਸ਼ਨ ਕਰਨ ਲਈ ਮਿਹਨਤ ਕਰਨ ਲਈ ਪ੍ਰੇਰਿਆ ਸਨਮਾਨਿਤ ਹੋਣ ਵਾਲੇ ਵਿਦਿਆਰਥੀਆ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਅਧਿਆਪਕਾਂ ਵਲੋ ਕਰਵਾਈ ਗਈ ਮਿਹਨਤ ਅਤੇ ਪ੍ਰਿੰਸਿਪਲ ਮੈਡਮ ਦੀ ਯੋਗ ਅਗਵਾਈ ਨੂੰ ਦਿੱਤਾ ਗਿਆ ਇਸ ਮੌਕੇ ਲੈਕ ਮਨਜੀਤ ਕੌਰ, ਲੈਕ ਹਰਜੀਤ ਕੌਰ,ਲੈਕ ਬਬੀਤਾ ਧਵਨ,ਲੈਕ ਮਨਪ੍ਰੀਤ ਕੌਰ,ਲੈਕ ਪ੍ਰਦੀਪ ਕਾਲੀਆ,ਲੈਕ ਕਮਲ ਕੁਮਾਰ, ਸ੍ਰ ਸੁਖਦੇਵ ਸਿੰਘ, ਸ੍ਰ ਹਰਮਨਪ੍ਰੀਤ ਸਿੰਘ, ਸ੍ਰੀ ਮਤੀ ਜਸਵਿੰਦਰ ਕੌਰ,ਸ੍ਰੀ ਮਤੀ ਸੋਨੀਆ ਸੇਠੀ,ਸ੍ਰੀ ਮਤੀ ਸਤਿੰਦਰਜੀਤ ਕੌਰ, ਸ੍ਰ ਸੁਖਦੇਵ ਸਿੰਘ, ਸ੍ਰੀ ਕੇਵਲ ਕ੍ਰਿਸ਼ਨ ਅਤੇ ਸਮੂਹ ਸਟਾਫ ਹਾਜਰ ਸੀ ।।

# ਡਾ ਸੰਜੀਵ ਕੁਮਾਰ ਕੋਹਲੀ ਵਲੋਂ ਸਿਵਲ ਸਰਜਨ ਤਰਨਤਾਰਨ ਵਜੋਂ ਸੰਭਾਲਿਆ ਅਹੁਦਾ



**ਚੌਕ ਮਹਿਤਾ, 3 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਡਾ ਸੰਜੀਵ ਕੁਮਾਰ ਕੋਹਲੀ ਵਲੋਂ ਬਤੌਰ ਸਿਵਲ ਸਰਜਨ ਤਰਨਤਾਰਨ ਦਾ ਅਹੁਦਾ ਸੰਭਾਲ ਲਿਆ ਗਿਆ ਹੈ ਇਸ ਮੌਕੇ ਤੇ ਸਮੂਹ ਸਿਹਤ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਉਪੰਰਤ ਉਹਨਾਂ ਵਲੋਂ ਮਾਨਯੋਗ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਕੁਮਾਰ ਜੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ, ਜਿਸ ਵਿਚ ਮਾਨਯੋਗ ਡਿਪਟੀ ਕਮਿਸ਼ਨਰ ਜੀ ਨੇ ਕਿਹਾ ਕਿ ਸਿਹਤ ਵਿਭਾਗ ਦੇ ਸਾਰੇ ਪ੍ਰੋਗਰਾਮ ਅਤੇ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪੁੰਚਾਉਣਾਂ ਉਹਨਾਂ ਦਾ ਮੁੱਖ ਮੰਤਵ ਹੋਣਾਂ ਚਾਹੀਦਾ ਹੈ ਅਤੇ ਜਿਲ੍ਹੇ ਭਰ ਵਿਚ ਸਿਹਤ ਸਹੂਲਤਾਂ ਦੇ ਮਿਆਰ ਨੂੰ ਹੋਰ ਉੱਚਾ ਚੁਕਣ ਲਈ ਹਰ ਸੰਭਵ ਯਤਨ ਕੀਤੇ ਜਾਣੇ ਚਾਹੀਦੇ ਹਨ। ਇਸ ਮੌਕੇ ਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਵਰਿੰਦਰ ਪਾਲ ਕੌਰ, ਸਹਾਇਕ ਸਿਵਲ ਸਰਜਨ ਡਾ ਦੇਵੀਬਾਲਾ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ ਗੁਪਤਾ, ਜਿਲਾ ਸਿਹਤ ਅਫਸਰ ਡਾ ਸੁਖਬੀਰ ਕੌਰ, ਡਿਪਟੀ ਮੈਡੀਕਲ ਕਮਿਸ਼ਨਰ ਡਾ ਸੰਦੀਪ ਸਿੰਘ ਕਾਲੜਾ, ਸੀਨੀਅਰ ਮੈਡੀਕਲ ਅਫਸਰ ਡਾ ਰਮਨਦੀਪ ਸਿੰਘ ਪੱਡਾ, ਡੀ.ਡੀ.ਐਚ.ਓ. ਡਾ ਸੰਦੀਪ ਬੰਬਰਾ, ਜਿਲ੍ਹਾ ਐਪੀਡਿਮੋਲੋਜਿਸਟ ਡਾ ਸਿਮਰਨ ਕੌਰ, ਡਾ ਸੁਖਜਿੰਦਰ ਸਿੰਘ, ਡਾ ਅਮਨਦੀਪ ਸਿੰਘ, ਡਾ ਰਨਦੀਪ ਸਿੰਘ, ਜਿਲ੍ਹਾ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ, ਗੁਰਦੇਵ ਸਿੰਘ, ਰਜਵੰਤ ਸਿੰਘ ਅਤੇ ਸਮੂਹ ਸਟਾਫ ਹਾਜਰ ਸੀ